ਚੜ੍ਹਦੀਕਲਾ ਪੜ੍ਹੋ
ਚੜ੍ਹਦੀਕਲਾ 'ਚ ਰਹੋ
ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ ਲਈ
ਆਪਣੇ ਅਖ਼ਬਾਰ ਏਜੰਟ ਤੋਂ ਚੜ੍ਹਦੀਕਲਾ ਦੀ ਮੰਗ ਕਰੋ

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

# ਚੜ੍ਹਦੀਕਲਾ

ਮੁੱਖ ਸੰਪਾਦਕ : ਡਾ. ਜਗਜੀਤ ਸਿੰਘ 'ਦਰਦੀ' DAILY CHARHDIKALA, CHANDIGARH ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ
ਸੰਪਾਦਕ : ਦਮਨਦੀਪ ਸਿੰਘ

(Thursday, 16 April 2026 ) ਚੰਡੀਗੜ੍ਹ, ਵੀਰਵਾਰ, 16 ਅਪ੍ਰੈਲ, 2026, 3 ਵੈਸਾਖ ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083

ਚੜ੍ਹਦੀਕਲਾ
ਦੇ ਪੱਤਰਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕੋਈ ਵੀ ਪ੍ਰੈੱਸ ਨੋਟ, ਖ਼ਬਰ ਜਾਂ ਇਸ਼ਤਿਹਾਰ
news@charhdikala.com
ਉੱਤੇ ਹੀ ਭੇਜਿਆ ਜਾਵੇ ਜੀ

PRGI (RNI) Regd. No. CHPUN/25/A1790 ਸਾਲ (Year) 2 ਅੰਕ ਨੰਬਰ (Volume No.) 104 ਮੁੱਲ : 2.00 ਰੁਪਏ ਫ਼ੋਨ: +91-92168-07500 E-mail: news@charhdikala.com

## ਚੰਡੀਗੜ੍ਹ 'ਚ ਮਰਦਮਸ਼ੁਮਾਰੀ ਅੱਜ ਤੋਂ 2250 ਮੁਲਾਜ਼ਮ ਭੇਜੇ ਜਾਣਗੇ ਫੀਲਡ 'ਚ

**ਕਮਲਜੀਤ ਸਿੰਘ ਬਨਵੈਤ**
==================

ਚੰਡੀਗੜ੍ਹ, 15 ਅਪ੍ਰੈਲ: ਚੰਡੀਗੜ੍ਹ ਵਿੱਚ ਦੇਸ਼ ਦੀ 16 ਵੀਂ ਮਰਦਮਸ਼ੁਮਾਰੀ ਵੀਰਵਾਰ ਤੋਂ ਸ਼ੁਰੂ ਹੋਣ ਜਾ ਰਹੀ ਹੈ। ਇਹ ਪ੍ਰਕਿਰਿਆ 2011 ਤੋਂ ਬਾਅਦ ਹੋ ਰਹੀ ਹੈ ਜੋ ਕਰੋਨਾ ਮਹਾਂਮਾਰੀ ਕਾਰਨ ਦੇਰੀ ਦਾ ਸ਼ਿਕਾਰ ਹੋ ਰਹੀ ਹੈ। ਆਮ ਕਰਕੇ ਹਰ ਦਸ ਸਾਲ ਬਾਅਦ ਮੁਲਕ ਵਿੱਚ ਮਰਦਮਸ਼ੁਮਾਰੀ ਕਰਵਾਈ ਜਾਂਦੀ ਹੈ। ਡਾਇਰੈਕਟਰ ਮਰਦਮਸ਼ੁਮਾਰੀ ਡਾਕਟਰ ਨਵਜੋਤ ਖੋਸਾ ਅਤੇ ਡਿਪਟੀ ਕਮਿਸ਼ਨਰ ਕਮ ਪ੍ਰਿੰਸੀਪਲ ਸੈਂਸਸ ਅਫਸਰ ਨੂੰ ਸ਼ਾਂਤ ਕੁਮਾਰ ਯਾਦਵ ਨੇ ਸਾਂਝੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਜ਼ਾਦੀ ਤੋਂ ਬਾਅਦ ਦੇਸ਼ ਦੀ ਮਰਦਮਸ਼ੁਮਾਰੀ ਹੈ ਜੋ ਪੂਰੀ ਤਰ੍ਹਾਂ ਡਿਜੀਟਲ ਢੰਗ ਨਾਲ ਕਰਵਾਈ ਜਾਵੇਗੀ। ਪ੍ਰਸ਼ਾਸਨ ਮੁਤਾਬਿਕ ਮਰਦਮਸ਼ੁਮਾਰੀ ਦੋ ਪੜਾਵਾਂ ਵਿੱਚ ਮੁਕੰਮਲ ਹੋਵੇਗੀ ਪਹਿਲਾ ਪੜਾਅ ਮਕਾਨ ਸੂਚੀ ਕਰਨ ਅਤੇ ਰਿਹਾਇਸ਼ੀ ਗਣਨਾ 'ਤੇ ਕੇਂਦਰਿਤ ਹੋਵੇਗਾ ਜਦਕਿ ਦੂਜੇ ਪੜਾਅ ਵਿੱਚ ਆਬਾਦੀ ਦੀ ਗਿਣਤੀ ਕੀਤੀ ਜਾਵੇਗੀ। ਪਹਿਲੇ ਪੜਾਅ ਦੇ ਤਹਿਤ 16 ਤੋਂ 30 ਅਪ੍ਰੈਲ ਤੱਕ ਆਨਲਾਈਨ ਸਵੈ-ਗਣਨਾ ਅਤੇ ਇਕ ਤੋਂ 30 ਮਈ ਤੱਕ ਘਰ ਘਰ ਜਾ ਕੇ ਡਾਟਾ ਇਕੱਠਾ ਕੀਤਾ ਜਾਵੇਗਾ। ਦੂਜਾ ਪੜਾਅ ਫਰਵਰੀ 2027 ਵਿੱਚ ਕਰਵਾਇਆ ਜਾਵੇਗਾ।



ਕੁੱਲ 2045 ਹਾਊਸ ਲਿਸਟਿੰਗ ਬਲਾਕ ਬਣਾਏ ਗਏ ਹਨ ਇਸ ਵਾਰ ਮਰਦਮਸ਼ੁਮਾਰੀ ਪੂਰੀ ਤਰ੍ਹਾਂ ਡਿਜੀਟਲ ਮੋਡ ਵਿੱਚ ਹੋਵੇਗੀ। ਮਰਦਮਸ਼ੁਮਾਰੀ ਫਾਰਮਾਂ ਦੀ ਬਜਾਏ ਮੋਬਾਇਲ ਐਪ ਰਾਹੀਂ ਡਾਟਾ ਇਕੱਠਾ ਕਰਨਗੇ, ਨਾਲ ਹੀ ਨਾਗਰਿਕਾਂ ਨੂੰ ਪਹਿਲੀ ਵਾਰ ਆਨਲਾਈਨ ਪੋਰਟਲ ਰਾਹੀਂ ਜਾਣਕਾਰੀ ਖੁਦ ਭਰਨ ਦੀ ਸਹੂਲਤ ਮਿਲੇਗੀ। ਪੋਰਟਲ 'ਤੇ ਘਰ ਦੀ ਸਥਿਤੀ ਸਹੂਲਤਾਂ ਅਤੇ ਜਾਇਦਾਦ ਸਬੰਧੀ 33 ਸਵਾਲ ਪੁੱਛੇ ਜਾਣਗੇ ਅਤੇ ਜਾਣਕਾਰੀ ਭਰਨ ਤੋਂ ਬਾਅਦ ਇੱਕ ਵਿਸ਼ੇਸ਼ ਆਈਡੀ ਜਨਰੇਟ ਹੋਵੇਗੀ।

ਅਧਿਕਾਰੀਆਂ ਨੇ ਭਰੋਸਾ ਦਵਾਇਆ ਹੈ ਕਿ ਇਕੱਠੀ ਕੀਤੀ ਜਾਣਕਾਰੀ ਕਾਨੂੰਨੀ ਤੌਰ 'ਤੇ ਪੂਰੀ ਤਰ੍ਹਾਂ ਗੁਪਤ ਰਹੇਗੀ ਅਤੇ ਇਸ ਦੀ ਵਰਤੋਂ ਸਿਰਫ ਸਰਕਾਰੀ ਨੀਤੀਆਂ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਸਕੀਮਾਂ ਲਈ ਕੀਤੀ ਜਾਵੇਗੀ। ਕਿਸੇ ਵੀ ਵਿਅਕਤੀਗਤ ਜਾਣਕਾਰੀ ਨੂੰ ਜਨਤਕ ਨਹੀਂ ਕੀਤਾ ਜਾਵੇਗਾ। ਪ੍ਰਸ਼ਾਸਨ ਨੇ ਇਹ ਵੀ ਸਪਸ਼ਟ ਕੀਤਾ ਹੈ ਕਿ ਮਰਦਮਸ਼ੁਮਾਰੀ ਨੂੰ ਸਾਰੀਆਂ ਟੀਮਾਂ ਵੱਲੋਂ ਕਿਸੇ ਵੀ ਨਾਗਰਿਕ ਤੋਂ ਆਧਾਰ ਕਾਰਡ ਪੈਨ ਕਾਰਡ ਬੈਂਕ ਵੇਰਵੇ ਜਾਂ ਓਟੀਪੀ ਨਹੀਂ ਮੰਗਿਆ ਜਾਵੇਗਾ। ਨਾਗਰਿਕਾਂ ਨੂੰ ਸ਼ੱਕੀ ਲਿੰਕਾਂ ਤੋਂ ਵੀ ਸਾਵਧਾਨ ਰਹਿਣ ਦੀ ਅਪੀਲ ਕੀਤੀ ਗਈ ਹੈ। ਪ੍ਰਸ਼ਾਸਨ ਨੇ ਨਾਗਰਿਕਾਂ ਅਤੇ ਮੀਡੀਆ ਨੂੰ ਅਪੀਲ ਕੀਤੀ ਹੈ ਕਿ ਅਫਵਾਹਾਂ ਤੋਂ ਦੂਰ ਰਹਿੰਦੇ ਹੋਏ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਸਹੀ ਜਾਣਕਾਰੀ ਦੇ ਕੇ ਮਰਦਮਸ਼ੁਮਾਰੀ ਪ੍ਰਕਿਰਿਆ ਵਿੱਚ ਪੂਰਾ ਸਹਿਯੋਗ ਦਿੱਤਾ ਜਾਵੇ।

## ਕਮਿਊਨਿਟੀ ਹੈਲਥ ਸੈਂਟਰ ਲਹਿਰਾਗਾਗਾ ਵਿਖੇ ਓ.ਪੀ.ਡੀ. ਤੇ ਆਈ.ਪੀ.ਡੀ. ਸੇਵਾਵਾਂ ਸ਼ੁਰੂ

### ਕੈਬਨਿਟ ਮੰਤਰੀ ਚੀਮਾ, ਡਾ.ਬਲਬੀਰ ਸਿੰਘ ਅਤੇ ਬਰਿੰਦਰ ਗੋਇਲ ਨੇ ਕਰਵਾਈ ਸ਼ੁਰੂਆਤ

ਚੰਡੀਗੜ੍ਹ/ਲਹਿਰਾਗਾਗਾ, 15 ਅਪ੍ਰੈਲ (ਚ. ਨ. ਸ.): ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਡਾ. ਬਲਬੀਰ ਸਿੰਘ ਅਤੇ ਬਰਿੰਦਰ ਕੁਮਾਰ ਗੋਇਲ ਵੱਲੋਂ ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਅਤੇ ਹਸਪਤਾਲ ਖੋਲ੍ਹਣ ਦੇ ਪੰਜਾਬ ਸਰਕਾਰ ਵੱਲੋਂ ਲਏ ਗਏ ਇਤਿਹਾਸਕ ਫੈਸਲੇ ਦੇ ਪਹਿਲੇ ਕਦਮ ਅਤੇ ਲੋਕਾਂ ਨੂੰ ਫੌਰੀ ਤੌਰ ਉੱਤੇ ਮੈਡੀਕਲ ਸਹੂਲਤਾਂ ਦੇਣ ਲਈ ਲਹਿਰਾਗਾਗਾ ਵਿਚਲੇ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ.ਸੀ) ਵਿਖੇ ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਦੀ ਸਹੂਲਤ ਸਮੇਤ ਓ.ਪੀ.ਡੀ. ਅਤੇ ਆਈ.ਪੀ.ਡੀ. ਸੇਵਾਵਾਂ ਸ਼ੁਰੂ ਕਰਵਾਈਆਂ ਗਈਆਂ। ਇਸ ਕਮਿਊਨਿਟੀ ਹੈਲਥ ਸੈਂਟਰ, ਜੋ ਪਹਿਲਾਂ ਕਾਫੀ ਖਸਤਾ ਹਾਲ ਵਿੱਚ ਸੀ, ਦੀ ਮੁਕੰਮਲ ਕਾਇਆ-ਕਲਪ ਕੀਤੀ ਗਈ ਹੈ। ਇਸ ਨਾਲ ਲਹਿਰਾਗਾਗਾ ਸਮੇਤ ਇਸ ਦੇ 50 ਕਿਲੋਮੀਟਰ ਘੇਰੇ ਵਿਚਲੇ ਪਿੰਡਾਂ ਅਤੇ ਕਸਬਿਆਂ ਨੂੰ ਲਾਭ ਹੋਵੇਗਾ।



ਸੀ.ਐਚ.ਸੀ. ਲਹਿਰਾਗਾਗਾ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਮੈਡੀਕਲ ਸੇਵਾਵਾਂ ਜਨਹਿਤ ਟਰੱਸਟ ਦੇ ਯੂਨਿਟ, ਅਚਾਰਿਆ ਵਿਦਿਆਨੰਦ ਜੈਨ ਇੰਸਟੀਟਿਊਟ ਆਫ ਮੈਡੀਕਲ ਸਾਇੰਸਿਜ਼ ਐਂਡ ਰਿਸਰਚ ਵੱਲੋਂ ਨਿਭਾਈਆਂ ਜਾਣਗੀਆਂ। ਇਸ ਉਪਰਾਲੇ ਨਾਲ ਲਹਿਰਾਗਾਗਾ ਦੀ ਪਛਾਣ ਹੁਣ ਸੰਗਰੂਰ ਤੱਕ ਨਹੀਂ, ਸਗੋਂ ਪੂਰੀ ਦੁਨੀਆਂ ਵਿੱਚ ਸਥਾਪਤ ਹੋਵੇਗੀ। ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸਪੱਸ਼ਟ ਦੱਸਿਆ ਕਿ ਇਸ ਸਿਹਤ ਸੰਸਥਾ ਨੂੰ ਕਿਸੇ ਵੀ ਰੂਪ ਵਿੱਚ ਨਿੱਜੀ ਹੱਥਾਂ ਵਿੱਚ ਨਹੀਂ ਦਿੱਤਾ ਜਾ ਰਿਹਾ। ਸਰਕਾਰ ਦਾ ਫ਼ਰਜ਼ ਹੈ ਕਿ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦਿੱਤੀਆਂ ਜਾਣ, ਇਸੇ ਤਹਿਤ ਜਨਹਿਤ ਟਰੱਸਟ ਦੇ ਯੂਨਿਟ, ਅਚਾਰਿਆ ਵਿਦਿਆਨੰਦ ਜੈਨ ਇੰਸਟੀਟਿਊਟ ਆਫ ਮੈਡੀਕਲ ਸਾਇੰਸਿਜ਼ ਐਂਡ ਰਿਸਰਚ ਨੂੰ ਸੌਂਪੀਆਂ ਗਈਆਂ ਹਨ, ਜਿਨਾਂ ਦਾ ਮਕਸਦ ਸਿਰਫ ਮਨੁੱਖਤਾ ਦੀ ਸੇਵਾ ਕਰਨਾ ਹੈ ਨਾਕਿ ਮੁਨਾਫ਼ਾ ਕਮਾਉਣਾ। ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿਨ-ਰਾਤ ਇੱਕ ਕਰਕੇ ਕੀਤੇ ਯਤਨਾਂ ਸਦਕਾ ਬੰਦ ਪਏ ਬਾਬਾ ਹੀਰਾ ਸਿੰਘ ਭੱਠਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੌਜੀ ਨੂੰ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਰੂਪ ਵਿੱਚ ਮੁੜ ਸ਼ੁਰੂ ਕੀਤਾ ਜਾ ਰਿਹਾ ਹੈ। ਇਹ ਮੈਡੀਕਲ ਕਾਲਜ ਮੂਨਕ ਤੇ ਖਨੌਰੀ ਦੋਵਾਂ ਖੇਤਰਾਂ ਨੂੰ ਕਵਰ ਕਰੇਗਾ ਅਤੇ ਉੱਥੋਂ ਦੇ ਹਸਪਤਾਲ ਵੀ ਇਸ ਕਾਲਜ ਜ਼ਰੀਏ ਚੱਲਣਗੇ। ਸਿਹਤ ਮੰਤਰੀ ਨੇ ਕਿਹਾ ਕਿ ਕਦੇ ਇਸ ਖੇਤਰ ਵਿੱਚ ਮਾਹਰ ਡਾਕਟਰਾਂ ਅਤੇ ਸਿਹਤ ਸਹੂਲਤਾਂ ਦੀ ਵੱਡੀ ਕਮੀ ਸੀ ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਖੇਤਰ ਵੱਲ ਵਿਸ਼ੇਸ਼ ਧਿਆਨ ਦਿੰਦੇ ਹੋਏ ਇਥੇ ਮੈਡੀਕਲ ਕਾਲਜ ਤੇ ਹਸਪਤਾਲ ਸਥਾਪਤ ਕਰ ਰਹੀ ਹੈ। ਇਸ ਨਾਲ ਇਸ ਖੇਤਰ ਨੂੰ ਨਾ ਸਿਰਫ ਬਿਹਤਰ ਸਿਹਤ ਸਹੂਲਤਾਂ ਮਿਲਣਗੀਆਂ, ਸਗੋਂ ਇਸ ਸਮੁੱਚੇ ਹਲਕੇ ਦਾ ਵੱਡੇ ਪੱਧਰ ਉੱਤੇ ਆਰਥਿਕ ਵਿਕਾਸ ਹੋਵੇਗਾ ਅਤੇ ਵੱਡੇ ਪੱਧਰ ਉੱਤੇ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ। ਸਿਹਤ ਮੰਤਰੀ ਵੱਲੋਂ ਇਸ ਕਮਿਊਨਿਟੀ ਹੈਲਥ ਸੈਂਟਰ ਵਿਖੇ ਸੇਵਾਵਾਂ ਨਿਭਾਉਣ ਵਾਲੇ ਸਪੈਸ਼ਲਿਸਟ ਡਾਕਟਰਾਂ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਕੈਬਨਿਟ ਮੰਤਰੀ ਗੋਇਲ ਨੇ ਦੱਸਿਆ ਕਿ ਮੈਡੀਕਲ ਕਾਲਜ ਦੇ ਪ੍ਰੋਜੈਕਟ ਨੂੰ ਇੱਥੇ ਤੱਕ ਲੈ ਕੇ ਆਉਣ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਬਹੁਤ ਸਹਿਯੋਗ ਰਿਹਾ, ਜਿਸ ਲਈ ਉਹ ਉਨ੍ਹਾਂ ਦੇ ਧੰਨਵਾਦੀ ਹਨ। ਗੋਇਲ ਨੇ ਦੱਸਿਆ ਕਿ ਅਗਲੇ ਸਾਲ ਮੈਡੀਕਲ ਕਾਲਜ ਵਿਖੇ ਨਰਸਿੰਗ ਦੀਆਂ ਕਲਾਸਾਂ ਸ਼ੁਰੂ ਹੋਣਗੀਆਂ। ਇਸ ਦੇ ਨਾਲ-ਨਾਲ ਐਮ.ਡੀ. ਅਤੇ ਐਮ.ਐਸ. ਦੀਆਂ ਕਲਾਸਾਂ ਵੀ ਸ਼ੁਰੂ ਕੀਤੀਆਂ ਜਾਣਗੀਆਂ। ਕੈਬਨਿਟ ਮੰਤਰੀ ਨੇ ਕਿਹਾ ਕਿ ਬਹੁਤੀ ਵਾਰ ਇਸ ਖੇਤਰ ਨਾਲ ਸਬੰਧਤ ਵਿਦਿਆਰਥੀ, ਜਿਹੜੇ ਬਹੁਤ ਕਾਬਲ ਹੁੰਦੇ ਸਨ ਪਰ ਸਹੂਲਤਾਂ ਦੀ ਘਾਟ ਕਰਕੇ ਉਹ ਡਾਕਟਰ ਬਣਨ ਤੋਂ ਰਹਿ ਜਾਂਦੇ ਸਨ ਪਰ ਹੁਣ ਉਹ ਵਿਦਿਆਰਥੀ ਆਪਣੇ ਸੁਪਨੇ ਸਾਕਾਰ ਕਰ ਸਕਣਗੇ।

## ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ ਘਰ ਸਮੇਤ 9 ਟਿਕਾਣਿਆਂ 'ਤੇ ਈਡੀ ਦੀ ਛਾਪੇਮਾਰੀ

ਚੰਡੀਗੜ੍ਹ, 15 ਅਪ੍ਰੈਲ (ਚ. ਨ. ਸ.): ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ 9 ਟਿਕਾਣਿਆਂ 'ਤੇ 6 ਇਨਫੋਰਸਮੈਂਟ ਡਾਇਰੈਕਟੋਰੇਟ ਨੇ ਛਾਪੇ ਮਾਰੇ। ਅੱਜ ਸਵੇਰੇ ਈਡੀ ਦੀਆਂ ਟੀਮਾਂ ਜਲੰਧਰ ਵਿਚ ਉਨ੍ਹਾਂ ਦੇ ਘਰ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਸਮੇਤ ਹੋਰ ਥਾਵਾਂ 'ਤੇ ਪਹੁੰਚੀਆਂ ਜਿਨ੍ਹਾਂ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਘਰ ਦੇ ਬਾਹਰ ਪੁਲਿਸ ਤਾਇਨਾਤ ਕੀਤੀ ਗਈ ਹੈ ਅਤੇ ਅਸ਼ੋਕ ਮਿੱਤਲ ਇਸ ਵੇਲੇ ਆਪਣੇ ਜਲੰਧਰ ਵਾਲੇ ਘਰ ਵਿਚ ਮੌਜੂਦ ਹਨ।




ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਈਡੀ ਵੱਲੋਂ ਇਹ ਰੇਡ ਮਨੀ ਲਾਂਡਰਿੰਗ ਨਾਲ ਜੁੜੇ ਮਾਮਲੇ ਵਿਚ ਕੀਤੀ ਗਈ ਹੈ, ਜਿਸ ਨੂੰ ਅਸ਼ੋਕ ਮਿੱਤਲ ਅਤੇ ਉਨ੍ਹਾਂ ਦੇ ਬੇਟੇ ਨਾਲ ਜੋੜਿਆ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਲਗਭਗ 12 ਦਿਨ ਪਹਿਲਾਂ ਆਮ ਆਦਮੀ ਪਾਰਟੀ ਨੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੂੰ ਰਾਜ ਸਭਾ ਦੇ ਉਪ-ਨੇਤਾ ਦੇ ਅਹੁਦੇ ਤੋਂ ਹਟਾ ਦਿੱਤਾ ਸੀ। ਇਸ ਤੋਂ ਬਾਅਦ ਅਸ਼ੋਕ ਮਿੱਤਲ ਨੂੰ ਉਪ-ਨੇਤਾ ਬਣਾਇਆ ਗਿਆ। ਅਸ਼ੋਕ ਮਿੱਤਲ ਪੰਜਾਬ ਦੀ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਫਾਊਂਡਰ ਅਤੇ ਚਾਂਸਲਰ ਹਨ। ਉਹ 2022 ਵਿਚ ਰਾਜ ਸਭਾ ਸੰਸਦ ਬਣੇ ਸਨ।

ਜਾਣਕਾਰੀ ਅਨੁਸਾਰ ਈਡੀ ਦੀ ਦਿੱਲੀ ਟੀਮ ਨੇ ਜਲੰਧਰ ਅਤੇ ਫਗਵਾੜਾ ਵਿਚ ਲਵਲੀ ਗਰੁੱਪ ਦੀਆਂ ਕਈ ਥਾਵਾਂ ਤੇ ਛਾਪੇਮਾਰੀ ਕੀਤੀ ਹੈ। ਛਾਪੇਮਾਰੀ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਲਵਲੀ ਆਟੋਜ਼, ਲਵਲੀ ਸਵੀਟਸ ਅਤੇ ਲਵਲੀ ਡਿਸਟੈਂਸ ਐਜੂਕੇਸ਼ਨ ਸੈਂਟਰ ਸਮੇਤ ਕਈ ਥਾਵਾਂ ਤੇ ਚੱਲ ਰਹੀ ਹੈ। ਇਸ ਤੋਂ ਇਲਾਵਾ, ਮਿੱਤਲ ਪਰਿਵਾਰ ਨਾਲ ਜੁੜੇ ਰਿਹਾਇਸ਼ੀ ਅਤੇ ਵਪਾਰੀ ਪ੍ਰਾਪਰਟੀਆਂ ਤੇ ਵੀ ਜਾਂਚ ਹੋ ਰਹੀ ਹੈ, ਜਿਨ੍ਹਾਂ ਵਿਚ ਉਨ੍ਹਾਂ ਦੇ ਭਰਾ ਰਮੇਸ਼ ਮਿੱਤਲ ਅਤੇ ਨਰੇਸ਼ ਮਿੱਤਲ ਦੀਆਂ ਥਾਵਾਂ ਵੀ ਸ਼ਾਮਲ ਹਨ।

## ਮੁੱਖ ਮੰਤਰੀ ਮਾਨ ਵੱਲੋਂ ਰਾਜ ਸਭਾ ਮੈਂਬਰ ਖਿਲਾਫ ਈ.ਡੀ. ਦੀ ਛਾਪੇਮਾਰੀ ਦੀ ਨਿੰਦਾ

ਚੰਡੀਗੜ੍ਹ, 15 ਅਪ੍ਰੈਲ (ਚ. ਨ. ਸ.): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਨੂੰ ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਨਾਲ ਜੁੜੇ ਵਪਾਰਕ ਸਥਾਪਨਾਂ ਤੇ ਇਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਕੀਤੀ ਛਾਪੇਮਾਰੀ ਦੀ ਤਿੱਖੀ ਆਲੋਚਨਾ ਕੀਤੀ ਅਤੇ ਇਲਜ਼ਾਮ ਲਗਾਇਆ ਕਿ ਭਾਜਪਾ ਨੇ ਇਸ ਰਾਜ ਵਿਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਆਪਣੀਆਂ "ਤਿਆਰੀਆਂ" ਸ਼ੁਰੂ ਕਰ ਦਿੱਤੀਆਂ ਹਨ।

ਅਧਿਕਾਰੀਆਂ ਨੇ ਦੱਸਿਆ ਕਿ ਈਡੀ ਨੇ ਵਿਦੇਸ਼ੀ ਮੁਦਰਾ ਪ੍ਰਬੰਧਨ ਐਕਟ (ਫੇਮਾ) ਤਹਿਤ ਜਾਂਚ ਦੇ ਤਹਿਤ ਪੰਜਾਬ ਵਿਚ ਮਿੱਤਲ ਨਾਲ ਜੁੜੀਆਂ ਵਪਾਰੀ ਸੰਸਥਾਵਾਂ 'ਤੇ ਤਲਾਸ਼ੀ ਲਈ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਮਿੱਤਲ ਨੂੰ ਰਾਜ ਸਭਾ ਵਿਚ ਆਮ ਆਦਮੀ ਪਾਰਟੀ ਦਾ ਉਪ-ਨੇਤਾ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਨੇ ਸੰਸਦ ਰਾਘਵ ਚੱਢਾ ਦੀ ਥਾਂ ਲਈ ਹੈ। ਉਹ ਫਗਵਾੜਾ ਵਿਚ ਸਥਿਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਵੀ ਹਨ। ਛਾਪੇਮਾਰੀ ਬਾਰੇ ਪ੍ਰਤੀਕਿਰਿਆ ਦਿੰਦਿਆਂ ਮੁੱਖ ਮੰਤਰੀ ਮਾਨ ਨੇ 'ਐਕਸ' 'ਤੇ ਇੱਕ ਪੋਸਟ ਵਿਚ ਕਿਹਾ, "ਭਾਜਪਾ ਨੇ ਪੰਜਾਬ ਚੋਣਾਂ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ। 'ਆਪ' ਦੇ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ ਘਰ ਅਤੇ ਯੂਨੀਵਰਸਿਟੀ 'ਤੇ ਈਡੀ ਦੀ ਛਾਪੇਮਾਰੀ... ਇਹ ਮੋਦੀ ਦਾ ਵਿਸ਼ੇਸ਼ ਅੰਦਾਜ਼ ਹੈ।" ਇਸੇ ਪੋਸਟ ਵਿਚ ਇੱਕ ਮਸ਼ਹੂਰ ਦੋਹੇ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਲਿਖਿਆ, "ਅਸੀਂ ਉਹ ਪੱਤੇ ਨਹੀਂ, ਜੋ ਟਹਿਣੀ ਤੋਂ ਟੁੱਟ ਕੇ ਡਿੱਗ ਜਾਣਗੇ, ਤੂਫ਼ਾਨਾਂ ਨੂੰ ਆਪਣੀ ਔਕਾਤ ਵਿਚ ਰਹਿਣ ਲਈ ਆਖ ਦਿਓ।"

## ਚੰਡੀਗੜ੍ਹ ਪ੍ਰਸ਼ਾਸਨ 'ਚ ਵੱਡਾ ਫੇਰਬਦਲ, 14 ਅਧਿਕਾਰੀਆਂ ਨੂੰ ਦਿੱਤੀ ਨਵੀਂ ਜ਼ਿੰਮੇਵਾਰੀ

**ਕਮਲਜੀਤ ਸਿੰਘ ਬਨਵੈਤ**
==================

ਚੰਡੀਗੜ੍ਹ, 15 ਅਪ੍ਰੈਲ: ਚੰਡੀਗੜ੍ਹ ਪ੍ਰਸ਼ਾਸਨ ਵਿੱਚ ਪੰਜਾਬ ਦੇ ਨਵੇਂ ਪੀਸੀਐਸ ਅਤੇ ਹਰਿਆਣੇ ਦੇ ਐਚਸੀਐਸ ਅਧਿਕਾਰੀਆਂ ਵੱਲੋਂ ਡੈਪੂਟੇਸ਼ਨ ਜੁਆਇੰਨ ਕਰਨ ਤੋਂ ਬਾਅਦ ਵੱਡਾ ਫੇਰਬਦਲ ਕੀਤਾ ਗਿਆ ਹੈ। ਪ੍ਰਸ਼ਾਸਨ ਨੇ ਨਵੇਂ ਹੁਕਮ ਜਾਰੀ ਕਰਦਿਆਂ 14 ਸੀਨੀਅਰ ਅਧਿਕਾਰੀਆਂ ਦੇ ਵਿਭਾਗਾਂ ਵਿੱਚ ਵੱਡਾ ਫੇਰਬਦਲ ਕੀਤਾ। ਨਵੇਂ ਹੁਕਮਾਂ ਅਨੁਸਾਰ ਪੀਸੀਐਸ ਅਵਿਕੇਸ਼ ਗੁਪਤਾ ਟਰਾਂਸਪੋਰਟ ਵਿਭਾਗ ਦੇ ਡਾਇਰੈਕਟਰ ਹੋਣਗੇ ਜਦਕਿ ਪੀਸੀਐਸ ਅਧਿਕਾਰੀ ਬਲਵੀਰ ਰਾਜ ਨੂੰ ਸੰਯੁਕਤ ਕਮਿਸ਼ਨਰ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ।

ਜਾਣਕਾਰੀ ਅਨੁਸਾਰ ਐਚ. ਸੀ. ਐਸ. ਪ੍ਰਦੁੱਮਣ ਸਿੰਘ ਨੂੰ ਵਧੀਕ ਆਬਕਾਰੀ ਕਰ ਕਮਿਸ਼ਨਰ ਅਤੇ ਡਾਇਰੈਕਟਰ ਇੰਡਸਟਰੀਜ਼ ਲਗਾਇਆ ਗਿਆ ਹੈ। ਐਚਸੀਐਸ ਰਾਧਿਕਾ ਸਿੰਘ ਨੂੰ ਡਾਇਰੈਕਟਰ ਉਚੇਰੀ ਸਿੱਖਿਆ ਅਤੇ ਬਾਲ ਮਹਿਲਾ ਵਿਕਾਸ ਦਾ ਸਕੱਤਰ ਲਾਇਆ ਗਿਆ ਹੈ। ਪੀਸੀਐਸ ਸੌਰਭ ਕੁਮਾਰ ਅਰੋੜਾ ਡਾਇਰੈਕਟਰ ਖੇਡਾਂ, ਸੰਯੁਕਤ ਸਕੱਤਰ ਆਬਕਾਰੀ ਮੁੱਖ ਚੋਣਾਂ ਅਫਸਰ ਅਤੇ ਡਾਇਰੈਕਟਰ ਆਯੂਸ਼ ਹੋਣਗੇ। ਨਿਤੀਸ਼ ਸਿੰਗਲਾ ਨੂੰ ਡਾਇਰੈਕਟਰ ਸਕੂਲ ਸਿੱਖਿਆ ਰੁਜ਼ਗਾਰ ਅਫਸਰ ਸਕੱਤਰ ਐਸ ਟੀ ਏ ਅਤੇ ਡਾਇਰੈਕਟਰ ਸਾਇੰਸ ਟੈਕਨਾਲੋਜੀ ਲਗਾਇਆ ਗਿਆ ਹੈ। ਪੀਸੀਐਸ ਰਿਤੇਸ਼ ਗੁਪਤਾ ਆਰਐਲਏ ਅਤੇ ਡਾਇਰੈਕਟਰ ਟਰਾਂਸਪੋਰਟ ਤੋਂ ਬਿਨਾਂ ਆਈਟੀ ਅਤੇ ਸ਼ਹਿਰੀ ਯੋਜਨਾ ਦੇਖਣਗੇ। ਪੀਸੀਐਸ ਬਲਬੀਰ ਰਾਜ ਸਿੰਘ ਸੰਯੁਕਤ ਆਈ. ਜੀ. ਜੇਲਾਂ ਸੁਪਰਡੈਂਟ ਮਾਡਲ ਜੇਲ੍ਹ ਅਤੇ ਸੰਯੁਕਤ ਕਮਿਸ਼ਨਰ ਲਗਾਏ ਗਏ ਹਨ। ਪੀਸੀਐਸ ਪਾਲਿਕਾ ਅਰੋੜਾ ਨੂੰ ਡਾਇਰੈਕਟਰ ਤਕਨੀਕੀ ਸਿੱਖਿਆ, ਪ੍ਰਿੰਟਿੰਗ ਸਟੇਸ਼ਨਰੀ, ਸਹਿਕਾਰਤਾ ਤੇ ਸਕਿਲ ਡਿਵੈਲਪਮੈਂਟ ਦਿੱਤਾ ਗਿਆ ਹੈ। ਹਰਿਆਣਾ ਤੋਂ ਇੰਦਰਜੀਤ ਸੰਯੁਕਤ ਕਮਿਸ਼ਨ ਨਗਰ ਨਿਗਮ ਅਤੇ ਵਧੀਕ ਸੀਈਓ ਸਮਾਰਟ ਸਿਟੀ ਹੋਣਗੇ। ਪਸੀਐਸ ਪਵਿੱਤਰ ਸਿੰਘ ਐਸ.ਡੀ.ਐਮ. ਪੂਰਵਬੀ ਅਤੇ ਸਹਾਇਕ ਸਟੇਟ ਅਫਸਰ ਲਗਾਏ ਗਏ ਹਨ।

ਯੂ ਪੀ ਡਿਊਟੀ ਕੇਡਰ ਦੇ ਅਧਿਕਾਰੀ ਨਵੀਨ, ਅਖਿਲ ਕੁਮਾਰ, ਅਮਿਤ ਕੁਮਾਰ ਖੁਸ਼ਪ੍ਰੀਤ ਕੌਰ ਨੂੰ ਵੀ ਨਵੀਂ ਜ਼ਿੰਮੇਵਾਰੀ ਦਿੱਤੀ ਗਈ ਹੈ। ਰਾਜੀਵ ਤਿਵਾਰੀ ਡੀ ਸੀ ਐਫ ਐਂਡ ਏ, ਡਾਇਰੈਕਟਰ ਲੋਕ ਸੰਪਰਕ, ਮੈਂਬਰ ਸਕੱਤਰ ਆਰ ਟੀ ਐਸ ਕਮਿਸ਼ਨ ਅਤੇ ਨੋਡਲ ਅਫਸਰ ਮਾਰਕੀਟਿੰਗ ਬੋਰਡ ਹੋਣਗੇ।

## ਸਰਕਾਰ ਵੱਲੋਂ ਪੰਜਾਬ 'ਚ ਮੁਫ਼ਤ ਤੇ ਨਕਦ ਰਹਿਤ ਇਲਾਜ ਦਾ ਤੇਜ਼ੀ ਨਾਲ ਵਿਸਥਾਰ: ਡਾ. ਬਲਬੀਰ ਸਿੰਘ

### ਐਮਰਜੈਂਸੀ ਦੀ ਉਡੀਕ ਨਾ ਕਰੋ, ਸਮੇਂ ਸਿਰ ਰਜਿਸਟਰੇਸ਼ਨ ਕਰਵਾਓ: ਸਰਕਾਰ ਵੱਲੋਂ ਅਪੀਲ

ਚੰਡੀਗੜ੍ਹ, 15 ਅਪ੍ਰੈਲ (ਚ. ਨ. ਸ.): ਭਗਵੰਤ ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ (ਐਮਐਮਐਸਵਾਈ) ਭਾਰਤ ਦੀ ਸਭ ਤੋਂ ਵਿਆਪਕ ਜਨਤਕ ਸਿਹਤ ਸੰਭਾਲ ਸੁਰੱਖਿਆ ਯੋਜਨਾਵਾਂ ਵਿੱਚੋਂ ਇੱਕ ਵਜੋਂ ਉਭਰੀ ਹੈ। ਇਸ ਯੋਜਨਾ ਤਹਿਤ ਪੰਜਾਬ ਭਰ ਵਿੱਚ ਪ੍ਰਤੀ ਪਰਿਵਾਰ ਸਲਾਨਾ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਮੈਡੀਕਲ ਕਵਰੇਜ ਪ੍ਰਦਾਨ ਕੀਤਾ ਜਾਂਦਾ ਹੈ।

ਯੋਜਨਾ ਦੇ ਸ਼ੁਰੂ ਹੋਣ ਤੋਂ ਬਾਅਦ ਇਸਦਾ ਤੇਜ਼ੀ ਨਾਲ ਵਿਸਥਾਰ ਹੋਇਆ ਹੈ। ਹੁਣ ਤੱਕ ਲਗਭਗ 39 ਲੱਖ ਸਿਹਤ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕੈਂਪਾਂ, ਕਮਿਊਨਿਟੀ ਸਰਵਿਸ ਸੈਂਟਰਾਂ, ਸੁਵਿਧਾ ਕੇਂਦਰਾਂ ਅਤੇ ਹੋਰ ਸਰਕਾਰੀ ਸੰਸਥਾਵਾਂ ਰਾਹੀਂ ਰਜਿਸਟਰੇਸ਼ਨ ਜਾਰੀ ਹੈ। ਮੌਜੂਦਾ ਸਰਕਾਰੀ ਅਪਡੇਟਾਂ ਮੁਤਾਬਕ, ਇਸ ਯੋਜਨਾ ਦਾ ਮਕਸਦ ਲਗਭਗ 65 ਲੱਖ ਪਰਿਵਾਰਾਂ ਨੂੰ ਕਵਰ ਕਰਨਾ ਹੈ, ਜਿਸ ਨਾਲ ਕਰੀਬ 3 ਕਰੋੜ ਲੋਕਾਂ ਨੂੰ ਲਾਭ ਮਿਲੇਗਾ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ,"ਮੁੱਖ ਮੰਤਰੀ ਸਿਹਤ ਯੋਜਨਾ ਆਰਥਿਕ ਤੌਰ 'ਤੇ ਸੁਰੱਖਿਅਤ ਸਿਹਤ ਸੇਵਾਵਾਂ ਵੱਲ ਇੱਕ ਵੱਡਾ ਕਦਮ ਹੈ, ਜਿਸ ਨਾਲ ਪਰਿਵਾਰ ਬਿਨਾਂ ਕਿਸੇ ਭੁਗਤਾਨ ਦੇ ਜੀਵਨ-ਰੱਖਿਅਕ ਅਤੇ ਮਹੱਤਵਪੂਰਨ ਇਲਾਜ ਪ੍ਰਾਪਤ ਕਰ ਸਕਦੇ ਹਨ। ਸੂਬਾ ਵਾਸੀਆਂ ਨੂੰ ਸਮੇਂ ਸਿਰ ਰਜਿਸਟਰੇਸ਼ਨ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਲੋੜ ਪੈਣ 'ਤੇ ਨਕਦ ਰਹਿਤ ਸਿਹਤ ਸੇਵਾਵਾਂ ਦਾ ਲਾਭ ਬਿਨਾ ਰੁਕਾਵਟ ਮਿਲ ਸਕੇ।

ਉਨਾਂ ਅੱਗੇ ਕਿਹਾ, "ਇਸ ਯੋਜਨਾ ਦਾ ਉਦੇਸ਼ ਪੰਜਾਬ ਨੂੰ ਇੱਕ ਅਜਿਹੀ ਨਕਦ ਰਹਿਤ ਅਤੇ ਡਿਜ਼ਿਟਲ ਏਕੀਕ੍ਰਿਤ ਸਿਹਤ ਪ੍ਰਣਾਲੀ ਵੱਲ ਲੈ ਜਾਣਾ ਹੈ, ਜਿੱਥੇ ਹਰ ਵਿਅਕਤੀ ਲਈ ਇਲਾਜ ਉਪਲੱਬਧ ਹੋਵੇ ਅਤੇ ਆਰਥਿਕ ਕਾਰਨਾਂ ਕਰਕੇ ਇਲਾਜ ਵਿੱਚ ਦੇਰੀ ਨਾ ਹੋਵੇ।

ਇਸ ਯੋਜਨਾ ਤਹਿਤ 2,300 ਤੋਂ ਵੱਧ ਇਲਾਜ ਪ੍ਰਕਿਰਿਆਵਾਂ ਸ਼ਾਮਲ ਹਨ ਅਤੇ ਪੰਜਾਬ ਤੇ ਚੰਡੀਗੜ੍ਹ ਦੇ 850 ਤੋਂ ਵੱਧ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਇਲਾਜ ਦੀ ਸਹੂਲਤ ਉਪਲੱਬਧ ਹੈ, ਜਿਸ ਨਾਲ ਉੱਨਤ ਚਿਕਿਤਸਾ ਸੇਵਾਵਾਂ ਤੱਕ ਵਿਆਪਕ ਪਹੁੰਚ ਯਕੀਨੀ ਬਣਾਈ ਜਾਂਦੀ ਹੈ। ਇਸ ਵਿੱਚ ਦਿਲ ਦੀਆਂ ਬੀਮਾਰੀਆਂ ਦਾ ਇਲਾਜ, ਕੈਂਸਰ ਦੇਖਭਾਲ, ਡਾਇਲਿਸਿਸ, ਆਰਥੋਪੀਡਿਕ ਸਰਜਰੀਆਂ ਜਿਵੇਂ ਕਿ ਗੋਡੇ ਬਦਲਣ, ਨਵਜੰਮੇ ਬੱਚੇ ਦੀ ਦੇਖਭਾਲ ਅਤੇ ਲੰਬੇ ਸਮੇਂ ਦੀਆਂ ਬੀਮਾਰੀਆਂ ਦਾ ਪ੍ਰਬੰਧਨ ਸ਼ਾਮਲ ਹੈ, ਜੋ ਸਾਰੇ ਮਨਜ਼ੂਰਸ਼ੁਦਾ ਪੈਕੇਜ ਦਰਾਂ ਅਧੀਨ ਪੂਰੀ ਤਰਾਂ ਨਕਦ ਰਹਿਤ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਅਧਿਕਾਰਕ ਅੰਕੜਿਆਂ ਮੁਤਾਬਕ, ਸਾਲ 2026 ਪਾਲਿਸੀ ਵਰੇ ਵਿੱਚ ਹੁਣ ਤੱਕ 1.09 ਲੱਖ ਤੋਂ ਵੱਧ ਲਾਭਪਾਤਰੀ ਲਗਭਗ 340 ਕਰੋੜ ਰੁਪਏ ਦੇ ਇਲਾਜ ਦਾ ਲਾਭ ਲੈ ਚੁੱਕੇ ਹਨ, ਜੋ ਇਹ ਦਰਸਾਉਂਦਾ ਹੈ ਕਿ ਵੱਖ-ਵੱਖ ਜ਼ਿਲ੍ਹਿਆਂ ਵਿੱਚ ਯੋਜਨਾ ਨੂੰ ਸ਼ੁਰੂਆਤੀ ਪੜਾਅ ਵਿੱਚ ਹੀ ਵਿਆਪਕ ਤੌਰ 'ਤੇ ਅਪਣਾਇਆ ਅਤੇ ਸ਼ੁਰੂ ਕੀਤਾ ਜਾ ਰਿਹਾ ਹੈ। ਸਿਹਤ ਕਾਰਡ ਦਾ ਲਾਭ ਪੰਜਾਬ ਦੇ ਹਰ ਪਰਿਵਾਰ ਨੂੰ ਜਾਤ, ਧਰਮ, ਲਿੰਗ ਜਾਂ ਆਮਦਨ ਨੂੰ ਨਜ਼ਰਅੰਦਾਜ ਕਰਕੇ ਦਿੱਤਾ ਜਾ ਰਿਹਾ ਹੈ। ਹਾਲਾਂਕਿ ਇਸ ਸੰਬੰਧੀ ਕੁਝ ਗ਼ਲਤਫ਼ਹਿਮੀਆਂ ਅਜੇ ਵੀ ਮੌਜੂਦ ਹਨ, ਜਿਨਾਂ ਨੂੰ ਸਪੱਸ਼ਟ ਕਰਨਾ ਲਾਜ਼ਮੀ ਹੈ।

## ਮੁੱਖ ਮੰਤਰੀ ਤੀਰਥ ਬੱਸ ਯੋਜਨਾ, ਵਿਧਾਇਕ ਕੁਲਵੰਤ ਸਿੰਘ ਨੇ ਕੀਤੀ 22ਵੀਂ ਬੱਸ ਰਵਾਨਾ

ਮੋਹਾਲੀ, 15 ਅਪ੍ਰੈਲ (ਚ. ਨ. ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਦੇ ਤਹਿਤ ਅੱਜ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਦੇ ਵੱਲੋਂ 22ਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ, 42 ਸ਼ਰਧਾਲੂਆਂ ਦੇ ਨਾਲ ਭਰੀ ਬਸ ਪਿੰਡ ਸਨੇਟਾ ਤੋਂ ਸ੍ਰੀ ਦਰਬਾਰ ਸਾਹਿਬ ਸ੍ਰੀ ਦੁਰਗਿਆਨਾ ਮੰਦਰ, ਰਾਮ ਤੀਰਥ ਵਾਲਮੀਕੀ ਮੰਦਰ, ਵਾਹਗਾ ਬਾਰਡਰ ਅਤੇ ਜਲ੍ਹਿਆਂਵਾਲਾ ਬਾਗ ਜਾਵੇਗੀ। ਇਸ ਮੌਕੇ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ। ਉਦੋਂ ਤੋਂ ਹੀ ਪੰਜਾਬ ਦੇ ਸਰਬਪੱਖੀ ਵਿਕਾਸ ਦੀ ਗੱਲ ਸ਼ੁਰੂ ਹੋ ਗਈ ਹੈ ਅਤੇ ਅੱਜ ਪੂਰੇ ਪੰਜਾਬ ਦੇ ਵਿੱਚ ਮੇਲੇ ਵਰਗਾ ਮਾਹੌਲ ਹੈ, ਕਿਸੇ ਪਾਸੇ ਉਦਘਾਟਨ ਹੋ ਰਹੇ ਹਨ, ਅਤੇ ਕਿਧਰੇ ਨਵੇਂ ਵਿਕਾਸ ਕਾਰਜਾਂ ਦੀ ਸ਼ੁਰੂਆਤ ਹੋ ਰਹੀ ਹੈ ਅਤੇ ਇਹ ਸਿਲਸਿਲਾ ਆਉਣ ਵਾਲੇ ਸਮੇਂ ਵਿੱਚ ਵੀ ਜਾਰੀ ਰਹੇਗਾ।



ਵਿਧਾਇਕ ਕੁਲਵੰਤ ਸਿੰਘ ਹੋਰਾਂ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਵੱਡੀ ਗਿਣਤੀ ਵਿੱਚ ਹੋਰ ਸ਼ਰਧਾਲੂਆਂ ਵੱਲੋਂ ਵੱਖ-ਵੱਖ ਜੋਨ ਇੰਚਾਰਜਾਂ ਦੇ ਕੋਲ ਰਜਿਸਟਰੇਸ਼ਨ ਕਰਵਾਈ ਜਾ ਰਹੀ ਹੈ ਤਾਂ ਕਿ ਉਹ ਵੀ ਇਸ ਯਾਤਰਾ ਯੋਜਨਾ ਦਾ ਲਾਭ ਉਠਾ ਸਕਣ, ਕਿਉਂਕਿ ਇਸ ਯਾਤਰਾ ਦੇ ਦੌਰਾਨ ਜਿੱਥੇ ਸ਼ਰਧਾਲੂ ਧਾਰਮਿਕ ਸਥਾਨਾਂ ਦੀ ਯਾਤਰਾ ਕਰਕੇ ਆਨੰਦਿਤ ਮਹਿਸੂਸ ਕਰ ਰਹੇ ਹਨ, ਉੱਥੇ ਸ਼ਰਧਾਲੂਆਂ ਦੇ ਵਿੱਚ ਆਪਸੀ ਭਾਈਚਾਰਕ ਸਾਂਝ ਹੋਰ ਮਜਬੂਤ ਹੋ ਰਹੀ ਹੈ, ਜਿਸ ਨਾਲ ਸਮੁੱਚੇ ਚੌਗਿਰਦੇ ਦੇ ਵਿੱਚ ਵਾਤਾਵਰਨ ਵਧੀਆ ਅਤੇ ਤੰਦਰੁਸਤੀ ਭਰਿਆ ਬਣ ਰਿਹਾ ਹੈ, ਉਹਨਾਂ ਕਿਹਾ ਕਿ ਸਮੁੱਚੇ ਪੰਜਾਬ ਦੇ ਅੰਦਰ ਵਿਕਾਸ ਦੀ ਗਤੀ ਲਗਾਤਾਰ ਤੇਜ਼ ਹੁੰਦੀ ਜਾ ਰਹੀ ਹੈ ਅਤੇ ਲੋਕਾਂ ਦੇ ਚਿਰਕੋਣੇ ਮਸਲਿਆਂ ਦਾ ਸਥਾਈ ਹੱਲ ਹੋ ਰਿਹਾ ਹੈ। ਜਿਨਾਂ ਮੁਸ਼ਕਲਾਂ ਅਤੇ ਮੰਗਾਂ ਦੇ ਵੱਲ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਨੇ ਕਦੀ ਧਿਆਨ ਹੀ ਨਹੀਂ ਦਿੱਤਾ, ਉਹਨਾਂ ਨੂੰ ਆਮ ਆਦਮੀ ਪਾਰਟੀ ਦੇ ਵਰਕਰ ਅਤੇ ਸਮਰਥਕ ਖੁਦ ਸੂਚੀਆਂ ਬਣਾ ਕੇ ਸਬੰਧਤ ਵਿਭਾਗਾਂ ਦੇ ਦਫਤਰਾਂ ਕੋਲੋਂ ਕਰਵਾ ਰਹੇ ਹਨ, ਉਹਨਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ 10 ਲੱਖ ਰੁਪਏ ਦਾ ਸਿਹਤ ਬੀਮਾ ਨਾਲ ਸੰਬੰਧਿਤ ਕਾਰਡ ਬਣਾਉਣ ਦੇ ਲਈ ਰਜਿਸਟਰੇਸ਼ਨ ਦਾ ਕੰਮ ਵੀ ਵੱਡੇ ਪੱਧਰ 'ਤੇ ਲਗਾਤਾਰ ਜਾਰੀ ਹੈ, ਇਸ ਸਬੰਧੀ ਵਾਰਡ ਵਾਈਜ਼ ਕੈਂਪ ਲਗਾਏ ਜਾ ਰਹੇ ਹਨ, ਤਾਂ ਕਿ ਲੋਕੀ ਇਸ ਯੋਜਨਾ ਦਾ ਲਾਭ ਉਠਾ ਸਕਣ। ਇਸ ਮੌਕੇ 'ਤੇ ਸਟੇਟ ਐਵਾਰਡੀ- ਫੂਲਰਾਜ ਸਿੰਘ ਹਲਕਾ ਕੋਆਰਡੀਨੇਟਰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, ਰਮਨਪ੍ਰੀਤ ਕੌਰ ਕੁੰਬੜਾ ਹਲਕਾ ਕੋਆਰਡੀਨੇਟਰ ਵੂਮੈਨ ਵਿੰਗ ਮੋਹਾਲੀ, ਅਵਤਾਰ ਸਿੰਘ ਮੌਲੀ ਬੈਦਵਾਣ, ਹਰਮੇਸ਼ ਸਿੰਘ ਕੁੰਬੜਾ, ਗੁਰਦੇਸ਼ ਸਿੰਘ ਸਰਪੰਚ ਸਨੇਟਾ, ਸ਼੍ਰੀਮਤੀ ਮਨਜੀਤ ਕੌਰ ਪੰਚ ਸਨੇਟਾ, ਨਿਰਮੈਲ ਸਿੰਘ ਸਨੇਟਾ, ਅਹਿਲਕਾਰ, ਸਨੇਟਾ, ਰਾਮਪਾਲ ਸਿੰਘ ਪੰਚ, ਸਨੇਟਾ, ਅੱਲਾ ਦਿੱਤਾ ਪੰਚ, ਸਨੇਟਾ, ਮਹੀਪਾਲ ਪੰਚ, ਸਨੇਟਾ, ਬਲਕਾਰ ਸਿੰਘ ਕਾਕਾ ਪੰਚ, ਸਨੇਟਾ, ਰੌਸ਼ਨ ਅਲੀ, ਸਨੇਟਾ, ਚੌਧਰੀ ਰਮੇਸ਼ਵਰ, ਅਮੀਰ ਖਾਨ ਵੀ ਹਾਜ਼ਰ ਸਨ।

## ਹੁਣ ਸਵੇਰੇ 8 ਵਜੇ ਖੁੱਲ੍ਹਣਗੇ ਹਸਪਤਾਲ, ਅੱਧਾ ਘੰਟਾ ਪਹਿਲਾਂ ਖੁੱਲ੍ਹਣਗੇ ਰਜਿਸਟਰੇਸ਼ਨ ਕਾਊਂਟਰ

### ਸਰਕਾਰੀ ਹਸਪਤਾਲਾਂ ਦਾ ਸਮਾਂ ਬਦਲਿਆ

ਐਸਏਐਸ ਨਗਰ, 15 ਅਪ੍ਰੈਲ (ਚ. ਨ. ਸ.): ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਮੋਹਾਲੀ ਦਾ ਜ਼ਿਲ੍ਹਾ ਪੱਧਰੀ ਸਰਕਾਰੀ ਹਸਪਤਾਲ ਸਮੇਤ ਸਾਰੇ ਸਰਕਾਰੀ ਸਿਹਤ ਕੇਂਦਰ ਸਵੇਰੇ ਖੁੱਲ੍ਹਣ ਅਤੇ ਦੁਪਹਿਰ ਸਮੇਂ ਬੰਦ ਹੋਣ ਦੇ ਸਮੇਂ ਵਿਚ ਤਬਦੀਲੀ ਕੀਤੀ ਗਈ ਹੈ।

ਮੋਹਾਲੀ ਦੇ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਹੁਣ ਸਵੇਰੇ 8 ਵਜੇ ਖੁੱਲ੍ਹਣਗੀਆਂ ਅਤੇ ਦੁਪਹਿਰ 2 ਵਜੇ ਬੰਦ ਹੋਣਗੀਆਂ। ਇਹ ਤਾਜਾ ਹੁਕਮ 16 ਅਪ੍ਰੈਲ (ਵੀਰਵਾਰ) ਤੋਂ ਤੁਰੰਤ ਪ੍ਰਭਾਵ ਨਾਲ ਲਾਗੂ ਹੋਣਗੇ। ਇਸ ਤੋਂ ਪਹਿਲਾਂ ਹਸਪਤਾਲ ਖੁੱਲ੍ਹਣ ਦਾ ਸਮਾਂ ਸਵੇਰੇ 9 ਵਜੇ ਅਤੇ ਬੰਦ ਹੋਣ ਦਾ ਸਮਾਂ ਬਾਅਦ ਦੁਪਹਿਰ ਤਿੰਨ ਵਜੇ ਤੱਕ ਸੀ। ਜ਼ਿਕਰਯੋਗ ਹੈ ਕਿ ਜ਼ਿਲ੍ਹਾ ਹਸਪਤਾਲ ਫ਼ੇਜ਼-6 ਮੋਹਾਲੀ ਦਾ ਕੰਮਕਾਜੀ ਸਮਾਂ ਪਹਿਲਾਂ ਹੀ ਬਦਲ ਕੇ ਸਵੇਰੇ 8 ਵਜੇ ਤੋਂ ਦੁਪਹਿਰ 2.30 ਵਜੇ ਕੀਤਾ ਗਿਆ ਸੀ, ਜੋ 1 ਅਪ੍ਰੈਲ ਤੋਂ ਲਾਗੂ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਹਸਪਤਾਲਾਂ ਵਿਚਲੇ ਰਜਿਸਟਰੇਸ਼ਨ ਕਾਊਂਟਰ ਹਸਪਤਾਲ ਖੁੱਲ੍ਹਣ ਦੇ ਨਿਯਤ ਸਮੇਂ ਤੋਂ ਅੱਧਾ ਘੰਟਾ ਪਹਿਲਾਂ ਖੁੱਲ੍ਹਣਗੇ ਤਾਂ ਜੋ ਪਰਚੀ ਬਣਾਉਣ ਸਮੇਂ ਮਰੀਜ਼ਾਂ ਦੀਆਂ ਲੰਮੀਆਂ ਕਤਾਰਾਂ ਨਾ ਲੱਗਣ ਅਤੇ ਮਰੀਜ਼ ਅਪਣੀ ਜਾਂਚ ਤੇ ਇਲਾਜ ਦਾ ਕੰਮ ਆਰਾਮ ਨਾਲ ਸਮੇਂ ਸਿਰ ਕਰਵਾ ਸਕਣ।

ਉਂਝ ਸਰਕਾਰੀ ਹਸਪਤਾਲਾਂ ਵਿਚ ਐਮਰਜੈਂਸੀ ਸੇਵਾਵਾਂ ਪਹਿਲਾਂ ਵਾਂਗ ਹੀ 24 ਘੰਟੇ ਜਾਰੀ ਰਹਿਣਗੀਆਂ।

ਉਨ੍ਹਾਂ ਸਪੱਸ਼ਟ ਕੀਤਾ ਕਿ ਸਿਵਲ ਸਰਜਨ ਦਫ਼ਤਰ ਅਤੇ ਹਸਪਤਾਲਾਂ ਅੰਦਰਲੇ ਦਫ਼ਤਰਾਂ ਦੇ ਕੰਮ ਦਾ ਸਮਾਂ ਪਹਿਲਾਂ ਵਾਂਗ ਹੀ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਰਹੇਗਾ, ਜਿਸ ਵਿਚ ਕੋਈ ਵੀ ਤਬਦੀਲੀ ਨਹੀਂ ਕੀਤੀ ਗਈ ਹੈ।

## 16-17 ਮਈ ਨੂੰ ਹੋ ਸਕਦੀਆਂ ਹਨ 9 ਨਗਰ ਨਿਗਮਾਂ ਤੇ 104 ਨਗਰ ਕੌਂਸਲਾਂ ਦੀਆਂ ਚੋਣਾਂ

ਚੰਡੀਗੜ੍ਹ, 15 ਅਪ੍ਰੈਲ (ਚ.ਨ.ਸ.): ਗਰਮੀਆਂ ਦੀ ਸ਼ੁਰੂਆਤ ਦੇ ਨਾਲ ਹੀ ਪੰਜਾਬ ਵਿੱਚ ਰਾਜਨੀਤਿਕ ਤਾਪਮਾਨ ਵਧਣਾ ਸ਼ੁਰੂ ਹੋ ਗਿਆ ਹੈ। ਇਹ ਤਾਪਮਾਨ ਅਗਲੇ ਮਹੀਨੇ, ਮਈ ਵਿੱਚ ਆਪਣੇ ਸਿਖਰ 'ਤੇ ਪਹੁੰਚ ਜਾਵੇਗਾ। 9 ਨਗਰ ਨਿਗਮਾਂ, 104 ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ 16 ਜਾਂ 17 ਮਈ ਨੂੰ ਹੋਣੀਆਂ ਹਨ। ਰਾਜ ਚੋਣ ਕਮਿਸ਼ਨ ਨੇ ਸੰਕੇਤ ਦਿੱਤਾ ਹੈ ਕਿ ਉਹ ਮਈ ਦੇ ਅੱਧ ਵਿੱਚ ਚੋਣਾਂ ਪੂਰੀਆਂ ਕਰ ਸਕਦਾ ਹੈ। ਇਨ੍ਹਾਂ ਚੋਣਾਂ ਲਈ ਅੰਤਿਮ ਵੋਟਰ ਸੂਚੀਆਂ 5 ਮਈ ਨੂੰ ਜਾਰੀ ਕੀਤੀਆਂ ਜਾਣਗੀਆਂ, ਅਤੇ ਰਾਜ ਚੋਣ ਕਮਿਸ਼ਨ ਜਲਦੀ ਹੀ ਨਤੀਜਿਆਂ ਦਾ ਐਲਾਨ ਕਰ ਸਕਦਾ ਹੈ। ਅਬੋਹਰ ਨਗਰ ਨਿਗਮ ਦੀ ਮਿਆਦ 8 ਅਪ੍ਰੈਲ ਨੂੰ, ਮੋਹਾਲੀ, ਹੁਸ਼ਿਆਰਪੁਰ ਅਤੇ ਬਠਿੰਡਾ ਦੀ ਮਿਆਦ 11 ਅਪ੍ਰੈਲ ਨੂੰ ਅਤੇ ਬਰਨਾਲਾ ਦੀ ਮਿਆਦ 14 ਅਪ੍ਰੈਲ ਨੂੰ ਖਤਮ ਹੋ ਗਈ ਸੀ। ਸਥਾਨਕ ਸਰਕਾਰ ਦੁਆਰਾ ਪ੍ਰਸ਼ਾਸਕ ਨਿਯੁਕਤ ਕੀਤੇ ਗਏ ਹਨ। ਬਟਾਲਾ ਦਾ ਕਾਰਜਕਾਲ 18 ਅਪ੍ਰੈਲ ਨੂੰ, ਪਠਾਨਕੋਟ ਦਾ 28 ਅਪ੍ਰੈਲ ਨੂੰ, ਮੋਗਾ ਦਾ 12 ਮਈ ਨੂੰ ਅਤੇ ਕੋਟਕਪੂਰਾ ਦਾ 6 ਜੂਨ ਨੂੰ ਖਤਮ ਹੋ ਰਿਹਾ ਹੈ, ਮੋਗਾ ਅਤੇ ਕੋਟਕਪੂਰਾ ਨਗਰ ਨਿਗਮਾਂ ਅੰਤਿਮ ਵੋਟਰ ਸੂਚੀ ਜਾਰੀ ਹੋਣ ਤੋਂ ਪਹਿਲਾਂ ਜਾਂ ਬਾਅਦ ਵਿੱਚ ਭੰਗ ਹੋ ਜਾਣਗੀਆਂ। ਬਾਕੀ ਸੱਤ ਨਗਰ ਨਿਗਮਾਂ ਆਪਣੇ ਆਪ ਖਤਮ ਹੋ ਜਾਣਗੀਆਂ।

## ਚੰਡੀਗੜ੍ਹ, ਪੰਜਾਬ ਤੇ ਹਰਿਆਣਾ ਵਿੱਚ 17 ਤੇ 18 ਅਪ੍ਰੈਲ ਨੂੰ ਚੱਲਣਗੀਆਂ ਤੇਜ਼ ਹਵਾਵਾਂ

ਚੰਡੀਗੜ੍ਹ, 15 ਅਪ੍ਰੈਲ (ਚ.ਨ.ਸ.): ਚੰਡੀਗੜ੍ਹ, ਪੰਜਾਬ ਅਤੇ ਹਰਿਆਣਾ ਵਿਚ ਸ਼ੁੱਕਰਵਾਰ ਅਤੇ ਸ਼ਨਿਚਰਵਾਰ ਨੂੰ ਵੱਖ-ਵੱਖ ਥਾਵਾਂ 'ਤੇ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਦੇ ਨਾਲ ਗਰਜ ਨਾਲ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਗਈ ਹੈ। ਇਸ ਦੇ ਦੂਜੇ ਪਾਸੇ ਭਾਰਤੀ ਮੌਸਮ ਵਿਭਾਗ ਨੇ ਅਗਲੇ ਪੰਜ ਦਿਨਾਂ ਵਿੱਚ ਤਾਪਮਾਨ 4 ਤੋਂ 5 ਡਿਗਰੀ ਸੈਲਸੀਅਸ ਤੱਕ ਵਧਣ ਦੀ ਚਿਤਾਵਨੀ ਦਿੱਤੀ ਹੈ।

ਮੌਸਮ ਵਿਭਾਗ ਨੇ ਚੰਡੀਗੜ੍ਹ, ਪੰਜਾਬ ਅਤੇ ਹਰਿਆਣਾ ਵਿੱਚ ਸ਼ੁੱਕਰਵਾਰ ਅਤੇ ਸ਼ਨਿਚਰਵਾਰ ਲਈ ਯੈਲੋ ਅਲਰਟ ਜਾਰੀ ਕੀਤਾ ਹੈ। ਇਸ ਦੌਰਾਨ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣਗੀਆਂ, ਗਰਜ ਨਾਲ ਬਿਜਲੀ ਚਮਕੇਗੀ ਤੇ ਮੀਂਹ ਪੈਣ ਦੀ ਸੰਭਾਵਨਾ ਹੈ। ਭਾਰਤੀ ਮੌਸਮ ਵਿਭਾਗ ਅਨੁਸਾਰ ਆਉਣ ਵਾਲੇ ਪੰਜ ਦਿਨਾਂ ਵਿੱਚ ਤਾਪਮਾਨ 4 ਤੋਂ 5 ਡਿਗਰੀ ਸੈਲਸੀਅਸ ਤੱਕ ਵਧ ਸਕਦਾ ਹੈ। ਇਸ ਦੌਰਾਨ ਅੱਜ ਮੰਗਲਵਾਰ ਵਾਲੇ ਦਿਨ ਚੰਡੀਗੜ੍ਹ ਦਾ ਵੱਧ ਤੋਂ ਵੱਧ ਤਾਪਮਾਨ 35.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਜੋ ਕਿ ਆਮ ਨਾਲੋਂ ਜ਼ਿਆਦਾ ਹੈ। ਪੰਜਾਬ ਵਿੱਚ ਪਟਿਆਲਾ ਸਭ ਤੋਂ ਗਰਮ ਰਿਹਾ ਜਿੱਥੇ ਤਾਪਮਾਨ 37.2 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ। ਹੈਰਾਨੀ ਦੀ ਗੱਲ ਇਹ ਹੈ ਕਿ ਮੁਹਾਲੀ ਵਿੱਚ ਰਾਤ ਦਾ ਤਾਪਮਾਨ 19.8 ਡਿਗਰੀ ਸੈਲਸੀਅਸ ਰਿਹਾ ਜੋ ਪੂਰੇ ਸੂਬੇ ਵਿੱਚ ਸਭ ਤੋਂ ਗਰਮ ਰਾਤ ਸੀ। ਹਰਿਆਣਾ ਵਿੱਚ ਫਰੀਦਾਬਾਦ ਦਾ ਬੋਪਾਨੀ ਇਲਾਕਾ 39.4 ਡਿਗਰੀ ਸੈਲਸੀਅਸ ਦੇ ਨਾਲ ਸਭ ਤੋਂ ਗਰਮ ਰਿਹਾ। ਟਰਾਈਸਿਟੀ (ਚੰਡੀਗੜ੍ਹ, ਮੋਹਾਲੀ ਅਤੇ ਪੰਚਕੂਲਾ) ਵਿੱਚ ਬੁੱਧਵਾਰ ਨੂੰ ਅਸਮਾਨ ਸਾਫ਼ ਰਹੇਗਾ ਅਤੇ ਤਾਪਮਾਨ 36 ਡਿਗਰੀ ਸੈਲਸੀਅਸ ਰਹਿਣ ਦੀ ਉਮੀਦ ਹੈ। ਵੀਰਵਾਰ ਅਤੇ ਸ਼ੁੱਕਰਵਾਰ ਨੂੰ ਬੱਦਲਵਾਈ ਹੋ ਸਕਦੀ ਹੈ। ਐਤਵਾਰ ਤੱਕ ਤਾਪਮਾਨ 38 ਡਿਗਰੀ ਸੈਲਸੀਅਸ ਤੱਕ ਪਹੁੰਚਣ ਦਾ ਅਨੁਮਾਨ ਹੈ। ਮੌਸਮ ਵਿਭਾਗ ਦੀ ਇਸ ਚਿਤਾਵਨੀ ਨੂੰ ਦੇਖਦੇ ਹੋਏ ਲੋਕਾਂ ਨੂੰ ਚੌਕਸ ਰਹਿਣ ਦੀ ਸਲਾਹ ਦਿੱਤੀ ਗਈ ਹੈ। ਚੰਡੀਗੜ੍ਹ ਵਿੱਚ ਇਸ ਸੀਜ਼ਨ ਦੌਰਾਨ ਆਮ ਨਾਲੋਂ 178 ਫ਼ੀਸਦੀ ਵੱਧ ਮੀਂਹ ਪਹਿਲਾਂ ਹੀ ਪੈ ਚੁੱਕਾ ਹੈ।

# ਦੇਸ਼ ਅੰਦਰ ਹੋਰ ਕੌਮਾਂ ਤੇ ਸਿੱਖਾਂ ਲਈ ਅਲੱਗ-ਅਲੱਗ ਕਾਨੂੰਨ ਕਿਉਂ: ਜਥੇ. ਗੜਗੱਜ

ਸ੍ਰੀ ਅਨੰਦਪੁਰ ਸਾਹਿਬ, 15 ਅਪ੍ਰੈਲ (ਤਰਲੋਚਨ ਸਿੰਘ) ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਪਿਛਲੇ 30 ਸਾਲਾਂ ਬੰਦ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਵਿੱਚ ਸਰਕਾਰਾਂ ਵੱਲੋਂ ਦੋਗਲੀ ਨੀਤੀ ਅਪਣਾਈ ਜਾ ਰਹੀ ਹੈ, ਜਿਸ ਤੋਂ ਸਾਫ ਜਾਹਿਰ ਹੁੰਦਾ ਹੈ ਕਿ ਭਾਰਤ ਦੇਸ਼ ਅੰਦਰ ਹੋਰ ਕੌਮਾਂ ਲਈ ਅਲੱਗ ਅਤੇ ਸਿੱਖਾਂ ਲਈ ਅਲੱਗ ਕਾਨੂੰਨ ਹਨ ਜੇਕਰ ਅਜਿਹਾ ਨਹੀਂ ਹੈ ਤਾਂ ਮਰਹੂਮ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦੇ ਕਾਤਲ ਅਗਰ ਛੱਡੇ ਜਾ ਸਕਦੇ ਹਨ ਤਾਂ ਬੰਦੀ ਸਿੰਘ ਕਿਉਂ ਨਹੀਂ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕੀਤਾ। ਅੱਜ ਖਾਲਸਾ ਸਾਜਨਾ ਦਿਵਸ ਦੇ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਿੰਘ ਸਾਹਿਬ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜੇਲ੍ਹ ਵਿੱਚ ਪਿਛਲੇ ਲੰਬੇ ਸਮੇਂ ਤੋਂ ਬੰਦ ਭਾਈ




ਬਲਵੰਤ ਸਿੰਘ ਰਾਜੋਆਣਾ ਵਲੋਂ ਸਰਕਾਰ ਨੂੰ ਕਦੇ ਇਹ ਨਹੀਂ ਕਿਹਾ ਗਿਆ ਕਿ ਮੈਨੂੰ ਮੁਆਫ ਕਰਕੇ ਜੇਲ ਵਿੱਚੋਂ ਰਿਹਾਅ ਕਰ ਦਿੱਤਾ ਜਾਵੇ ਸਗੋਂ ਉਨ੍ਹਾਂ ਵਲੋਂ ਇਹ ਕਿਹਾ ਗਿਆ ਹੈ ਕਿ ਸ਼੍ਰੋਮਣੀ ਕਮੇਟੀ ਰਾਹੀਂ ਪਾਈ ਗਈ ਮੇਰੀ ਪਟੀਸ਼ਨ ਤੁਹਾਡੇ ਕੋਲ ਪਈ ਹੈ ਤੇ ਤੁਸੀਂ ਉਸ ਉਪਰ ਕੋਈ ਠੋਸ ਫੈਸਲਾ ਲਵੋ ਕਿ ਜੇਕਰ ਮੈਨੂੰ ਫਾਂਸੀ ਦੇਣੀ ਹੈ ਤਾਂ ਫਾਂਸੀ ਦੇ ਦਿਓ ਪਰ ਦੋਗਲੀ ਨੀਤੀ ਬੰਦ ਕਰੋ। ਸਿੰਘ ਸਾਹਿਬ ਨੇ ਕਿਹਾ ਕਿ ਜਿਸ ਕਾਲ ਕੋਠੜੀ ਵਿੱਚ ਭਾਈ ਬਲਵੰਤ ਸਿੰਘ ਰਾਜੋਆਣਾ ਕੈਦ ਹਨ ਉਸ ਕੋਠੜੀ ਵਿੱਚ ਕੋਈ ਦੋ ਘੜੀਆਂ ਵੀ ਨਹੀਂ ਰਹਿ ਸਕਦਾ ਪ੍ਰੰਤੂ ਭਾਈ ਰਾਜੋਆਣਾ ਪਿਛਲੇ 30-35 ਸਾਲ ਤੋਂ ਉਸ ਵਿੱਚ ਕੈਦ ਹਨ। ਇਸੇ ਤਰ੍ਹਾਂ ਜੇਲ੍ਹ ਵਿੱਚ ਬੰਦ ਭਾਈ ਜਗਤਾਰ ਸਿੰਘ ਹਵਾਰਾ ਨੂੰ ਸਰਕਾਰਾਂ ਵੱਲੋਂ ਉਨ੍ਹਾਂ ਦੀ ਬਿਮਾਰ ਮਾਤਾ ਨਾਲ ਵੀ ਮਿਲਣ ਨਹੀਂ ਦਿੱਤਾ ਜਾ ਰਿਹਾ। ਸਿੰਘ ਸਾਹਿਬ ਨੇ ਕਿਹਾ ਕਿ ਪਿਛਲੇ ਕੁਝ ਮਹੀਨੇ ਪਹਿਲਾਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਮਨਾਏ ਗਏ 350 ਸਾਲਾਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਮੌਕੇ ਪੰਜਾਬ ਸਰਕਾਰ ਵੱਲੋਂ ਇੱਥੇ ਲਗਾਈ ਗਈ ਵਿਧਾਨ ਸਭਾ ਮੌਕੇ ਮੇਰੇ ਵੱਲੋਂ ਇਹ ਕਿਹਾ ਗਿਆ ਸੀ ਕਿ ਬੰਦੀ ਸਿੰਘਾਂ ਦਾ ਮਤਾ ਇਸ ਵਿਧਾਨ ਸਭਾ ਵਿੱਚ ਲਿਆਂਦਾ ਜਾਵੇ ਪਰ ਸਰਕਾਰਾਂ ਕਿਸੇ ਠੋਸ ਫੈਸਲੇ ਨੂੰ ਲਾਗੂ ਕਰਨ ਦੀ ਬਜਾਏ ਸਿੱਖਾਂ ਨਾਲ ਦੋਗਲੀ ਨੀਤੀ ਅਪਨਾ ਰਹੀ ਹੈ। ਸਿੰਘ ਸਾਹਿਬ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਸਾਰੀਆਂ ਤਾਕਤਾਂ ਸਿੱਖਾਂ ਨੂੰ ਖਤਮ ਕਰਨ ਵੱਲ ਲੱਗੀਆਂ ਹੋਈਆਂ ਹਨ ਪਰ ਫਿਰ ਵੀ ਸਿੱਖ ਚੜ੍ਹਦੀ ਕਲਾ ਵਿੱਚ ਹਨ ਅਤੇ ਚੜ੍ਹਦੀਕਲਾ ਵਿੱਚ ਹੀ ਰਹਿਣਗੇ।

# ਪਰਮਜੀਤ ਸਿੰਘ ਮਾਹੀ ਸ੍ਰੀ ਗੁਰੂ ਰਵਿਦਾਸ ਟਰੱਸਟ ਦੇ 5ਵੀਂ ਵਾਰ ਮੁੜ ਪ੍ਰਧਾਨ ਬਣੇ

## ਸੰਗਤ ਨੇ ਹੱਥ ਖੜ੍ਹੇ ਕਰ ਕੇ ਸਰਬਸੰਮਤੀ ਨਾਲ ਦਿੱਤੀ ਸਹਿਮਤੀ



ਰਾਜਪੁਰਾ, 15 ਅਪ੍ਰੈਲ (ਮਦਨ ਲਾਲ) : ਸ੍ਰੀ ਗੁਰੂ ਰਵਿਦਾਸ ਟਰਸ਼ਟ ਕਾਲਕਾ ਰੋਡ ਰਾਜਪੁਰਾ ਦੀ ਇਕ ਅਹਿਮ ਮੀਟਿੰਗ ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਕਾਲਕਾ ਰੋਡ ਰਾਜਪੁਰਾ ਵਿਖੇ ਹੋਈ, ਜਿਸ ਵਿਚ ਟਰਸ਼ਟ ਦੀ ਪੁਰਾਣੀ ਕਮੇਟੀ ਨੂੰ ਭੰਗ ਕਰ ਕੇ ਸਾਬਕਾ ਵਾਈਸ ਪ੍ਰਧਾਨ ਐਡਵੋਕੇਟ ਰਵਿੰਦਰ ਸਿੰਘ ਨੂੰ ਨਵੀਂ ਕਮੇਟੀ ਚੁਣਨ ਦੀ ਜਿੰਮੇਵਾਰੀ ਦਿੱਤੀ ਗਈ। ਐਡਵੋਕੇਟ ਰਵਿੰਦਰ ਸਿੰਘ ਨੇ ਸਮੁੱਚੀ ਸੰਗਤ ਵਿਖੇ ਨਵੇਂ ਪ੍ਰਧਾਨ ਦੀ ਦਾਅਵੇਦਾਰੀ ਪੇਸ਼ ਕਰਨ ਲਈ ਐਲਾਨ ਕੀਤਾ ਤਾਂ ਸਾਬਕਾ ਜ. ਸਕੱਤਰ ਕੈਪਟਨ ਰਜਵੰਤ ਸਿੰਘ ਨੇ ਪਰਮਜੀਤ ਸਿੰਘ ਮਾਹੀ ਦਾ ਨਾਮ ਪੇਸ਼ ਕੀਤਾ। ਸੰਗਤ ਵੱਲੋਂ ਜੈਕਾਰੇ ਲਗਾਉਂਦੇ ਹੋਏ ਹੱਥ ਖੜੇ ਕਰ ਕੇ 5ਵੀਂ ਵਾਰ ਪ੍ਰਧਾਨ ਬਣਾਉਣ ਲਈ ਸਹਿਮਤੀ ਦਿੱਤੀ ਗਈ।

ਇਸ ਉਪਰੰਤ ਪ੍ਰਧਾਨ ਮਾਹੀ ਵੱਲੋਂ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿਚ ਐਡਵੋਕੇਟ ਰਵਿੰਦਰ ਸਿੰਘ ਮੀਤ ਪ੍ਰਧਾਨ, ਧਨਵੰਤ ਸਿੰਘ ਜਨਰਲ ਸਕੱਤਰ, ਕੈਪਟਨ ਰਜਵੰਤ ਸਿੰਘ ਖਜਾਨਚੀ, ਸੁਖਵਿੰਦਰ ਸਿੰਘ ਹੈਪੀ ਸਟੋਰ ਇੰਚਾਰਜ ਚੁਣੇ ਗਏ।

ਇਸ ਮੌਕੇ ,ਮਨਜੀਤ ਸਿੰਘ,ਕੁਲਵੰਤ ਸਿੰਘ ਜੱਸਲ, ਹਰਮੇਸ਼ ਸਿੰਘ, ਤਲਵਿੰਦਰ ਸਿੰਘ,ਕਰਮ ਸਿੰਘ, ਭੁਪਿੰਦਰ ਸਿੰਘ ਚੌਪੜਾ,ਜਸਵਿੰਦਰ ਸਿੰਘ ਖਾਲਸਾ, ਸ਼ਮਸ਼ੇਰ ਸਿੰਘ,ਗਿਆਨ ਸਿੰਘ, ਗੁਰਵਿੰਦਰ ਸਿੰਘ, ਤੀਰਥ ਸਿੰਘ, ਬਲਜਿੰਦਰ ਸਿੰਘ, ਸੁਖਵਿੰਦਰ ਸਿੰਘ, ਕਿਰਨਜੀਤ ਸਿੰਘ, ਸੰਜੇ ਕੁਮਾਰ, ਨਰਿੰਦਰ ਸਿੰਘ ਰਿੰਕੂ, ਮਹਿੰਦਰ ਸਿੰਘ ਮਹਿਤਾ, ਲਵਪ੍ਰੀਤ ਸਿੰਘ, ਇਕਬਾਲ ਕੌਰ, ਊਸ਼ਾ ਰਾਣੀ, ਹਰਪਾਲ ਸਿੰਘ, ਲਾਭ ਸਿੰਘ,ਉਧਮ ਸਿੰਘ, ਬਲਬੀਰ ਸਿੰਘ, ਜਤਿੰਦਰ ਸਿੰਘ, ਬਚਨ ਸਿੰਘ, ਕ੍ਰਿਪਾਲ ਸਿੰਘ, ਸਤਪਾਲ ਸਿੰਘ, ਜਸਪਾਲ ਸਿੰਘ ਤੋਂ ਇਲਾਵਾ ਹੋਰ ਸੰਗਤ ਵੀ ਮੌਜੂਦ ਸੀ।

# ਦੇਸ਼ 'ਚ ਦਲਿਤ ਭਾਈਚਾਰੇ 'ਚੋਂ ਵੱਡੇ-ਵੱਡੇ ਅਹੁਦਿਆਂ 'ਤੇ ਬੈਠੇ ਅਫਸਰ ਡਾ.ਅੰਬੇਦਕਰ ਦੀ ਦੇਣ : ਪ੍ਰੋ.ਚੰਦੂਮਾਜਰਾ



ਰਾਜਪੁਰਾ, 15 ਅਪ੍ਰੈਲ (ਸੰਜੀਵ ਕੁਮਾਰ) : ਦੇਸ਼ ਵਿੱਚ ਦਲਿਤ ਭਾਈਚਾਰੇ 'ਚੋਂ ਵੱਡੇ-ਵੱਡੇ ਅਹੁਦਿਆਂ ਉੱਤੇ ਬੈਠੇ ਅਫਸਰ ਡਾਕਟਰ ਭੀਮ ਰਾਓ ਅੰਬੇਦਕਰ ਦੀ ਬਦੌਲਤ ਲਤ ਹਨ ਜਿਨ੍ਹਾਂ ਨੇ ਦੇਸ਼ ਦੇ ਸੰਵਿਧਾਨ ਵਿੱਚ ਸਾਰਿਆਂ ਲਈ ਬਰਾਬਰ ਦਾ ਅਧਿਕਾਰ ਦਿੱਤਾ ਹੈ।

ਇਹ ਵਿਚਾਰ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ ਨੇ ਰਾਜਪੁਰਾ ਵਿਖੇ ਫੁਹਾਰਾ ਚੌਕ ਨੇੜੇ ਪਹੁੰਚ ਕੇ ਪ੍ਰਧਾਨ ਹੰਸ ਰਾਜ ਦੀ ਅਗਵਾਈ ਵਿੱਚ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਿਤ ਕਰਵਾਏ ਗਏ ਇੱਕ ਸਮਾਗਮ ਵਿੱਚ ਪੱਤਰਕਾਰ ਨਾਲ ਕੀਤੀ ਗੱਲਬਾਤ ਦੌਰਾਨ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਪ੍ਰਧਾਨ ਹੰਸਰਾਜ ਜੋ ਕਿ ਲੀਡਰ ਦੇ ਤੌਰ 'ਤੇ ਸੇਵਾ ਕਰਦੇ ਨੇ ਅਤੇ ਜਿਹੜੀ ਪਹਿਚਾਣ ਬਣਾਈ ਹੈ ਅਤੇ ਜੋ ਕਾਮਿਆਂ ਮਜਦੂਰਾਂ ਤੇ ਮਿਹਨਤ ਕਸ ਲੋਕਾਂ ਨੂੰ ਲਾਮਬੰਦ ਕਰਕੇ ਉਹਨਾਂ ਦੀ ਆਵਾਜ਼ ਬੁਲੰਦ ਕਰਦੇ ਹਨ। ਮੈਂ ਸਮਝਦਾ ਡਾਕਟਰ ਭੀਮ ਰਾਓ ਅੰਬੇਡਕਰ ਦੀ ਬਦੌਲਤ ਹੈ ਨਹੀਂ ਤਾਂ ਇਸ ਮੁਲਕ ਦੇ ਪੁਰਾਣੇ ਸ਼ਮੇਂ ਵਿੱਚ ਜੋ ਲੋਕਾਂ ਦੀ ਸੋਚ ਸੀ ਕਿ ਕਿਸੇ ਗਰੀਬ, ਕਿਰਤੀ ਬੰਦੇ ਨੂੰ ਘਰ ਦੇ ਅੱਗੋਂ ਤੋਂ ਨਹੀਂ ਲੰਘਣ ਦਿੰਦੇ ਸਨ ਅਤੇ ਆਜ਼ਾਦ ਭਾਰਤ ਵਿੱਚ ਡਾਕਟਰ ਅੰਬੇਡਕਰ ਦੀ ਬਦੌਲਤ ਸੰਵਿਧਾਨ ਦੇ ਜਰੀਏ ਸਾਰਿਆਂ ਨੂੰ ਬਰਾਬਰਤਾ ਦਾ ਆਧਿਕਾਰ ਮਿਲਿਆ। ਉਨ੍ਹਾਂ ਸਾਰਿਆਂ ਨੂੰ ਖਾਲਸਾ ਸਿਰਜਨਾ ਦਿਹਾੜੇ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਅੱਜ ਦੇ ਦਿਨ ਹੀ ਗੁਰੂ ਗੋਬਿੰਦ ਸਿੰਘ ਨੇ ਪੰਜ ਪਿਆਰਿਆਂ ਨੂੰ ਇਕ ਹੀ ਬਾਟੇ ਵਿੱਚ ਅੰਮ੍ਰਿਤ ਛਕਾ ਕੇ ਬਰਾਬਰਤਾ ਦੀ ਨੀਂਹ ਰੱਖੀ ਸੀ।

# ਚੈੱਕ ਬਾਊਂਸ ਮਾਮਲੇ 'ਚ ਭਗੌੜਾ ਗ੍ਰਿਫਤਾਰ

ਮੰਡੀਗੋਬਿੰਦਗੜ੍ਹ, 15 ਅਪ੍ਰੈਲ (ਰੂਪਲ ਸੂਦ): ਪੀ.ਓ ਸਟਾਫ ਫਤਹਿਗੜ੍ਹ ਸਾਹਿਬ ਦੀ ਪੁਲਿਸ ਨੇ ਚੈੱਕ ਬਾਊਂਸ ਮਾਮਲੇ ਵਿੱਚ ਇੱਕ ਭਗੌੜੇ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਐਸ.ਐਚ.ਓ ਕੁਲਵੰਤ ਸਿੰਘ ਨੇ ਦੱਸਿਆ ਕਿ ਅਮਨਦੀਪ ਸਿੰਘ ਪੁੱਤਰ ਮਨਜੀਤ ਸਿੰਘ ਵਾਸੀ ਬਸੀ ਪਠਾਨਾਂ ਦਾ ਅਰਜਨ ਵਾਸੀ ਵਰਿੰਦਾਵਨ (ਉੱਤਰ ਪ੍ਰਦੇਸ਼) ਨਾਲ ਪੈਸਿਆਂ ਦਾ ਲੈਣ ਦੇਣ ਸੀ। ਅਮਨਦੀਪ ਸਿੰਘ ਨੇ ਚੈੱਕ ਬਾਊਂਸ ਹੋਣ ਬਾਅਦ ਅਰਜਨ ਦੇ ਖਿਲਾਫ ਫਤਹਿਗੜ੍ਹ ਸਾਹਿਬ ਦੀ ਅਦਾਲਤ ਵਿਚ ਕੇਸ ਕਰ ਦਿੱਤਾ ਜਿਸ ਵਿਚ 26 ਫ਼ਰਵਰੀ ਨੂੰ ਮਾਨਯੋਗ ਅਦਾਲਤ ਨੇ ਅਰਜੁਨ ਨੂੰ ਭਗੌੜਾ ਕਰਾਰ ਦੇ ਦਿੱਤਾ ਜਿਸ 'ਤੇ ਪੀ.ਓ ਸਟਾਫ ਦੀ ਪੁਲਿਸ ਨੇ ਕਾਰਵਾਈ ਕਰਦੇ ਹੋਏ ਉਸ ਨੂੰ ਗ੍ਰਿਫ਼ਤਾਰ ਕਰਕੇ ਅਦਾਲਤ 'ਚ ਪੇਸ਼ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਅਰਜਨ ਨੂੰ ਚੈੱਕ ਬਾਊਂਸ ਦੇ 2 ਮਾਮਲਿਆਂ ਵਿੱਚ ਜ਼ਮਾਨਤ ਮਿਲ ਗਈ ਅਤੇ ਇੱਕ ਹੋਰ ਕੇਸ ਵਿੱਚ ਉਸ ਨੂੰ 14 ਦਿਨ ਲਈ ਨਿਆਂਇਕ ਹਿਰਾਸਤ ਵਿੱਚ ਜੇਲ੍ਹ ਭੇਜ ਦਿੱਤਾ ।

# ਭਾਰਤ ਰਤਨ ਡਾ. ਭੀਮ ਰਾਓ ਸਮੁੱਚੀ ਮਨੁੱਖਤਾ ਤੇ ਨਾਰੀ ਜਾਤੀ ਦੇ ਮੁਕਤੀਦਾਤਾ ਸਨ : ਵਧੀਕ ਡਿਪਟੀ ਕਮਿਸ਼ਨਰ



ਫ਼ਤਹਿਗੜ੍ਹ ਸਾਹਿਬ, 15 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ) : ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਕੇਵਲ ਇੱਕ ਵਰਗ ਦੇ ਰਹਿਬਰ ਨਹੀਂ ਸਨ, ਸਗੋਂ ਉਹ ਸਮੁੱਚੀ ਮਨੁੱਖਤਾ ਅਤੇ ਨਾਰੀ ਜਾਤੀ ਦੇ ਮੁਕਤੀਦਾਤਾ ਸਨ। ਉਨ੍ਹਾਂ ਨੇ ਆਪਣਾ ਸਾਰਾ ਜੀਵਨ ਸਮਾਜਿਕ ਬਰਾਬਰੀ ਅਤੇ ਦੱਬੇ-ਕੁਚਲੇ ਲੋਕਾਂ ਦੇ ਹੱਕਾਂ ਲਈ ਲੇਖੇ ਲਾ ਦਿੱਤਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ ਸੁਰਿੰਦਰ ਸਿੰਘ ਧਾਲੀਵਾਲ ਨੇ ਅੱਜ ਡਾ. ਭੀਮ ਰਾਓ ਅੰਬੇਡਕਰ ਦੇ134ਵੇਂ ਜਨਮ ਦਿਵਸ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ, ਉਨ੍ਹਾਂ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕਰਨ ਮੌਕੇ ਕੀਤਾ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਬਾਬਾ ਸਾਹਿਬ ਅੰਬੇਡਕਰ ਇੱਕ ਮਹਾਨ ਵਿਦਵਾਨ, ਸੰਵਿਧਾਨ ਨਿਰਮਾਤਾ ਅਤੇ ਕਾਨੂੰਨਦਾਨ ਸਨ, ਜਿਨ੍ਹਾਂ ਦੀ ਸੋਚ ਅਤੇ ਵਿਜ਼ਨ ਅੱਜ ਵੀ ਸਾਡੇ ਲਈ ਮਾਰਗਦਰਸ਼ਕ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਮਹਾਨ ਸ਼ਖ਼ਸੀਅਤਾਂ ਸਦੀਆਂ ਵਿੱਚ ਇੱਕ ਵਾਰ ਜਨਮ ਲੈਂਦੀਆਂ ਹਨ ਅਤੇ ਉਨ੍ਹਾਂ ਦੇ ਦਿਖਾਏ ਰਾਹ 'ਤੇ ਚੱਲ ਕੇ ਹੀ ਸਮਾਜ ਤਰੱਕੀ ਕਰ ਸਕਦਾ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਫਤਹਿਗੜ੍ਹ ਸਾਹਿਬ ਦੀ ਇਹ ਵਚਨਬੱਧਤਾ ਹੈ ਕਿ ਜੋ ਵੀ ਸਰਕਾਰੀ ਲੋਕ ਭਲਾਈ ਸਕੀਮਾਂ ਹਨ ਉਹ ਲੋੜਵੰਦ ਲੋਕਾਂ ਨੂੰ ਮਿਲਣ। ਉਨ੍ਹਾਂ ਸਾਰੇ ਅਧਿਕਾਰੀਆਂ ਅਤੇ ਸ਼ਹਿਰ ਵਾਸੀਆਂ ਨੂੰ ਆਪਣਾ ਫਰਜ਼ ਸਮਝਦੇ ਹੋਏ ਪੱਛੜੇ ਵਰਗ ਦੇ ਲੋਕਾਂ ਨੂੰ ਲੋਕ ਭਲਾਈ ਸਕੀਮਾਂ ਬਾਰੇ ਜਾਗਰੂਕ ਕਰਨ ਲਈ ਕਿਹਾ। ਇਸ ਮੌਕੇ ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਮੁਕਲ ਬਾਵਾ ਤੋਂ ਇਲਾਵਾ ਵੱਖ-ਵੱਖ ਵਿਭਾਗੀ ਅਧਿਕਾਰੀ, ਕਰਮਚਾਰੀ ਵੀ ਹਾਜ਼ਰ ਸਨ।

# ਡਾ. ਅੰਬੇਡਕਰ ਦੀ ਸੋਚ ਨੇ ਹਰ ਭਾਰਤੀ ਨੂੰ ਆਪਣੇ ਅਧਿਕਾਰਾਂ ਲਈ ਖੜ੍ਹਾ ਹੋਣ ਦੀ ਹਿੰਮਤ ਦਿੱਤੀ: ਬੰਨੀ ਸੰਧੂ



ਡੇਰਾਬੱਸੀ, 15 ਅਪ੍ਰੈਲ (ਮਨਦੀਪ ਵਰਮਾ/ਯੋਗੇਸ਼ ਰਾਣਾ): ਭਾਰਤੀ ਜਨਤਾ ਪਾਰਟੀ ਮੰਡਲ ਡੇਰਾਬੱਸੀ ਵੱਲੋਂ ਮੰਡਲ ਪ੍ਰਧਾਨ ਪਵਨ ਧੀਮਾਨ ਦੀ ਅਗਵਾਈ ਹੇਠ ਡੇਰਾ ਬੱਸੀ ਵਿਖੇ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜਯੰਤੀ ਸ਼ਰਧਾ, ਗੌਰਵ ਅਤੇ ਉਤਸ਼ਾਹ ਨਾਲ ਮਨਾਈ ਗਈ।ਪ੍ਰੋਗਰਾਮ ਦੀ ਸ਼ੁਰੂਆਤ ਬਾਬਾ ਸਾਹਿਬ ਦੀ ਪ੍ਰਤਿਮਾ ਉੱਤੇ ਫੁੱਲ ਅਰਪਿਤ ਕਰਕੇ ਕੀਤੀ ਗਈ, ਉਸ ਤੋਂ ਬਾਅਦ ਲੱਡੂ ਵੰਡੇ ਗਏ।

ਇਸ ਮੌਕੇ ਭਾਜਪਾ ਆਗੂ ਮਨਪ੍ਰੀਤ ਸਿੰਘ (ਬੰਨੀ) ਸੰਧੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਡਾ. ਅੰਬੇਡਕਰ ਸਿਰਫ਼ ਇੱਕ ਵਿਅਕਤੀ ਨਹੀਂ, ਸਗੋਂ ਇੱਕ ਵਿਚਾਰਧਾਰਾ, ਇੱਕ ਪ੍ਰੇਰਣਾ ਅਤੇ ਇੱਕ ਸਮਾਜਿਕ ਕ੍ਰਾਂਤੀ ਹਨ। ਉਨ੍ਹਾਂ ਦੀ ਸੋਚ ਨੇ ਹਰ ਭਾਰਤੀ ਨੂੰ ਆਪਣੇ ਅਧਿਕਾਰਾਂ ਲਈ ਖੜ੍ਹਾ ਹੋਣ ਦੀ ਹਿੰਮਤ ਦਿੱਤੀ।

ਸਮਾਨਤਾ, ਅਧਿਕਾਰ ਅਤੇ ਨਿਆਂ-ਬਾਬਾ ਸਾਹਿਬ ਦੀ ਇਹ ਸਿੱਖਿਆ ਅੱਜ ਵੀ ਸਾਡੇ ਲਈ ਪ੍ਰੇਰਣਾ ਸਰੋਤ ਹੈ ਅਤੇ ਇਹੀ ਸੋਚ ਭਾਰਤ ਨੂੰ ਵਿਸ਼ਵ ਦਾ ਸਭ ਤੋਂ ਵੱਡਾ ਲੋਕਤੰਤਰ ਬਣਾਉਂਦੀ ਹੈ। ਜੋ ਸੇਵਾ, ਸਮਰਪਣ ਅਤੇ ਸਾਂਝੀਵਾਲਤਾ ਦਾ ਜੀਵਨ ਉਦਾਹਰਨ ਸੀ। ਇਸ ਮੌਕੇ ਐਸ. ਸੀ. ਮੋਰਚਾ ਦੇ ਪ੍ਰਧਾਨ ਅਮਨ ਪਾਹਵਾ, ਮੰਡਲ ਸਕੱਤਰ ਦਵਿੰਦਰ ਪਾਲ ਪੁੰਡੀਰ, ਹਰਮੇਸ਼ ਗੁਪਤਾ, ਬੰਟੀ ਸ਼ਰਮਾ, ਰਿੰਕੂ ਪੰਡਿਤ, ਮਨੀਸ਼ ਧਿਮਾਨ, ਮੱਖਣ ਸਿੰਘ, ਅਵਤਾਰ ਸਿੰਘ, ਬਲਕਾਰ ਸਿੰਘ, ਰੰਤਨਜੀਤ ਸਿੰਘ, ਕਰਮਜੀਤ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ।

# ਅੰਬੇਡਕਰ ਜਯੰਤੀ ਮੌਕੇ ਵਿਧਾਇਕ ਚੱਢਾ ਨੇ ਬਾਬਾ ਸਾਹਿਬ ਨੂੰ ਭੇਟ ਕੀਤੀ ਸ਼ਰਧਾਂਜਲੀ



ਰੂਪਨਗਰ, 15 ਅਪ੍ਰੈਲ (ਅਮਿਤ ਅਰੋੜਾ): ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਦੱਬੇ-ਕੁਚਲੇ ਵਰਗਾਂ ਦੇ ਮਸੀਹਾ ਮੰਨੇ ਜਾਂਦੇ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਮੌਕੇ ਅੰਬੇਡਕਰ ਚੌਕ ਵਿਖੇ ਹਲਕਾ ਰੂਪਨਗਰ ਦੇ ਵਿਧਾਇਕ ਦਿਨੇਸ਼ ਚੱਢਾ ਨੇ ਬਾਬਾ ਸਾਹਿਬ ਦੇ ਬੁੱਤ ਅੱਗੇ ਨਮਨ ਕਰਦਿਆਂ ਫੁੱਲਮਾਲਾਵਾਂ ਭੇਟ ਕਰਕੇ ਉਨ੍ਹਾਂ ਨੂੰ ਭਾਵਪੂਰਨ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਡਾ. ਅੰਬੇਡਕਰ ਦਾ ਜੀਵਨ ਸੰਘਰਸ਼, ਸਮਾਨਤਾ ਅਤੇ ਸਮਾਜਿਕ ਨਿਆਂ ਲਈ ਇੱਕ ਪ੍ਰੇਰਨਾਸਰੋਤ ਹੈ। ਉਨ੍ਹਾਂ ਨੇ ਕਿਹਾ ਕਿ ਬਾਬਾ ਸਾਹਿਬ ਨੇ ਭਾਰਤੀ ਸਮਾਜ ਨੂੰ ਇੱਕ ਨਵੀਂ ਦਿਸ਼ਾ ਦਿੱਤੀ ਅਤੇ ਸੰਵਿਧਾਨ ਰਾਹੀਂ ਹਰ ਵਰਗ ਨੂੰ ਬਰਾਬਰੀ ਦੇ ਅਧਿਕਾਰ ਦਿਵਾਏ। ਉਹਨਾਂ ਨੇ ਜ਼ੋਰ ਦੇ ਕੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਡਾ. ਅੰਬੇਡਕਰ ਦੇ ਵਿਚਾਰਾਂ ਨੂੰ ਅਪਨਾਉਣਾ ਹੋਰ ਵੀ ਜ਼ਰੂਰੀ ਹੋ ਗਿਆ ਹੈ, ਤਾਂ ਜੋ ਸਮਾਜ ਵਿੱਚ ਮੌਜੂਦ ਅਸਮਾਨਤਾਵਾਂ ਨੂੰ ਖਤਮ ਕੀਤਾ ਜਾ ਸਕੇ। ਵਿਧਾਇਕ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਬਾਬਾ ਸਾਹਿਬ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ ਅਤੇ ਸਮਾਜ ਦੇ ਹਰੇਕ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ, ਰੋਜ਼ਗਾਰ ਅਤੇ ਸਮਾਜਿਕ ਸੁਰੱਖਿਆ ਦੇ ਖੇਤਰ ਵਿੱਚ ਕਈ ਮਹੱਤਵਪੂਰਨ ਕਦਮ ਚੁੱਕੇ ਜਾ ਰਹੇ ਹਨ, ਜਿਸ ਨਾਲ ਪਿਛੜੇ ਅਤੇ ਕਮਜ਼ੋਰ ਵਰਗਾਂ ਨੂੰ ਮਜ਼ਬੂਤੀ ਮਿਲ ਰਹੀ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਿਲ ਕੇ ਬਾਬਾ ਸਾਹਿਬ ਦੇ ਦਰਸਾਏ ਰਸਤੇ 'ਤੇ ਚੱਲਦਿਆਂ ਇੱਕ ਨਿਆਂਪੂਰਨ ਅਤੇ ਸਮਾਨਤਾ ਵਾਲਾ ਸਮਾਜ ਬਣਾਉਣ ਲਈ ਯਤਨ ਕਰਨੇ ਚਾਹੀਦੇ ਹਨ। ਇਸ ਮੌਕੇ ਹਾਜ਼ਰ ਹੋਏ ਹੋਰ ਸਖ਼ਸ਼ੀਅਤਾਂ ਨੇ ਵੀ ਬਾਬਾ ਸਾਹਿਬ ਦੇ ਯੋਗਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਦਰਸ਼ਨ ਅਤੇ ਵਿਚਾਰਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਕੀਤਾ। ਇਸ ਮੌਕੇ ਉੱਤੇ ਚੇਅਰਮੈਨ ਨਗਰ ਪਰਿਸ਼ਦ ਅਸ਼ੋਕ ਬਾਹੀ, ਬਲਾਕ ਪ੍ਰਧਾਨ ਪਰਮਿੰਦਰ ਸਿੰਘ ਬਾਲਾ, ਸੁਰਜਨ ਸਿੰਘ, ਚੇਅਰਮੈਨ ਭਾਗ ਸਿੰਘ ਮੈਦਾਨ, ਚੇਅਰਮੈਨ ਸ਼ਿਵ ਕੁਮਾਰ ਲਾਲਪੁਰਾ, ਮੁਲਾਜ਼ਮ ਆਗੂ ਬਨਵਾਰੀ ਲਾਲ ਮੱਟੂ, ਸੰਦੀਪ ਜੋਸ਼ੀ, ਡਾਕਟਰ ਦਵਿੰਦਰ ਬਜਾਰ, ਨਵਪ੍ਰੀਤ ਸ਼ਰਮਾ, ਐਡਵੋਕੇਟ ਅਮਨਦੀਪ ਸੈਣੀ, ਕੁਲਦੀਪ ਸਿੰਘ, ਮਨਦੀਪ ਸਿੰਘ, ਅਮਨਦੀਪ ਸਿੰਘ, ਮਾਸਟਰ ਜਗਦੀਤ ਸਿੰਘ, ਵਿਜੇ ਬਹਾਦਰ, ਜਥੇਦਾਰ ਭਾਗ ਸਿੰਘ, ਪ੍ਰਿੰਸੀਪਲ ਗੁਰਮੁਖ ਸਿੰਘ, ਪ੍ਰਿੰਸੀਪਲ ਸੰਤ ਸਿੰਘ ਹਾਜ਼ਰ ਸਨ।

# ਸਰਕਾਰੀ ਦਫ਼ਤਰਾਂ 'ਚ ਸਮੇਂ ਦੀ ਪਾਬੰਦੀ ਹੁੰਦੇ ਹੋਏ ਵੀ ਅਧਿਕਾਰੀ ਨਹੀਂ ਆਉਂਦੇ ਸਮੇਂ 'ਤੇ

ਖਮਾਣੋਂ, 15 ਅਪ੍ਰੈਲ (ਰਾਜੀਵ ਤਿਵਾੜੀ) : ਸਰਕਾਰੀ ਦਫਤਰਾਂ ਵਿੱਚ ਅਧਿਕਾਰੀਆ ਅਤੇ ਕਰਮਚਾਰੀਆਂ ਵੱਲੋਂ ਸਮੇਂ ਦੀ ਪਾਬੰਦੀ ਨੂੰ ਨਾ ਮੰਨਦੇ ਹੋਏ ਸਰਕਾਰ ਦੇ ਹੁਕਮਾਂ ਨੂੰ ਟਿੱਚ ਜਾਣਦੇ ਨੇ ਇਸ ਤਰ੍ਹਾਂ ਕੰਮਾਂਕਾਰਾਂ ਲਈ ਦਫਤਰਾਂ ਵਿੱਚ ਆਉਣ ਵਾਲੇ ਲੋਕਾਂ ਨੂੰ ਆ ਰਹੀ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਬਹੁਤ ਵਧੀਆ ਸੁੱਖ ਸਹੂਲਤਾਂ ਲੋਕਾਂ ਨੂੰ ਦੇ ਰਹੀ ਹੈ, ਅਸੀਂ ਇਸ ਭਗਵੰਤ ਮਾਨ ਸਰਕਾਰ ਤੋਂ ਬਹੁਤ ਖੁਸ਼ ਹੈ ਪਰ ਕਈ ਅਧਿਕਾਰੀ ਤੇ ਕਰਮਚਾਰੀ ਆਪਣੀ ਡਿਊਟੀ ਉੱਤੇ ਸਮੇਂ ਸਿਰ ਹਾਜ਼ਰ ਨਾ ਹੋਣ ਕਾਰਨ ਕੰਮ ਕਾਰ ਕਰਵਾਉਣ ਵਿੱਚ ਬਹੁਤ ਦਿਨ ਗੇੜੇ ਮਾਰਨੇ ਪੈਂਦੇ ਹਨ, ਸਹੂਲਤਾਂ ਪਾਪਤ ਕਰਨ ਲਈ ਜੱਦੋ-ਜਹਿਦ ਕਰਨੀ ਪੈਂਦੀ ਹੈ, ਜਿਸ ਕਾਰਨ ਲੋਕਾਂ ਨੂੰ ਆਪਣੇ ਕੰਮ ਕਰਵਾਉਣ ਵਿੱਚ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਆਮ ਲੋਕਾਂ ਦਾ ਇੱਥੇ ਇਹ ਕਹਿਣਾ ਹੈ ਕਿ ਸਰਕਾਰੀ ਦਫਤਰ ਹਫਤੇ ਵਿੱਚ ਪੰਜ ਦਿਨ ਲੱਗਦੇ ਨੇ ਤੇ ਤਾਂ ਵੀ ਅਧਿਕਾਰੀ ਟਾਇਮ 'ਤੇ ਨਹੀਂ ਆਉਂਦੇ। ਸ਼ੁੱਕਰਵਾਰ ਨੂੰ ਅਫਸਰ ਜਲਦੀ ਹੀ ਦਫਤਰਾਂ ਵਿੱਚੋਂ ਗਾਇਬ ਹੋ ਜਾਂਦੇ ਹਨ, ਜਦੋਂ ਬੈਠੇ ਮੁਲਾਜ਼ਮਾਂ ਨੂੰ ਪੁੱਛਿਆ ਜਾਂਦਾ ਹੈ ਕਿ ਅਫਸਰ ਕਦੋਂ ਆਉਣਗੇ ਤਾਂ ਦਫਤਰ ਵਿੱਚ ਬੈਠੇ ਮੁਲਾਜ਼ਮਾਂ ਕੋਲ ਇੱਕ ਗੱਲ ਰਟੀ ਰਟਾਈ ਹੁੰਦੀ ਹੈ ਸਾਹਿਬ ਮੀਟਿੰਗ ਵਿੱਚ ਨੇ ਜਾਂ ਹੈਡ ਆਫਿਸ ਜਾਣਾ ਸੀ ਜਾਂ ਕੋਰਟ ਵਿੱਚ ਚਲੇ ਗਏ ਕਿਉਂਕਿ ਸ਼ਨੀਵਾਰ ਦੀ ਛੁੱਟੀ ਹੋਣ ਕਾਰਨ ਜਲਦੀ ਆਪਣੇ ਦਫਤਰਾਂ ਵਿੱਚੋਂ ਗਾਇਬ ਹੋ ਜਾਂਦੇ ਹਨ ਕਿਉਂਕਿ ਇਨ੍ਹਾਂ ਅਫਸਰਾਂ ਨੇ ਦੂਰ-ਦਰਾਡੇ ਜਾਣਾ ਹੁੰਦਾ ਹੈ ਆਮ ਲੋਕਾਂ ਦਾ ਕਹਿਣਾ ਹੈ ਕਿ ਇਹੋ ਜਿਹੇ ਅਧਿਕਾਰੀ ਕਰਮਚਾਰੀਆਂ ਦੀ ਰੁਟੀਨ ਚੈਕਿੰਗਾਂ ਹੋਣੀਆਂ ਚਾਹੀਦੀਆਂ ਹਨ ਜੋ ਆਮ ਲੋਕਾਂ ਦੇ ਕੰਮ ਸੰਚਾਰੂ ਢੰਗ ਨਾਲ ਚੱਲ ਸਕਣ।

# ਡੇਰਾਬੱਸੀ ਦੇ ਹਸਪਤਾਲ 'ਚ ਮਰੀਜ਼ ਦੀ ਮੌਤ ਤੋਂ ਬਾਅਦ ਪਰਿਵਾਰ ਵੱਲੋਂ ਹੰਗਾਮਾ



ਡੇਰਾਬੱਸੀ, 15 ਅਪ੍ਰੈਲ (ਮਨਦੀਪ ਵਰਮਾ/ਯੋਗੇਸ਼ ਰਾਣਾ) : ਡੇਰਾਬੱਸੀ-ਅੰਬਾਲਾ ਸੜਕ 'ਤੇ ਸਥਿਤ ਇੰਡਸ ਹਸਪਤਾਲ ਇੱਕ ਵਾਰ ਮੁੜ ਤੋਂ ਵਿਵਾਦਾਂ 'ਚ ਘਿਰ ਗਿਆ ਹੈ। 4 ਅਪ੍ਰੈਲ ਨੂੰ ਛਾਤੀ ਵਿਚ ਹਲਕੇ ਦਰਦ ਦੀ ਸ਼ਿਕਾਇਤ ਨਾਲ ਦਾਖਲ ਕਰਵਾਏ ਗਏ 35 ਸਾਲਾ ਦੀਪਕ ਦੀ 13 ਅਪ੍ਰੈਲ ਨੂੰ ਮੌਤ ਹੋ ਗਈ, ਜਿਸ ਤੋਂ ਬਾਅਦ ਪਰਿਵਾਰ ਨੇ ਡਾਕਟਰਾਂ 'ਤੇ ਗੰਭੀਰ ਲਾਪ੍ਰਵਾਹੀ ਦੇ ਦੋਸ਼ ਲਗਾਏ ਹਨ। ਮ੍ਰਿਤਕ ਦੀ ਪਹਿਚਾਣ ਦੀਪਕ ਵਜੋਂ ਹੋਈ ਹੈ, ਜੋ ਡੇਰਾਬੱਸੀ ਦੀ ਜੀਬੀਪੀ ਸੁਸਾਇਟੀ ਦਾ ਵਸਨੀਕ ਸੀ ਅਤੇ ਸਪੇਅਰ ਪਾਰਟ ਡਿਸਟ੍ਰੀਬਿਊਟਰ ਵਜੋਂ ਕੰਮ ਕਰਦਾ ਸੀ। ਪਰਿਵਾਰਕ ਮੈਂਬਰਾਂ ਮੁਤਾਬਕ, ਦੀਪਕ ਨੂੰ 4 ਅਪ੍ਰੈਲ ਨੂੰ ਹਲਕੇ ਦਰਦ ਤੋਂ ਬਾਅਦ ਆਪ ਹੀ ਗੱਡੀ ਚਲਾ ਇੰਡਸ ਹਸਪਤਾਲ ਵਿੱਚ ਦਾਖਲ ਹੋਇਆ ਸੀ, ਜਿੱਥੇ ਡਾਕਟਰਾਂ ਨੇ ਉਸ ਦੇ ਦਿਲ ਵਿੱਚ ਸਟੰਟ ਪਾਇਆ। ਪਰਿਵਾਰ ਦਾ ਦੋਸ਼ ਹੈ ਕਿ ਸਟੰਟ ਪਾਉਣ ਤੋਂ ਬਾਅਦ ਹੀ ਦੀਪਕ ਦੀ ਹਾਲਤ ਵਿਗੜਨ ਲੱਗ ਪਈ। ਡਾਕਟਰਾਂ ਨੇ ਬਾਅਦ ਵਿੱਚ ਦਿਮਾਗ ਵਿੱਚ ਬਲੌਕੇਜ ਹੋਣ ਦੀ ਗੱਲ ਕਹਿ ਕੇ ਉਸਦਾ ਆਪਰੇਸ਼ਨ ਕਰ ਦਿੱਤਾ, ਪਰ ਆਪਰੇਸ਼ਨ ਤੋਂ ਬਾਅਦ ਦੀਪਕ ਨੂੰ ਹੋਸ਼ ਨਹੀਂ ਆਇਆ ਅਤੇ ਉਸ ਨੂੰ ਵੈਂਟੀਲੇਟਰ 'ਤੇ ਰੱਖਿਆ ਗਿਆ। ਅੱਜ 13 ਅਪ੍ਰੈਲ ਸ਼ਾਮ ਕਰੀਬ 5 ਵਜੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕ ਦੇ ਪਰਿਵਾਰਕ ਮੈਂਬਰਾਂ-ਪਤਨੀ, ਭਰਾ ਅਤੇ ਪਿਤਾ ਨੇ ਦਾਅਵਾ ਕੀਤਾ ਕਿ ਡਾਕਟਰਾਂ ਦੀ ਲਾਪ੍ਰਵਾਹੀ ਕਾਰਨ ਹੀ ਦੀਪਕ ਦੀ ਮੌਤ ਹੋਈ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਬਿਨਾਂ ਪੂਰੀ ਜਾਣਕਾਰੀ ਦੇ ਦਿਮਾਗ ਦਾ ਆਪਰੇਸ਼ਨ ਕੀਤਾ ਗਿਆ ਅਤੇ ਮਰੀਜ਼ ਨੂੰ ਕ੍ਰਿਤ੍ਰਿਮ ਤੌਰ 'ਤੇ ਵੈਂਟੀਲੇਟਰ 'ਤੇ ਰੱਖ ਕੇ ਪਰਿਵਾਰ ਤੋਂ ਲੱਖਾਂ ਰੁਪਏ ਵਸੂਲੇ ਗਏ। ਪਰਿਵਾਰ ਨੇ ਡਾਕਟਰ ਰਾਜੇਸ਼ ਕੁਮਾਰ ਅਤੇ ਡਾਕਟਰ ਨਰੇਸ਼ ਬਾਂਸਲ ਨੂੰ ਇਸ ਲਈ ਜ਼ਿੰਮੇਵਾਰ ਠਹਿਰਾਇਆ ਹੈ। ਇਸ ਸਬੰਧੀ ਡੇਰਾਬੱਸੀ ਦੇ ਐਸ.ਐਚ.ਓ. ਇੰਸਪੈਕਟਰ ਸੁਮਿਤ ਮੋਰ ਨੇ ਦੱਸਿਆ ਕਿ ਪਰਿਵਾਰ ਵੱਲੋਂ ਸ਼ਿਕਾਇਤ ਮਿਲੀ ਹੈ। ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਹਸਪਤਾਲ 'ਚ ਰੱਖਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਲਈ ਸਿਵਲ ਸਰਜਨ ਮੋਹਾਲੀ ਵੱਲੋਂ ਮਾਹਿਰਾਂ ਦਾ ਪੈਨਲ ਬਣਾਇਆ ਜਾਵੇਗਾ ਅਤੇ ਰਿਪੋਰਟ ਦੇ ਆਧਾਰ 'ਤੇ ਅਗਲੀ ਕਾਰਵਾਈ ਕੀਤੀ ਜਾਵੇਗੀ। ਗੌਰਤਲਬ ਹੈ ਕਿ ਇਸ ਤੋਂ ਪਹਿਲਾਂ ਅਪ੍ਰੈਲ 2023 ਵਿੱਚ ਵੀ ਇਸੇ ਹਸਪਤਾਲ 'ਤੇ ਕਿਡਨੀ ਰਿਪਲੇਸਮੈਂਟ ਦੇ ਨਾਂ 'ਤੇ ਲੱਖਾਂ ਰੁਪਏ ਦੇ ਹੇਰਫੇਰ ਦੇ ਗੰਭੀਰ ਦੋਸ਼ ਲੱਗ ਚੁੱਕੇ ਹਨ।

# ਮਾਤਾ ਗੁਜਰੀ ਕਾਲਜ ਦੇ ਰਾਜਨੀਤੀ ਵਿਗਿਆਨ ਵਿਭਾਗ ਵੱਲੋਂ ਵਿੱਦਿਅਕ ਦੌਰਾ



ਫ਼ਤਹਿਗੜ੍ਹ ਸਾਹਿਬ, 15 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ) : ਮਾਤਾ ਗੁਜਰੀ ਕਾਲਜ ਦੇ ਰਾਜਨੀਤੀ ਵਿਗਿਆਨ ਵਿਭਾਗ ਵੱਲੋਂ ਵਿਭਾਗ ਦੇ ਲਗਭਗ 45 ਵਿਦਿਆਰਥੀਆਂ ਦਾ ਡਲਹਾਊਜ਼ੀ, ਖਜਿਆਰ ਅਤੇ ਚੰਬਾ ਦਾ ਵਿੱਦਿਅਕ ਦੌਰਾ ਕਰਵਾਇਆ ਗਿਆ। ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਪ੍ਰਸਿੱਧ ਇਤਿਹਾਸਕ ਸਥਾਨਾਂ, ਸੱਭਿਆਚਾਰਕ ਵਿਰਾਸਤ ਅਤੇ ਕੁਦਰਤੀ ਸੁੰਦਰਤਾ ਦਾ ਨਿਰੀਖਣ ਕਰਦੇ ਹੋਏ ਆਪਣੇ ਵਿਹਾਰਕ ਗਿਆਨ ਵਿੱਚ ਵਾਧਾ ਕੀਤਾ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਅਜਿਹੇ ਉਸਾਰੂ ਵਿੱਦਿਅਕ ਦੌਰੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਸਹਾਈ ਸਿੱਧ ਹੁੰਦੇ ਹਨ ਅਤੇ ਉਨ੍ਹਾਂ ਵਿੱਚ ਪੜ੍ਹਾਈ ਪ੍ਰਤੀ ਵਿਸ਼ੇਸ਼ ਦਿਲਚਸਪੀ ਵੀ ਪੈਦਾ ਕਰਦੇ ਹਨ। ਰਾਜਨੀਤੀ ਵਿਗਿਆਨ ਵਿਭਾਗ ਦੇ ਮੁਖੀ ਡਾ. ਸਤਨਾਮ ਸਿੰਘ ਨੇ ਕਿਹਾ ਕਿ ਅਜਿਹੇ ਵਿੱਦਿਅਕ ਦੌਰੇ ਵਿਦਿਆਰਥੀਆਂ ਦੀ ਵਿਵਹਾਰਕ ਸਮਝ ਨੂੰ ਵਧਾਉਂਦੇ ਹਨ ਅਤੇ ਵਿਦਿਆਰਥੀਆਂ ਨੂੰ ਗਿਆਨ ਦੀ ਨਵੀਂ ਰੋਸ਼ਨੀ ਪ੍ਰਦਾਨ ਕਰਦੇ ਹਨ। ਇਸ ਦੌਰੇ ਦੌਰਾਨ ਰਾਜਨੀਤੀ ਵਿਗਿਆਨ ਵਿਭਾਗ ਦੇ ਡਾ. ਸ਼ਵੇਤਾ ਸਹਿਗਲ, ਪ੍ਰੋ. ਗਗਨਦੀਪ ਕੌਰ ਅਤੇ ਪ੍ਰੋ. ਗੁਰਪ੍ਰੀਤ ਕੌਰ ਨੇ ਵਿਦਿਆਰਥੀਆਂ ਦੀ ਯੋਗ ਅਗਵਾਈ ਕੀਤੀ।

# ਭਾਜਪਾ ਨੇ ਖਾਲਸਾ ਸਾਜਨਾ ਦਿਵਸ ਮੌਕੇ ਦੋ ਦਿਨਾਂ ਵਿਸ਼ੇਸ਼ ਮੈਡੀਕਲ ਕੈਂਪ ਲਗਾਇਆ




ਸ੍ਰੀ ਅਨੰਦਪੁਰ ਸਾਹਿਬ, 15 ਅਪ੍ਰੈਲ (ਸਤਿੰਦਰਪਾਲ ਸਿੰਘ): ਭਾਰਤੀਯ ਜਨਤਾ ਪਾਰਟੀ ਵੱਲੋਂ ਖਾਲਸਾ ਸਾਜਨਾ ਦਿਵਸ (ਵਿਸਾਖੀ) ਅਤੇ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਨੂੰ ਮਨਾਉਣ ਲਈ ਨਿੱਕੂਵਾਲ ਮੋੜ ਵਿਖੇ ਦੋ ਦਿਨਾਂ ਵਿਸ਼ੇਸ਼ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਪੰਜਾਬ ਭਾਜਪਾ ਦੇ ਉਪ ਪ੍ਰਧਾਨ ਡਾ. ਸੁਭਾਸ਼ ਸ਼ਰਮਾ ਦੀ ਅਗਵਾਈ ਹੇਠ ਲਗਾਇਆ ਗਿਆ। ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਅਤੇ ਸਥਾਨਕ ਨਿਵਾਸੀਆਂ ਨੇ ਹਿੱਸਾ ਲਿਆ। ਕੈਂਪ ਦੌਰਾਨ, ਖਾਲਸਾ ਸਾਜਨਾ ਦਿਵਸ ਮੌਕੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਮੱਥਾ ਟੇਕਣ ਆਏ ਸ਼ਰਧਾਲੂਆਂ, ਨਿਵਾਸੀਆਂ ਅਤੇ ਆਮ ਜਨਤਾ ਨੂੰ ਮੁਫਤ ਡਾਕਟਰੀ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ। ਜਾਂਚ ਤੋਂ ਬਾਅਦ, ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ, ਜਦੋਂ ਕਿ ਬਜ਼ੁਰਗ ਨਾਗਰਿਕਾਂ ਨੂੰ ਅੱਖਾਂ ਦੀ ਜਾਂਚ ਤੋਂ ਬਾਅਦ ਮੁਫਤ ਐਨਕਾਂ ਦਿੱਤੀਆਂ ਗਈਆਂ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਜਨ ਪ੍ਰਤੀਨਿਧੀ ਡਾ. ਪਰਮਿੰਦਰ ਸ਼ਰਮਾ, ਰੂਪਨਗਰ ਭਾਜਪਾ ਜ਼ਿਲ੍ਹੇ ਦੇ ਜਨਰਲ ਸਕੱਤਰ ਮੁਕੇਸ਼ ਨੱਡਾ, ਜਤਿੰਦਰ ਸਿੰਘ ਅਠਵਾਲ ਅਤੇ ਸ੍ਰੀ ਅਨੰਦਪੁਰ ਸਾਹਿਬ ਮੰਡਲ ਪ੍ਰਧਾਨ ਰਤਨ ਧਨੇੜਾ ਨੇ ਦੱਸਿਆ ਕਿ ਇਹ ਕੈਂਪ ਭਾਈ ਘਨੱਈਆ ਜੀ ਚੈਰੀਟੇਬਲ ਹਸਪਤਾਲ, ਬ੍ਰਹਮਪੁਰ ਦੇ ਸਹਿਯੋਗ ਨਾਲ ਲਗਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਮਰੀਜ਼ਾਂ ਦੀ ਜਾਂਚ ਚੰਡੀਗੜ੍ਹ ਦੇ ਅੱਖਾਂ ਦੇ ਮਾਹਿਰ ਡਾ. ਰਾਜਨ ਸ਼ਰਮਾ ਅਤੇ ਹੋਰ ਤਜਰਬੇਕਾਰ ਡਾਕਟਰਾਂ ਦੁਆਰਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪਹਿਲਾਂ ਵੀ ਹੋਲਾ ਮੁਹੱਲਾ ਦੌਰਾਨ ਅਜਿਹਾ ਹੀ ਕੈਂਪ ਲਗਾਇਆ ਗਿਆ ਸੀ, ਜਿਸਦੀ ਸ਼ੁਰੂਆਤ ਡਾ. ਸੁਭਾਸ਼ ਸ਼ਰਮਾ ਨੇ ਕੀਤੀ ਸੀ ਅਤੇ ਹੁਣ ਵਿਸਾਖੀ ਦੇ ਸ਼ੁਭ ਮੌਕੇ 'ਤੇ ਭਾਈਚਾਰੇ ਦੀ ਸੇਵਾ ਕਰਨ ਲਈ ਇਹ ਉਪਰਾਲਾ ਕੀਤਾ ਗਿਆ ਹੈ। ਇਸ ਮੌਕੇ 'ਤੇ ਰੂਪਨਗਰ ਜ਼ਿਲ੍ਹੇ ਦੇ ਭਾਜਪਾ ਜਨਰਲ ਸਕੱਤਰ ਮੁਕੇਸ਼ ਨੱਡਾ, ਮੰਡਲ ਪ੍ਰਧਾਨ ਮੋਹਿਤ ਸ਼ਰਮਾ, ਯੁਵਾ ਆਗੂ ਆਦਿਤਿਆ ਸ਼ਰਮਾ ਅਤੇ ਪ੍ਰਦੀਪ ਕੁਮਾਰ ਦੀਪੂ ਅਤੇ ਹੋਰ ਆਗੂਆਂ ਨੇ ਜਨਤਾ ਨੂੰ ਇਸ ਕੈਂਪ ਵਿੱਚ ਸ਼ਾਮਲ ਹੋਣ ਅਤੇ ਦਿੱਤੀਆਂ ਜਾਣ ਵਾਲੀਆਂ ਮੁਫ਼ਤ ਸਿਹਤ ਸੇਵਾਵਾਂ ਦਾ ਲਾਭ ਲੈਣ ਦੀ ਅਪੀਲ ਕੀਤੀ। ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਅਤੇ ਸਥਾਨਕ ਨਿਵਾਸੀਆਂ ਨੇ ਚੈੱਕਅੱਪ ਅਤੇ ਮੁਫ਼ਤ ਦਵਾਈਆਂ ਪ੍ਰਾਪਤ ਕੀਤੀਆਂ, ਜਿਸ ਨਾਲ ਇਸ ਸੇਵਾ ਯਤਨ ਨੂੰ ਸਫਲ ਸਾਬਤ ਕੀਤਾ ਗਿਆ। ਉਨ੍ਹਾਂ ਅੱਗੇ ਕਿਹਾ ਕਿ ਜਨਤਾ ਲਈ ਸਿਹਤ ਸੰਭਾਲ ਤੱਕ ਵਧੇਰੇ ਪਹੁੰਚ ਯਕੀਨੀ ਬਣਾਉਣ ਲਈ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਕੈਂਪ ਲਗਾਏ ਜਾਣਗੇ।

# ਬਰਵਾਲਾ ਰੋਡ 'ਤੇ ਖਟੀਕ ਮੁਹੱਲਾ ਨਜ਼ਦੀਕ ਨਾਲਾ ਓਵਰਫਲੋਅ ਹੋਣ ਨਾਲ ਫੈਲੀ ਗੰਦਗੀ, ਲੋਕ ਪ੍ਰੇਸ਼ਾਨ

## ਨਗਰ ਕੌਂਸਲ ਦੀ ਲਾਪ੍ਰਵਾਹੀ 'ਤੇ ਇਲਾਕਾ ਵਾਸੀਆਂ 'ਚ ਰੋਸ




ਡੇਰਾਬੱਸੀ, 15 ਅਪ੍ਰੈਲ (ਮਨਦੀਪ ਵਰਮਾ/ਯੋਗੇਸ਼ ਰਾਣਾ) : ਬਰਵਾਲਾ ਰੋਡ ਸਥਿਤ ਖਟੀਕ ਮੁਹੱਲੇ ਦੇ ਨਜ਼ਦੀਕ ਨਾਲਾ ਓਵਰਫਲੋਅ ਹੋਣ ਕਾਰਨ ਇਲਾਕੇ ਵਿੱਚ ਗੰਦਗੀ ਦਾ ਮਾਹੌਲ ਬਣ ਗਿਆ ਹੈ। ਨਾਲੇ ਦਾ ਗੰਦਾ ਪਾਣੀ ਸੜਕਾਂ 'ਤੇ ਫੈਲ ਰਿਹਾ ਹੈ, ਜਿਸ ਨਾਲ ਲੋਕਾਂ ਨੂੰ ਰੋਜ਼ਾਨਾ ਆਵਾਜਾਈ ਵਿੱਚ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਲਾਕਾ ਵਾਸੀਆਂ ਨੇ ਨਗਰ ਕੌਂਸਲ ਉੱਤੇ ਗੰਭੀਰ ਦੋਸ਼ ਲਗਾਉਂਦੇ ਹੋਏ ਕਿਹਾ ਕਿ ਵਾਰ-ਵਾਰ ਸ਼ਿਕਾਇਤਾਂ ਕਰਨ ਦੇ ਬਾਵਜੂਦ ਵੀ ਕੋਈ ਢੰਗ ਦੀ ਕਾਰਵਾਈ ਨਹੀਂ ਕੀਤੀ ਜਾ ਰਹੀ।

ਸਥਾਨਕ ਵਾਸੀਆਂ ਦਾ ਕਹਿਣਾ ਹੈ ਕਿ ਪਿਛਲੇ ਕਈ ਦਿਨਾਂ ਤੋਂ ਨਾਲਾ ਸਾਫ ਨਹੀਂ ਕੀਤਾ ਗਿਆ, ਜਿਸ ਕਾਰਨ ਇਹ ਭਰ ਗਿਆ ਅਤੇ ਹੁਣ ਗੰਦਾ ਪਾਣੀ ਸੜਕਾਂ ਤੇ ਘਰਾਂ ਦੇ ਆਸ-ਪਾਸ ਖੜ੍ਹਾ ਹੋ ਰਿਹਾ ਹੈ। ਇਸ ਨਾਲ ਨਾ ਸਿਰਫ਼ ਬਦਬੂ ਫੈਲ ਰਹੀ ਹੈ, ਸਗੋਂ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਵੱਧ ਗਿਆ ਹੈ। ਬੱਚੇ, ਬੁਜ਼ੁਰਗ ਅਤੇ ਰਾਹਗੀਰ ਸਭ ਤੋਂ ਜ਼ਿਆਦਾ ਪ੍ਰਭਾਵਿਤ ਹੋ ਰਹੇ ਹਨ।

ਇਲਾਕਾ ਵਾਸੀਆਂ ਨੇ ਦੱਸਿਆ ਕਿ ਗੰਦੇ ਪਾਣੀ ਕਾਰਨ ਮੱਖੀਆਂ ਅਤੇ ਮੱਛਰਾਂ ਦੀ ਭਰਮਾਰ ਹੋ ਗਈ ਹੈ, ਜਿਸ ਨਾਲ ਡੇਂਗੂ ਅਤੇ ਮਲੇਰੀਆ ਵਰਗੀਆਂ ਬਿਮਾਰੀਆਂ ਦਾ ਖਤਰਾ ਬਣਿਆ ਹੋਇਆ ਹੈ। ਇਸ ਤੋਂ ਇਲਾਵਾ ਸੜਕਾਂ 'ਤੇ ਪਾਣੀ ਖੜ੍ਹਾ ਹੋਣ ਕਾਰਨ ਵਾਹਨਾਂ ਦੀ ਆਵਾਜਾਈ ਵੀ ਪ੍ਰਭਾਵਿਤ ਹੋ ਰਹੀ ਹੈ ਅਤੇ ਕਈ ਵਾਰ ਹਾਦਸਿਆਂ ਦਾ ਵੀ ਡਰ ਬਣਿਆ ਰਹਿੰਦਾ ਹੈ।

ਲੋਕਾਂ ਦਾ ਕਹਿਣਾ ਹੈ ਕਿ ਨਗਰ ਕੌਂਸਲ ਦੇ ਅਧਿਕਾਰੀ ਸਿਰਫ਼ ਕਾਗਜ਼ੀ ਕਾਰਵਾਈ ਤੱਕ ਹੀ ਸੀਮਿਤ ਰਹਿ ਗਏ ਹਨ ਅਤੇ ਜ਼ਮੀਨੀ ਪੱਧਰ 'ਤੇ ਕੋਈ ਕੰਮ ਨਹੀਂ ਹੋ ਰਿਹਾ। ਚੋਣਾਂ ਦੇ ਸਮੇਂ ਕੀਤੇ ਵਾਅਦੇ ਵੀ ਹੁਣ ਖੋਖਲੇ ਸਾਬਤ ਹੋ ਰਹੇ ਹਨ। ਇਲਾਕਾ ਵਾਸੀਆਂ ਨੇ ਚੇਤਾਵਨੀ ਦਿੱਤੀ ਕਿ ਜੇ ਜਲਦ ਹੀ ਇਸ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਉਹ ਨਗਰ ਕੌਂਸਲ ਖਿਲਾਫ਼ ਧਰਨਾ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ।ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਤੁਰੰਤ ਨਾਲੇ ਦੀ ਸਫਾਈ ਕਰਵਾਈ ਜਾਵੇ ਅਤੇ ਇਲਾਕੇ ਨੂੰ ਗੰਦਗੀ ਤੋਂ ਮੁਕਤ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ।

ਦਮਨਦੀਪ ਸਿੰਘ ਪ੍ਰਿੰਟਰ, ਪਬਲਿਸ਼ਰ ਅਤੇ ਐਡੀਟਰ ਨੇ ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ, 593, ਐਸ.ਐਸ.ਟੀ. ਨਗਰ, ਪਟਿਆਲਾ ਦੇ ਕੀਪਰ ਪਰਮਜੀਤ ਸਿੰਘ ਤੋਂ ਛਪਵਾ ਕੇ ਦਫ਼ਤਰ 'ਰੋਜ਼ਾਨਾ ਚੜ੍ਹਦੀਕਲਾ', 3205 ਸੈਕਟਰ 44-ਡੀ, ਚੰਡੀਗੜ੍ਹ ਤੋਂ ਪ੍ਰਕਾਸ਼ਿਤ ਕੀਤਾ। ਮਾਲਕ: ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ, ਪ੍ਰਾਈਵੇਟ ਲਿਮਟਿਡ।
PRGI (RNI) Regd. No. CHPUN/25/A1790

Printed, Published & Edited by Damandeep Singh on behalf of Charhdikala Printing Press Pvt. Ltd. Printed at Charhdikala Printing Press, 593, SST Nagar, Patiala keeper Paramjit Singh, Published at Office Daily Charhdikala, 3205, Sector 44-D, Chandigarh.
PRGI (RNI) Regd. No. CHPUN/25/A1790

# ਜੀਤੀ ਪਡਿਆਲਾ ਨੇ 5 ਸਾਲਾ ਕਾਰਜਕਾਲ ਪੂਰਾ ਹੋਣ 'ਤੇ ਕੌਂਸਲਰਾਂ ਨੂੰ ਦਿੱਤੀ ਵਿਦਾਇਗੀ ਪਾਰਟੀ



ਕੁਰਾਲੀ, 15 ਅਪ੍ਰੈਲ (ਰਜਨੀਕਾਂਤ ਗਰੋਵਰ): ਨਗਰ ਕੌਂਸਲ ਕੁਰਾਲੀ ਦੇ ਪ੍ਰਧਾਨ ਰਣਜੀਤ ਸਿੰਘ ਜੀਤੀ ਪਡਿਆਲਾ ਦੀ ਅਗਵਾਈ ਹੇਠ ਨਗਰ ਕੌਂਸਲ ਦੇ ਪੰਜ ਸਾਲਾਂ ਦੇ ਕਾਰਜਕਾਲ ਦੀ ਪੂਰਤੀ ਮੌਕੇ ਹਾਊਸ ਦੀ ਅੰਤਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਨਗਰ ਕੌਂਸਲ ਦੇ ਸਾਰੇ ਕੌਂਸਲਰ ਸਾਹਿਬਾਨ ਵੱਲੋਂ ਸ਼ਿਰਕਤ ਕੀਤੀ ਅਤੇ ਸ਼ਹਿਰ ਦੇ ਵਿਕਾਸ ਨਾਲ ਜੁੜੇ ਵੱਖ-ਵੱਖ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਪ੍ਰਧਾਨ ਰਣਜੀਤ ਸਿੰਘ ਜੀਤੀ ਪਡਿਆਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪਿਛਲੇ ਪੰਜ ਸਾਲਾਂ ਦੌਰਾਨ ਨਗਰ ਕੌਂਸਲ ਕੁਰਾਲੀ ਵੱਲੋਂ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨ ਕੀਤੇ ਗਏ ਹਨ ਅਤੇ ਉਨ੍ਹਾਂ ਤੇ ਇੰਨਾ ਵਿਸ਼ਵਾਸ਼ ਜਤਾਉਣ ਲਈ ਉਨ੍ਹਾਂ ਦਾ ਰੋਮ-ਰੋਮ ਕੁਰਾਲੀ ਵਾਸੀਆਂ ਅਤੇ ਸਮੂਹ ਕੌਂਸਲਰਾਂ ਦਾ ਹਮੇਸ਼ਾ ਰਿਣੀ ਰਹੇਗਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਕਾਰਜਕਾਲ ਵਿੱਚ ਲਗਭਗ 83 ਕਰੋੜ ਰੁਪਏ ਦੇ ਤਖਮੀਨੇ ਪਾਸ ਕਰਵਾਏ ਗਏ, ਜਿਨਾਂ ਰਾਹੀਂ ਸ਼ਹਿਰ ਦੇ ਸਾਰੇ ਵਾਰਡਾਂ ਵਿੱਚ ਵਿਕਾਸ ਦੇ ਅਨੇਕਾਂ ਕੰਮ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸੁਰੱਖਿਆ ਨੂੰ ਮਜ਼ਬੂਤ ਬਣਾਉਣ ਲਈ ਵੱਖ-ਵੱਖ ਥਾਵਾਂ 'ਤੇ ਸੀਸੀਟੀਵੀ ਕੈਮਰੇ ਲਗਾਏ ਗਏ। ਇਸ ਤੋਂ ਇਲਾਵਾ ਨਗਰ ਕੌਂਸਲ ਦੀ ਕਾਰਗੁਜ਼ਾਰੀ ਨੂੰ ਹੋਰ ਸੁਚਾਰੂ ਬਣਾਉਣ ਲਈ ਜੇਸੀਬੀ ਮਸ਼ੀਨ, ਚਾਰ ਟਰੈਕਟਰ ਅਤੇ ਸੀਵਰ ਸਿਸਟਮ ਦੀ ਸਫਾਈ ਲਈ ਜੈਟਿੰਗ ਮਸ਼ੀਨ ਆਦਿ ਦੀ ਵੀ ਖਰੀਦ ਕੀਤੀ ਗਈ ਹੈ, ਤਾਂ ਜੋ ਸ਼ਹਿਰ ਵਿੱਚ ਸਫਾਈ ਅਤੇ ਵਿਕਾਸ ਦੇ ਕੰਮ ਤੇਜ਼ੀ ਨਾਲ ਹੋ ਸਕਣ। ਪ੍ਰਧਾਨ ਜੀਤੀ ਪਡਿਆਲਾ ਨੇ ਕਿਹਾ ਕਿ ਇਹ ਸਾਰੇ ਵਿਕਾਸ ਕਾਰਜ ਕੌਂਸਲ ਦੇ ਸਾਰੇ ਕੌਂਸਲਰਾਂ, ਅਧਿਕਾਰੀਆਂ ਅਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਸੰਭਵ ਹੋਏ ਹਨ। ਉਨ੍ਹਾਂ ਕਿਹਾ ਕਿ ਕੁਰਾਲੀ ਸ਼ਹਿਰ ਦੇ ਵਿਕਾਸ ਲਈ ਨਗਰ ਕੌਂਸਲ ਨੇ ਮਿਲਜੁਲ ਕੇ ਕੰਮ ਕੀਤਾ ਹੈ ਅਤੇ ਭਵਿੱਖ ਵਿੱਚ ਵੀ ਸ਼ਹਿਰ ਦੇ ਹਿੱਤਾਂ ਨੂੰ ਸਭ ਤੋਂ ਪਹਿਲਾਂ ਰੱਖਿਆ ਜਾਵੇਗਾ। ਇਸ ਮੌਕੇ ਨਗਰ ਕੌਂਸਲ ਕੁਰਾਲੀ ਦੇ ਸਾਰੇ ਕੌਂਸਲਰ ਸਾਹਿਬਾਨ ਦਾ ਸਨਮਾਨ ਵੀ ਕੀਤਾ ਗਿਆ ਅਤੇ ਪਿਛਲੇ ਪੰਜ ਸਾਲਾਂ ਦੌਰਾਨ ਦਿੱਤੇ ਸਹਿਯੋਗ ਲਈ ਉਨ੍ਹਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਐਮ ਸੀ ਨੰਦੀ ਪਾਲ ਬਾਂਸਲ ਭਾਰਤ ਭੂਸ਼ਣ ਵਰਮਾ ਰਮਾਂਕਾਂਤ ਕਾਲੀਆ ਜਸਵਿੰਦਰ ਸਿੰਘ ਗੋਲਡੀ ਖੁਸਬੀਰ ਸਿੰਘ ਹੈਪੀ ਸ੍ਰੀਮਤੀ ਭਾਵਨਾ ਸ਼ਰਮਾ ਸਾਲੂ ਧੀਮਾਨ ਉਮਾ ਗਗਮ ਸ਼ੀਲਾ ਗਤਮ ਰਜਨੀਜ਼ ਸਦ ਕਾਰਜ ਸਾਧਕ ਅਫਸਰ ਇੰਦਰਮੋਹਨ ਸਿੰਘ ਭੱਟੀ ਐਸ.ਡੀ.ਓ ਜਈ ਜਸਵੰਤ ਸਿੰਘ ਵਿਕਾਸ ਗੁਪਤਾ ਕੈਸ਼ੀਅਰ ਅਸ਼ੋਕ ਵਰਮਾ ਮੁਕੇਸ਼ ਰਾਣਾ ਸਮੇਤ ਕਮੇਟੀ ਦੇ ਅਧਿਕਾਰੀ ਹਾਜ਼ਰ ਸਨ।

ਵਿਰੋਧੀ ਧਿਰ ਦੇ ਆਗੂ ਬਹਾਦਰ ਸਿੰਘ ਓਕੇ ਨੇ ਕੀਤਾ ਸ਼ਹਿਰ ਵਾਸੀਆਂ ਦਾ ਧੰਨਵਾਦ

ਨਗਰ ਕੌਂਸਲ ਦੀ ਮੀਟਿੰਗ ਮੌਕੇ ਸਮੂਹ ਕੌਂਸਲਰ ਸਾਹਿਬਾਨ ਸਾਂਤ ਹੀ ਨਜ਼ਰ ਆਏ ਇਥੋਂ ਤੱਕ ਕਿ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਨੇਤਾ ਵਿਰੋਧੀ ਧਿਰ ਬਹਾਦਰ ਸਿੰਘ ਓਕ ਜੋ ਕਿ 5 ਸਾਲਾਂ ਦੇ ਪੂਰੇ ਕਾਰਜ ਕਾਲ ਦੌਰਾਨ ਪੂਰੇ ਜੋਸ਼-ਖਰੋਸ਼ ਨਾਲ ਮੁੱਦੇ ਚੁੱਕਦੇ ਰਹੇ ਹਨ ਤੇ ਤਿੱਖੇ ਅੰਦਾਜ ਲਈ ਜਾਣੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਕਿਥੇ ਵੀ ਰਾਜ ਕਰ ਰਹੀ ਧਿਰ ਦੇ ਵਿਰੋਧ ਵਿੱਚ ਇੱਕ ਸੁਸ਼ਕਤ ਵਿਰੋਧੀ ਧਿਰ ਦਾ ਹੋਣਾ ਵੀ ਜ਼ਰੂਰੀ ਹੈ ਤਾਂ ਜੋ ਸਮੇਂ-ਸਮੇਂ 'ਤੇ ਰਾਜ ਕਰ ਰਹੀ ਧਿਰ ਨੂੰ ਗਲਤ ਕੰਮ ਕਰਨ ਤੋਂ ਰੋਕਿਆ ਜਾ ਸਕੇ। ਇਸ ਦੌਰਾਨ ਬਹਾਦਰ ਸਿੰਘ ਓਕੇ ਨੇ ਕੁਰਾਲੀ ਵਾਸੀਆਂ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਦੇ ਧੜੇ ਵੱਲੋਂ ਪੂਰੀ ਈਮਾਨਦਾਰੀ ਨਾਲ ਵਿਕਾਸ ਕਾਰਜ ਕਰਵਾਏ ਤੇ ਸ਼ਹਿਰ ਦੀ ਭਲਾਈ ਲਈ ਤੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ ਜੋ ਕਿ ਸ਼ਹਿਰ ਦਾ ਬੱਚਾ-ਬੱਚਾ ਜਾਣਦਾ ਹੈ।

# ਗੈਰ-ਕਾਨੂੰਨੀ ਮਾਈਨਿੰਗ ਤੇ ਐਨ ਜੀ ਟੀ ਦਾ ਫ਼ੈਸਲਾ ਲਾਗੂ ਕਰਵਾਉਣ ਲਈ ਇਲਾਕਾ ਸੰਘਰਸ਼ ਕਮੇਟੀ ਦਾ ਡੈਪੂਟੇਸ਼ਨ ਕਟਾਰੀਆ ਨੂੰ ਮਿਲਿਆ



ਸ੍ਰੀ ਅਨੰਦਪੁਰ ਸਾਹਿਬ 15 ਅਪ੍ਰੈਲ (ਤਰਲੋਚਨ ਸਿੰਘ/ ਹਰਪ੍ਰੀਤ ਸਿੰਘ) : ਇਲਾਕੇ ਵਿੱਚ ਧੜੱਲੇ ਨਾਲ ਕਾਨੂੰਨ ਦੀਆਂ ਧੱਜੀਆਂ ਉਡਾਉਂਦਿਆਂ ਚੱਲ ਰਹੀ ਗੈਰ ਕਾਨੂੰਨੀ ਮਾਈਨਿੰਗ ਨੂੰ ਬੰਦ ਕਰਵਾਉਣ ਲਈ ਅਤੇ ਐਨਜੀਟੀ ਦੇ ਫੈਸਲੇ ਨੂੰ ਲਾਗੂ ਕਰਵਾਉਣ ਲਈ ਇਲਾਕਾ ਸੰਘਰਸ਼ ਕਮੇਟੀ ਦਾ ਇੱਕ ਡੈਪੂਟੇਸ਼ਨ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਬੀਤੇ ਦਿਨੀਂ ਚੰਡੀਗੜ੍ਹ ਵਿਖੇ ਮਿਲਿਆ। ਇਸ ਡੈਪੂਟੇਸ਼ਨ ਦੀ ਅਗਵਾਈ ਇਲਾਕਾ ਸੰਘਰਸ਼ ਕਮੇਟੀ ਦੇ ਪ੍ਰਧਾਨ ਹਰਦੇਵ ਸਿੰਘ ਐਲਗਰਾ, ਟਿੱਕਾ ਯਸਵੀਰ ਚੰਦ ਭਲਾਣ, ਬਚਿੱਤਰ ਸਿੰਘ ਜਟਾਣਾ, ਪ੍ਰੇਮਦੱਤ ਸ਼ਰਮਾ ਤਖਤਗੜ੍ਹ, ਐਡਵੋਕੇਟ ਸਤਿੰਦਰ ਕੌਰ ਅਤੇ ਐਡਵੋਕੇਟ ਸੁਰਜੀਤ ਸਿੰਘ ਕਰ ਰਹੇ ਸਨ।

ਪ੍ਰੈੱਸ ਨੂੰ ਜਾਰੀ ਬਿਆਨ ਵਿੱਚ ਇਲਾਕਾ ਸੰਘਰਸ਼ ਕਮੇਟੀ ਦੇ ਉਕਤ ਮੈਂਬਰਾਂ ਨੇ ਦੱਸਿਆ ਕਿ ਨੈਸ਼ਨਲ ਗਰੀਨ ਟ੍ਰਿਬਿਊਨਲ ਨੇ ਇਲਾਕੇ ਵਿੱਚ ਡੀਸਿਲਟਿੰਗ ਦੇ ਨਾਂ 'ਤੇ ਚੱਲ ਰਹੀ ਮਾਈਨਿੰਗ ਨੂੰ ਰੋਕਣ ਲਈ ਹੁਕਮ ਜਾਰੀ ਕੀਤੇ ਹਨ। ਪਰ ਸਵਾਂ ਨਦੀ ਤੇ ਸਤਲੁਜ ਦਰਿਆ ਵਿੱਚ ਕਾਨੂੰਨ ਦੀਆਂ ਧੱਜੀਆਂ ਉਡਾਉਂਦੇ ਹੋਏ ਧੜੱਲੇ ਨਾਲ ਮਾਈਨਿੰਗ ਹੋ ਰਹੀ ਹੈ। ਜ਼ਿਲ੍ਹਾ ਪ੍ਰਸ਼ਾਸਨ ਰੋਕਣ ਵਿੱਚ ਨਾਕਾਮ ਸਾਬਤ ਹੋ ਰਿਹਾ ਹੈ। ਇਸ ਗੈਰ-ਕਾਨੂੰਨੀ ਮਾਈਨਿੰਗ ਨਾਲ ਇਲਾਕੇ ਦਾ ਕੁਦਰਤੀ ਵਾਤਾਵਰਨ, ਕਿਸਾਨਾਂ ਦੀਆਂ ਜ਼ਮੀਨਾਂ, ਪਾਣੀ ਦਾ ਪੱਧਰ ਥੱਲੇ ਜਾ ਰਿਹਾ, ਪਿੰਡਾਂ ਦਾ ਲਗਾਤਾਰ ਉਜਾੜਾ ਹੁੰਦਾ ਜਾ ਰਿਹਾ ਹੈ। ਇਹ ਮਾਈਨਿੰਗ 100 ਫੁੱਟ ਤੋਂ ਉੱਪਰ ਡੂੰਘੀ ਕੀਤੀ ਜਾ ਰਹੀ ਹੈ। ਭਾਵੇਂ ਪੰਜਾਬ ਸਰਕਾਰ ਬਣਨ ਤੋਂ ਪਹਿਲਾਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਲੋਕਾਂ ਨਾਲ ਇਹ ਵਾਅਦਾ ਕੀਤਾ ਸੀ ਕਿ ਲੋਕਾਂ ਦੀ ਮਰਜ਼ੀ ਤੋਂ ਬਿਨਾਂ ਇੱਕ ਵੀ ਪੱਥਰ ਨਹੀਂ ਚੁੱਕਣ ਦਿੱਤਾ ਜਾਵੇਗਾ। ਪਰ ਇਥੇ ਦਿਨ-ਰਾਤ ਮਾਈਨਿੰਗ ਕਰਕੇ ਜਿੱਥੇ ਇਲਾਕੇ ਨੂੰ ਬਰਬਾਦ ਕਰ ਰਹੇ ਉੱਥੇ ਸਰਕਾਰੀ ਖਜ਼ਾਨੇ ਨੂੰ ਵੀ ਵੱਡੇ ਪੱਧਰ 'ਤੇ ਚੂਨਾ ਲਗਾ ਰਹੇ ਹਨ। ਨੈਸ਼ਨਲ ਗਰੀਨ ਟ੍ਰਿਬਿਊਨਲ ਦੇ ਫੈਸਲੇ ਨੂੰ ਵੀ ਪ੍ਰਸ਼ਾਸਨ ਲਾਗੂ ਕਰਾਉਣ ਤੋਂ ਨਾਕਾਮ ਸਿੱਧ ਹੋਇਆ ਹੈ। ਜਿਸ 'ਤੇ ਇਲਾਕਾ ਸੰਘਰਸ਼ ਕਮੇਟੀ ਨੇ ਇਹ ਫੈਸਲਾ ਕੀਤਾ ਕਿ ਪੰਜਾਬ ਦੇ ਰਾਜਪਾਲ ਨੂੰ ਮੰਗ ਪੱਤਰ ਦਿੱਤਾ ਜਾਵੇ। ਜਿਸ ਵਿੱਚ ਐਨ ਜੀ ਟੀ ਦੇ ਫੈਸਲੇ ਨੂੰ ਲਾਗੂ ਕਰਵਾਉਣ ਲਈ ਅਪੀਲ ਕੀਤੀ ਜਾਵੇ। ਡੈਪੂਟੇਸ਼ਨ ਦੀ ਗੱਲ ਨੂੰ ਪੰਜਾਬ ਦੇ ਰਾਜਪਾਲ ਨੇ ਬਹੁਤ ਹੀ ਧਿਆਨ ਨਾਲ ਸੁਣਿਆ ਤੇ ਉਹਨਾਂ ਨੇ ਭਰੋਸਾ ਦਿੱਤਾ ਕਿ ਅਗਲੇ ਕੁਝ ਦਿਨਾਂ ਦੇ ਵਿੱਚ ਉਹ ਆਪਣੇ ਪੱਧਰ 'ਤੇ ਕਾਰਵਾਈ ਕਰਵਾਉਣਗੇ। ਉਹਨਾਂ ਨੇ ਕਿਹਾ ਕਿ ਇਲਾਕੇ ਤੇ ਸੂਬੇ ਨੂੰ ਬਚਾਉਣ ਲਈ ਉਹ ਆਪਣੇ ਹਿੱਤਾਂ ਦੀ ਵਰਤੋਂ ਜ਼ਰੂਰ ਕਰਨਗੇ। ਹਾਜ਼ਰ ਡੈਪੂਟੇਸ਼ਨ ਮੈਂਬਰਾਂ ਨੇ ਰਾਜਪਾਲ ਨਾਲ ਹੋਈ ਮੁਲਾਕਾਤ 'ਤੇ ਆਸ ਕੀਤੀ ਹੈ ਕਿ ਪੰਜਾਬ ਦਾ ਪ੍ਰਸ਼ਾਸਨ ਜੋ ਗੂੰਗਾ ਬੋਲਾ ਸਾਬਿਤ ਹੋ ਰਿਹਾ ਹੈ। ਇਸ ਨੂੰ ਜਗਾਉਣ ਵਿੱਚ ਇਹ ਮੁਲਾਕਾਤ ਅਹਿਮ ਰੋਲ ਅਦਾ ਕਰੇਗੀ ਅਤੇ ਇਲਾਕੇ ਵਿੱਚ ਹੋ ਰਹੀ ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਸਰਕਾਰੀ ਅਧਿਕਾਰੀ ਸਖ਼ਤ ਕਦਮ ਚੁੱਕਣਗੇ। ਇਲਾਕਾ ਸੰਘਰਸ਼ ਕਮੇਟੀ ਨੇ ਇਹ ਵੀ ਇੰਕਸਾਫ ਕੀਤਾ ਕਿ ਹੁਣ ਤੱਕ ਪੁਲਿਸ ਨੇ ਜੋ ਵੀ ਕਾਨੂੰਨ ਦੀ ਵਰਤੋਂ ਕੀਤੀ ਹੈ ਉਹ ਅਣਪਛਾਤੇ ਲੋਕਾਂ 'ਤੇ ਹੀ ਕੀਤੀ ਹੈ। ਕਰੋੜ-ਕਰੋੜ ਰੁਪਏ ਦੀ ਮਸ਼ੀਨ, ਲੱਖਾਂ-ਲੱਖਾਂ ਰੁਪਏ ਦੇ ਟਿੱਪਰਾਂ ਨੂੰ ਵੀ ਅਣਪਛਾਤਾ ਕਰਾਰ ਦਿੱਤਾ ਜਾ ਰਿਹਾ ਹੈ। ਜਿਸ 'ਤੇ ਪੁਲਿਸ ਦੀ ਕਾਰਗੁਜ਼ਾਰੀ 'ਤੇ ਵੀ ਪ੍ਰਸ਼ਨ ਚਿੰਨ੍ਹ ਲੱਗਦਾ ਜਾ ਰਿਹਾ ਹੈ। ਇਲਾਕਾ ਸੰਘਰਸ਼ ਕਮੇਟੀ ਐਨਜੀਟੀ ਦੇ ਫੈਸਲੇ ਨੂੰ ਲਾਗੂ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕਰੇਗੀ। ਇਲਾਕੇ ਨੂੰ ਬਚਾਉਣ ਲਈ ਹਰ ਪਹਿਲ ਦੀ ਅਗਵਾਈ ਕਰੇਗੀ। ਇਲਾਕਾ ਸੰਘਰਸ਼ ਕਮੇਟੀ ਨੇ ਇਲਾਕੇ ਦੇ ਲੋਕਾਂ ਨੂੰ ਵੀ ਸੱਦਾ ਦਿੱਤਾ ਕਿ ਉਹ ਆਪਣੀਆਂ ਜ਼ਮੀਨਾਂ ਨੂੰ ਬਚਾਉਣ ਲਈ ਇੱਕਮੁੱਠ ਹੋ ਕੇ ਮੈਦਾਨ ਵਿੱਚ ਕੁੱਦਣ, ਤਾਂ ਹੀ ਗੈਰ-ਕਾਨੂੰਨੀ ਮਾਈਨਿੰਗ ਨੂੰ ਠੱਲ੍ਹ ਪਾਈ ਜਾ ਸਕਦੀ ਹੈ।

# ਅੰਮ੍ਰਿਤਸਰ ਨੂੰ 'ਪਵਿੱਤਰ ਸ਼ਹਿਰ' ਬਾਰੇ ਨੋਟੀਫਿਕੇਸ਼ਨ ਲਾਗੂ ਕਰਨ 'ਚ ਦੇਰੀ

## ਨਿਹੰਗ ਜਥੇਬੰਦੀਆਂ ਤੇ ਧਾਰਮਿਕ ਸੰਸਥਾਵਾਂ ਵੱਲੋਂ 'ਪੱਕੇ ਮੋਰਚੇ' ਦੀ ਚੇਤਾਵਨੀ

ਅੰਮ੍ਰਿਤਸਰ, 15 ਅਪ੍ਰੈਲ (ਚ.ਨ.ਸ.) : ਪੰਜਾਬ ਸਰਕਾਰ ਵੱਲੋਂ ਅੰਮ੍ਰਿਤਸਰ ਦੇ ਇਤਿਹਾਸਕ ਅੰਦਰੂਨੀ ਸ਼ਹਿਰ (ਵਾਲਡ ਸਿਟੀ) ਨੂੰ 'ਪਵਿੱਤਰ ਸ਼ਹਿਰ' ਐਲਾਨ ਕੀਤੇ ਜਾਣ ਦੇ ਚਾਰ ਮਹੀਨੇ ਬੀਤ ਜਾਣ ਦੇ ਬਾਵਜੂਦ, ਜ਼ਮੀਨੀ ਪੱਧਰ 'ਤੇ ਕੋਈ ਕਾਰਵਾਈ ਨਾ ਹੋਣ ਕਾਰਨ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਮੰਗਲਵਾਰ ਨੂੰ ਅੰਮ੍ਰਿਤਸਰ ਵਿਖੇ ਹੋਈ ਵੱਖ-ਵੱਖ ਜਥੇਬੰਦੀਆਂ ਦੀ ਇੱਕ ਸਾਂਝੀ ਮੀਟਿੰਗ ਵਿੱਚ ਸਰਕਾਰ ਨੂੰ ਸਖ਼ਤ ਚੇਤਾਵਨੀ ਦਿੱਤੀ ਗਈ ਹੈ ਕਿ ਜੇਕਰ ਵਿਸਾਖੀ ਤੱਕ ਇਸ ਨੋਟੀਫਿਕੇਸ਼ਨ ਨੂੰ ਪੂਰੀ ਤਰ੍ਹਾਂ ਲਾਗੂ ਨਾ ਕੀਤਾ ਗਿਆ ਤਾਂ ਸ਼ਹਿਰ ਵਿੱਚ 'ਪੱਕਾ ਮੋਰਚਾ' ਲਗਾਇਆ ਜਾਵੇਗਾ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ 15 ਦਸੰਬਰ 2025 ਨੂੰ ਇੱਕ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਕਰਕੇ ਅੰਮ੍ਰਿਤਸਰ ਦੇ ਚਾਰਦੀਵਾਰੀ ਵਾਲੇ ਹਿੱਸੇ ਨੂੰ 'ਪਵਿੱਤਰ ਸ਼ਹਿਰ' ਦਾ ਦਰਜਾ ਦਿੱਤਾ ਸੀ। ਇਸ ਫੈਸਲੇ ਤਹਿਤ ਇਸ ਇਲਾਕੇ ਵਿੱਚ ਮੀਟ, ਸ਼ਰਾਬ ਅਤੇ ਤੰਬਾਕੂ ਦੀ ਵਿਕਰੀ ਅਤੇ ਵਰਤੋਂ 'ਤੇ ਮੁਕੰਮਲ ਪਾਬੰਦੀ ਲਗਾਈ ਜਾਣੀ ਸੀ। ਪਰ ਚਾਰ ਮਹੀਨੇ ਬੀਤ ਜਾਣ ਮਗਰੋਂ ਵੀ ਅਜੇ ਤੱਕ ਨਾ ਤਾਂ ਇਨ੍ਹਾਂ ਦੁਕਾਨਾਂ ਨੂੰ ਹਟਾਇਆ ਗਿਆ ਹੈ ਅਤੇ ਨਾ ਹੀ ਸਰਕਾਰ ਵੱਲੋਂ ਕਿਸੇ ਕਿਸਮ ਦੀ ਸਖ਼ਤੀ ਦਿਖਾਈ ਗਈ ਹੈ। ਸਮਾਜ ਸੁਧਾਰ ਸੰਸਥਾ ਦੇ ਪ੍ਰਧਾਨ ਰਣਜੀਤ ਸਿੰਘ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਨੇ ਨੋਟੀਫਿਕੇਸ਼ਨ ਜਾਰੀ ਕਰਕੇ ਸਿੱਖ ਸੰਗਤਾਂ ਅਤੇ ਸ਼ਹਿਰ ਵਾਸੀਆਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨ ਦਾ ਦਾਅਵਾ ਕੀਤਾ ਸੀ, ਪਰ ਅਸਲੀਅਤ ਵਿੱਚ ਇਹ ਸਿਰਫ਼ ਕਾਗਜ਼ੀ ਕਾਰਵਾਈ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਅੰਦਰੂਨੀ ਸ਼ਹਿਰ ਦੀਆਂ ਗਲੀਆਂ ਵਿੱਚ ਅਜੇ ਵੀ ਸ਼ਰ੍ਹੇਆਮ ਮੀਟ ਅਤੇ ਤੰਬਾਕੂ ਦੀ ਵਿਕਰੀ ਹੋ ਰਹੀ ਹੈ, ਜੋ ਕਿ ਇਸ ਪਵਿੱਤਰ ਅਸਥਾਨ ਦੀ ਮਰਿਯਾਦਾ ਦੇ ਖ਼ਿਲਾਫ਼ ਹੈ। ਨਿਹੰਗ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਵੀ ਇਸ ਮਾਮਲੇ ਵਿੱਚ ਸਖ਼ਤ ਰੁਖ ਅਖਤਿਆਰ ਕਰਦਿਆਂ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਜਲਦ ਹਰਕਤ ਵਿੱਚ ਨਾ ਆਇਆ ਤਾਂ ਉਹ ਵੱਡਾ ਸੰਘਰਸ਼ ਵਿੱਢਣਗੇ। ਦੂਜੇ ਪਾਸੇ, ਸ਼ਹਿਰ ਦੇ ਵਪਾਰੀ ਵਰਗ ਅਤੇ ਖਾਸ ਕਰਕੇ ਮੀਟ ਤੇ ਮੱਛੀ ਦਾ ਕਾਰੋਬਾਰ ਕਰਨ ਵਾਲੇ ਦੁਕਾਨਦਾਰਾਂ ਵਿੱਚ ਭੰਬਲਭੂਸਾ ਬਣਿਆ ਹੋਇਆ ਹੈ। ਹਾਲ ਬਾਜ਼ਾਰ ਦੇ ਇੱਕ ਮੱਛੀ ਵਪਾਰੀ ਰਾਜਿੰਦਰ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਅਜੇ ਤੱਕ ਸਰਕਾਰ ਵੱਲੋਂ ਕੋਈ ਸਪੱਸ਼ਟ ਨਿਰਦੇਸ਼ ਨਹੀਂ ਮਿਲੇ ਹਨ। ਉਨ੍ਹਾਂ ਕਿਹਾ ਕਿ ਸਾਨੂੰ ਇਹ ਨਹੀਂ ਦੱਸਿਆ ਗਿਆ ਕਿ ਸਾਨੂੰ ਆਪਣੀਆਂ ਦੁਕਾਨਾਂ ਕਿੱਥੇ ਤਬਦੀਲ ਕਰਨੀਆਂ ਹਨ ਜਾਂ ਸਰਕਾਰ ਸਾਨੂੰ ਕੀ ਵਿਕਲਪ ਦੇ ਰਹੀ ਹੈ।

# ਤੇਜ਼ ਰਫ਼ਤਾਰ ਫਾਰਚੂਨਰ ਨੇ ਕਾਰ ਨੂੰ ਮਾਰੀ ਟੱਕਰ, 2 ਸਾਲਾ ਮਾਸੂਮ ਦੀ ਮੌਤ

ਨਵੀਂ ਦਿੱਲੀ, 15 ਅਪ੍ਰੈਲ (ਚ.ਨ.ਸ.) : ਉੱਤਰੀ ਦਿੱਲੀ ਦੇ ਅਲੀਪੁਰ ਇਲਾਕੇ ਵਿੱਚ ਐਤਵਾਰ ਦੁਪਹਿਰ ਨੂੰ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ, ਜਿਸ ਵਿੱਚ ਇੱਕ ਦੋ ਸਾਲ ਦੀ ਬੱਚੀ ਦੀ ਮੌਤ ਹੋ ਗਈ। ਪੁਲਿਸ ਅਨੁਸਾਰ ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਇੱਕ ਤੇਜ਼ ਰਫ਼ਤਾਰ ਐਸ.ਯੂ.ਵੀ. (ਟੋਇਟਾ ਫਾਰਚੂਨਰ) ਨੇ ਇੱਕ ਮਾਰੂਤੀ ਸੇਲੇਰੀਓ ਕਾਰ ਨੂੰ ਪਿੱਛੇ ਤੋਂ ਜ਼ੋਰਦਾਰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਕਾਰ ਕਈ ਵਾਰ ਪਲਟੀ ਖਾ ਕੇ ਡਿਵਾਈਡਰ ਨਾਲ ਜਾ ਟਕਰਾਈ ਅਤੇ ਕਾਰ ਦੀ ਖਿੜਕੀ ਰਾਹੀਂ ਬਾਹਰ ਸੜਕ 'ਤੇ ਡਿੱਗਣ ਕਾਰਨ ਮਾਸੂਮ ਬੱਚੀ ਨੇ ਦਮ ਤੋੜ ਦਿੱਤਾ। ਡਿਪਟੀ ਕਮਿਸ਼ਨਰ ਆਫ ਪੁਲਿਸ ਹਰੇਸ਼ਵਰ ਸਵਾਮੀ ਨੇ ਦੱਸਿਆ ਕਿ ਇਹ ਘਟਨਾ ਐਤਵਾਰ ਦੁਪਹਿਰ ਕਰੀਬ 2 ਵਜੇ ਬਕੌਲੀ ਪਿੰਡ ਨੇੜੇ ਖਾਮਪੁਰ ਰੈੱਡ ਲਾਈਟ 'ਤੇ ਵਾਪਰੀ। ਮਾਰੂਤੀ ਸੇਲੇਰੀਓ ਕਾਰ, ਜਿਸ ਵਿੱਚ ਛੇ ਲੋਕ ਸਵਾਰ ਸਨ, ਦਿੱਲੀ ਤੋਂ ਸੋਨੀਪਤ ਵੱਲ ਜਾ ਰਹੀ ਸੀ। ਜਿਵੇਂ ਹੀ ਟ੍ਰੈਫਿਕ ਸਿਗਨਲ ਹਰਾ ਹੋਇਆ ਅਤੇ ਕਾਰ ਅੱਗੇ ਵਧੀ, ਪਿੱਛੇ ਤੋਂ ਆ ਰਹੀ ਇੱਕ ਤੇਜ਼ ਰਫ਼ਤਾਰ ਫਾਰਚੂਨਰ ਨੇ ਉਸ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ। ਪੁਲਿਸ ਅਧਿਕਾਰੀਆਂ ਅਨੁਸਾਰ ਫਾਰਚੂਨਰ ਦੀ ਰਫ਼ਤਾਰ ਕਰੀਬ 100 ਤੋਂ 120 ਕਿਲੋਮੀਟਰ ਪ੍ਰਤੀ ਘੰਟਾ ਸੀ। ਮ੍ਰਿਤਕ ਬੱਚੀ ਦੀ ਪਛਾਣ ਦੇਵਾਂਸ਼ੀ ਵਜੋਂ ਹੋਈ ਹੈ। ਹਾਦਸੇ ਦੇ ਸਮੇਂ ਉਹ ਕਾਰ ਦੀ ਅਗਲੀ ਸੀਟ 'ਤੇ ਆਪਣੀ ਮਾਂ ਦੀ ਸਹੇਲੀ ਜਯੋਤੀ ਦੀ ਗੋਦ ਵਿੱਚ ਬੈਠੀ ਸੀ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਕਾਰ ਦਾ ਏ.ਸੀ. ਖਰਾਬ ਹੋਣ ਕਾਰਨ ਖਿੜਕੀਆਂ ਦੇ ਸ਼ੀਸ਼ੇ ਹੇਠਾਂ ਉਤਾਰੇ ਹੋਏ ਸਨ। ਜਦੋਂ ਫਾਰਚੂਨਰ ਨੇ ਟੱਕਰ ਮਾਰੀ ਤਾਂ ਝਟਕਾ ਇੰਨਾ ਜ਼ਬਰਦਸਤ ਸੀ ਕਿ ਬੱਚੀ ਜਯੋਤੀ ਦੇ ਹੱਥਾਂ ਵਿੱਚੋਂ ਛੁੱਟ ਕੇ ਖੁੱਲ੍ਹੀ ਖਿੜਕੀ ਰਾਹੀਂ ਸਿੱਧੀ ਸੜਕ 'ਤੇ ਜਾ ਡਿੱਗੀ। ਉਸ ਦੇ ਸਿਰ 'ਤੇ ਗੰਭੀਰ ਸੱਟਾਂ ਲੱਗੀਆਂ। ਬੱਚੀ ਨੂੰ ਤੁਰੰਤ ਨਰੇਲਾ ਦੇ ਐਸ. ਆਰ. ਐਚ. ਸੀ. ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਕਾਰ ਚਲਾ ਰਹੀ ਬੱਚੀ ਦੀ ਮਾਂ ਆਰਤੀ ਨੇ ਦੱਸਿਆ ਕਿ ਹਾਦਸੇ ਤੋਂ ਬਾਅਦ ਉਸ ਨੇ ਫਾਰਚੂਨਰ ਚਾਲਕ ਨੂੰ ਮਦਦ ਲਈ ਬੇਨਤੀ ਕੀਤੀ

# ਸਾਂਸਦ ਅੰਮ੍ਰਿਤਪਾਲ ਸਿੰਘ ਨੂੰ ਐੱਨਐੱਸਏ ਖ਼ਤਮ ਹੋਣ ਤੋਂ ਬਾਅਦ ਵੀ ਆਸਾਮ ਜੇਲ੍ਹ 'ਚ ਰੱਖਣ ਦੀ ਤਿਆਰੀ

ਚੰਡੀਗੜ੍ਹ, 15 ਅਪ੍ਰੈਲ (ਚ.ਨ.ਸ.) : ਪੰਜਾਬ ਸਰਕਾਰ ਨੇ ਖਡੂਰ ਸਾਹਿਬ ਦੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਬਾਰੇ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਸਰਕਾਰ ਨੇ ਕੇਂਦਰੀ ਗ੍ਰਹਿ ਮੰਤਰਾਲੇ (ਐਮਐਚਏ) ਨੂੰ ਪੱਤਰ ਲਿਖ ਕੇ ਬੇਨਤੀ ਕੀਤੀ ਹੈ ਕਿ ਉਹ ਰਾਸ਼ਟਰੀ ਸੁਰੱਖਿਆ ਐਕਟ (ਐਨਐਸਏ) ਅਧੀਨ ਨਜ਼ਰਬੰਦੀ ਦੀ ਮਿਆਦ ਖਤਮ ਹੋਣ ਤੋਂ ਬਾਅਦ ਵੀ ਅਸਾਮ ਦੀ ਡਿਬਰੂਗੜ੍ਹ ਕੇਂਦਰੀ ਜੇਲ੍ਹ ਵਿੱਚ ਰਹਿਣ। ਸਰਕਾਰ ਨੇ ਇਸ ਦੇ ਕਾਰਨਾਂ ਵਜੋਂ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਦਾ ਹਵਾਲਾ ਦਿੱਤਾ ਹੈ। ਸੂਤਰਾਂ ਅਨੁਸਾਰ, ਪੰਜਾਬ ਸਰਕਾਰ ਨੇ ਕੇਂਦਰੀ ਗ੍ਰਹਿ ਸਕੱਤਰ ਨੂੰ ਅਸਾਮ ਸਰਕਾਰ ਦੀ ਸਹਿਮਤੀ ਪ੍ਰਾਪਤ ਕਰਨ ਅਤੇ ਕੈਦੀਆਂ ਦੇ ਤਬਾਦਲੇ ਐਕਟ, 1952 ਅਤੇ ਪੰਜਾਬ ਸੋਧ ਐਕਟ, 2025 ਦੇ ਉਪਬੰਧਾਂ ਤਹਿਤ ਅੰਮ੍ਰਿਤਪਾਲ ਨੂੰ ਡਿਬਰੂਗੜ੍ਹ ਜੇਲ੍ਹ ਵਿੱਚ ਰੱਖਣ ਦੀ ਇਜਾਜ਼ਤ ਦੇਣ ਦੀ ਬੇਨਤੀ ਕੀਤੀ ਹੈ। ਸੂਬਾ ਸਰਕਾਰ ਨੇ ਇਸ ਸਬੰਧ ਵਿੱਚ ਜਲਦੀ ਫੈਸਲਾ ਲੈਣ ਦੀ ਅਪੀਲ ਕੀਤੀ ਹੈ ਤਾਂ ਜੋ ਅੱਗੇ ਦੀਆਂ ਕਾਨੂੰਨੀ ਪ੍ਰਕਿਰਿਆਵਾਂ ਸਮੇਂ ਸਿਰ ਪੂਰੀਆਂ ਕੀਤੀਆਂ ਜਾ ਸਕਣ। ਜ਼ਿਕਰਯੋਗ ਹੈ ਕਿ ਅੰਮ੍ਰਿਤਪਾਲ ਸਿੰਘ ਨੂੰ 23 ਅਪ੍ਰੈਲ, 2023 ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਪਹਿਲਾਂ, ਉਹ ਲਗਭਗ ਇੱਕ ਮਹੀਨੇ ਤੋਂ ਫਰਾਰ ਸੀ। 24 ਫਰਵਰੀ, 2023 ਨੂੰ ਅੰਮ੍ਰਿਤਸਰ ਦੇ ਅਜਨਾਲਾ ਪੁਲਿਸ ਸਟੇਸ਼ਨ ਵਿੱਚ ਉਨ੍ਹਾਂ ਖਿਲਾਫ ਇੱਕ ਮਾਮਲਾ ਦਰਜ ਕੀਤਾ ਗਿਆ ਸੀ, ਜਦੋਂ ਉਨ੍ਹਾਂ ਨੇ ਅਤੇ ਸਾਥੀਆਂ ਨੇ ਪੁਲਿਸ ਸਟੇਸ਼ਨ 'ਤੇ ਹਮਲਾ ਕਰ ਕੇ ਇੱਕ ਸਾਥੀ ਨੂੰ ਛੁਡਾ ਲਿਆ। ਇਸ ਘਟਨਾ ਤੋਂ ਬਾਅਦ ਪੰਜਾਬ ਪੁਲਿਸ ਨੇ ਵੱਡੇ ਪੱਧਰ 'ਤੇ ਕਾਰਵਾਈ ਸ਼ੁਰੂ ਕੀਤੀ। ਗ੍ਰਿਫਤਾਰੀ ਤੋਂ ਬਾਅਦ ਅੰਮ੍ਰਿਤਪਾਲ ਨੂੰ ਐੱਨਐੱਸਏ ਅਧੀਨ ਡਿਬਰੂਗੜ੍ਹ ਜੇਲ੍ਹ ਵਿੱਚ ਰੱਖਿਆ ਗਿਆ ਹੈ। ਉਨ੍ਹਾਂ ਦੀ ਨਜ਼ਰਬੰਦੀ ਦੀ ਮਿਆਦ ਅਪ੍ਰੈਲ 2024 ਵਿੱਚ ਅਤੇ ਫਿਰ ਅਪ੍ਰੈਲ 2025 ਵਿੱਚ ਵਧਾਈ ਗਈ ਸੀ। ਇਹ ਮਿਆਦ ਹੁਣ 22 ਅਪ੍ਰੈਲ, 2026 ਨੂੰ ਖਤਮ ਹੋ ਰਹੀ ਹੈ। ਨਤੀਜੇ ਵਜੋਂ, ਪੰਜਾਬ ਪੁਲਿਸ ਅਤੇ ਖੁਫੀਆ ਏਜੰਸੀਆਂ ਨੇ ਚਿੰਤਾ ਪ੍ਰਗਟ ਕੀਤੀ ਹੈ ਕਿ ਉਨ੍ਹਾਂ ਦੀ ਰਿਹਾਈ ਸੂਬੇ ਵਿੱਚ ਕਾਨੂੰਨ ਵਿਵਸਥਾ ਨੂੰ ਪ੍ਰਭਾਵਿਤ ਕਰ ਸਕਦੀ ਹੈ। ਸੂਤਰ ਦੱਸਦੇ ਹਨ ਕਿ ਗ੍ਰਹਿ ਵਿਭਾਗ ਨੇ ਇਹ ਸਿਫ਼ਾਰਸ਼ ਪੰਜਾਬ ਦੇ ਡੀਜੀਪੀ ਅਤੇ ਅੰਮ੍ਰਿਤਸਰ (ਦਿਹਾਤੀ) ਦੇ ਐਸਐਸਪੀ ਦੀ ਰਿਪੋਰਟ ਦੇ ਆਧਾਰ 'ਤੇ ਕੀਤੀ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਅੰਮ੍ਰਿਤਪਾਲ ਨੂੰ ਐੱਨਐੱਸਏ ਦੀ ਮਿਆਦ ਖਤਮ ਹੋਣ ਤੋਂ ਬਾਅਦ 23 ਅਪ੍ਰੈਲ ਨੂੰ ਦੁਬਾਰਾ ਗ੍ਰਿਫ਼ਤਾਰ ਕੀਤਾ ਜਾ ਸਕਦਾ ਹੈ, ਪਰ ਸੂਬੇ ਦੀ ਸੁਰੱਖਿਆ ਲਈ ਉਨ੍ਹਾਂ ਨੂੰ ਪੰਜਾਬ ਤੋਂ ਬਾਹਰ ਹੀ ਠੀਕ ਹੋਵੇਗਾ। ਇਹ ਵੀ ਸਾਹਮਣੇ ਆਇਆ ਹੈ ਕਿ ਅੰਮ੍ਰਿਤਪਾਲ ਦੇ ਨੌਂ ਸਾਥੀਆਂ, ਜੋ ਪਹਿਲਾਂ ਡਿਬਰੂਗੜ੍ਹ ਜੇਲ੍ਹ ਵਿੱਚ ਕੈਦ ਸਨ,


ਪੀ.ਐਸ.ਆਈ.ਈ.ਸੀ. ਨੇ ਉਦਯੋਗਿਕ ਪਲਾਟਾਂ ਲਈ ਮਾਲਕੀ ਹੱਕ ਖੋਲ੍ਹੇ

ਜ਼ੀਰੋ ਸਟੈਂਪ ਡਿਊਟੀ ਨਾਲ ਲੀਜ਼ਹੋਲਡ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਲਈ ਯਕਮੁਸ਼ਤ ਮੌਕਾ

ਲੀਜ਼ਹੋਲਡ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਦੇ ਮੁੱਖ ਫ਼ਾਇਦੇ:

1. 30.04.2026 ਤੱਕ ਪ੍ਰਾਪਤ ਹੋਈਆਂ ਅਰਜ਼ੀਆਂ ਲਈ ਲੀਜ਼ਹੋਲਡ ਉਦਯੋਗਿਕ ਸੰਪਤੀਆਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਸਮੇਂ ਕਨਵੇਐਂਸ ਡੀਡ ਰਜਿਸਟ੍ਰੇਸ਼ਨ 'ਤੇ ਸਟੈਂਪ ਡਿਊਟੀ ਤੋਂ ਯਕਮੁਸ਼ਤ ਮੁਕੰਮਲ ਛੋਟ।
2. ਫ੍ਰੀਹੋਲਡ ਪਲਾਟਾਂ ਲਈ ਪੋਸਟ-ਅਲਾਟਮੈਂਟ ਸੇਵਾਵਾਂ ਨੂੰ ਸਰਲ ਬਣਾ ਕੇ ਇਨ੍ਹਾਂ ਨੂੰ ਸਿਰਫ਼ ਦੋ ਹੈੱਡਾਂ ਵਿੱਚ ਵੰਡਿਆ ਗਿਆ ਹੈ- 5 ਲਾਜ਼ਮੀ ਅਤੇ 18 ਵਿਕਲਪਿਕ ਸੇਵਾਵਾਂ; ਅੱਗੇ ਇਸ ਨੂੰ ਤਿੰਨ ਯੂਨੀਫਾਈਡ ਕੈਟਾਗਿਰੀਜ਼ ਵਿੱਚ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਅਲਾਟੀਆਂ ਲਈ ਕਾਰੋਬਾਰ ਕਰਨ ਦੀ ਆਸਾਨੀ ਅਤੇ ਕੁਸ਼ਲਤਾ ਵਿੱਚ ਮਹੱਤਵਪੂਰਨ ਸੁਧਾਰ ਹੋਵੇਗਾ।
3. ਫ੍ਰੀਹੋਲਡ ਪਲਾਟਾਂ ਨਾਲ ਸਬੰਧਤ ਸਾਰੀਆਂ ਸੇਵਾਵਾਂ ਲਈ ਸਮਾਂ-ਸੀਮਾਵਾਂ ਨੂੰ ਤਰਕਸੰਗਤ ਬਣਾਇਆ ਅਤੇ ਘਟਾਇਆ ਗਿਆ ਹੈ। ਇਸ ਤੋਂ ਇਲਾਵਾ ਤੇਜ਼ੀ ਨਾਲ ਫ਼ੈਸਲਾ ਲੈਣ ਨੂੰ ਯਕੀਨੀ ਬਣਾਉਣ ਲਈ ਅਜਿਹੇ ਮਾਮਲਿਆਂ ਦੇ ਨਿਪਟਾਰੇ ਲਈ ਅਸਟੇਟ ਅਫਸਰ (ਈ.ਓ.) ਨੂੰ ਉੱਚ ਅਥਾਰਿਟੀ ਵਜੋਂ ਮਨੋਨੀਤ ਕੀਤਾ ਗਿਆ ਹੈ।
4. ਬੈਂਕਾਂ/ਐਨ.ਬੀ.ਐਫ.ਸੀਜ਼ ਕੋਲ ਗਿਰਵੀ ਪਈਆਂ ਲੀਜ਼ਹੋਲਡ ਸੰਪਤੀਆਂ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਦੇ ਯੋਗ ਹੋਣਗੀਆਂ, ਬਸ਼ਰਤੇ ਕਿ ਸਬੰਧਤ ਬੈਂਕ/ਐਨ.ਬੀ.ਐਫ.ਸੀ. ਤੋਂ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਜਮ੍ਹਾਂ ਕਰਵਾਇਆ ਜਾਵੇ।
5. ਫ੍ਰੀਹੋਲਡ ਪਲਾਟ ਧਾਰਕਾਂ ਨੂੰ ਹਲਫ਼ਨਾਮਿਆਂ ਦੀ ਥਾਂ ਸਵੈ-ਘੋਸ਼ਣਾ ਪੱਤਰ ਜਮ੍ਹਾਂ ਕਰਾਉਣ ਦੀ ਇਜਾਜ਼ਤ ਹੋਵੇਗੀ, ਜਿਸ ਨਾਲ ਪ੍ਰਕਿਰਿਆ ਸਬੰਧੀ ਵੱਖ-ਵੱਖ ਲੋੜਾਂ ਸਰਲ ਬਣਨਗੀਆਂ।
6. ਜਿਨ੍ਹਾਂ ਮਾਮਲਿਆਂ ਵਿੱਚ ਮੌਜੂਦਾ ਲੀਜ਼ਹੋਲਡ ਸਮਝੌਤੇ ਵਿੱਚ ਕੀਮਤ ਵਾਧੇ (ਅਨਅਰਨਡ ਇਨਕ੍ਰੀਜ਼) ਲਈ ਕੋਈ ਉਪਬੰਧ ਨਹੀਂ, ਉੱਥੇ ਫ੍ਰੀਹੋਲਡ ਵਿੱਚ ਤਬਾਦਲੇ ਸਮੇਂ ਇਹ ਲਾਗੂ ਨਹੀਂ ਹੋਵੇਗਾ।
7. ਪਰਿਵਾਰ ਅੰਦਰ ਕੀਤੇ ਜਾਣ ਵਾਲੇ ਤਬਾਦਲਿਆਂ, ਜਿਨ੍ਹਾਂ ਵਿੱਚ ਵਿਰਾਸਤ ਅਤੇ ਅਲਾਟੀ ਦੀ ਮੌਤ ਤੋਂ ਬਾਅਦ ਹੋਣ ਵਾਲੇ ਤਬਾਦਲੇ ਸ਼ਾਮਲ ਹਨ, ਦੇ ਮਾਮਲਿਆਂ ਵਿੱਚ, ਜਦੋਂ ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਤਬਾਦਲੇ ਦਾ ਵਿਕਲਪ ਵਰਤਿਆ ਜਾ ਰਿਹਾ ਹੋਵੇ ਤਾਂ ਕੋਈ ਕੀਮਤ ਵਾਧਾ (ਅਨਅਰਨਡ ਇਨਕ੍ਰੀਜ਼) ਚਾਰਜ ਨਹੀਂ ਲੱਗੇਗਾ।
8. ਜੇਕਰ ਅਰਜ਼ੀਆਂ 30.04.2026 ਨੂੰ ਜਾਂ ਇਸ ਤੋਂ ਪਹਿਲਾਂ ਜਮ੍ਹਾਂ ਕਰਵਾਈਆਂ ਜਾਂਦੀਆਂ ਹਨ ਤਾਂ ਅਲਾਟੀ ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਤਬਾਦਲੇ 'ਤੇ 1,800 ਪ੍ਰਤੀ ਵਰਗ ਗਜ਼ ਦੇ ਹਿਸਾਬ ਨਾਲ ਬੱਚਤ ਲਾਭ ਪ੍ਰਾਪਤ ਕਰ ਸਕਦੇ ਹਨ। ਅਸਲ ਬੱਚਤ ਲਾਭ ਜਗ੍ਹਾ ਅਤੇ ਲਾਗੂ ਕੁਲੈਕਟਰ ਦਰਾਂ ਦੇ ਆਧਾਰ 'ਤੇ ਵੱਖ-ਵੱਖ ਹੋ ਸਕਦੇ ਹਨ।



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਲਿਮਟਿਡ

## ਸੰਪਾਦਕੀ

# ਮਹਿੰਗਾਈ ਕਾਬੂ ਤੋਂ ਬਾਹਰ

ਇਹ ਅਜੀਬ ਹੈ ਕਿ ਜਦੋਂ ਸਰਕਾਰ ਮਹਿੰਗਾਈ ਨੂੰ ਕੰਟਰੋਲ ਕਰਨ ਦਾ ਦਾਅਵਾ ਕਰਦੀ ਹੈ, ਤਾਂ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਲਗਾਤਾਰ ਵੱਧ ਰਹੀਆਂ ਹਨ। ਇਹ ਆਮ ਆਦਮੀ 'ਤੇ ਜ਼ਰੂਰੀ ਖਰਚਿਆਂ ਵਿੱਚ ਕਟੌਤੀ ਅਤੇ ਵਿੱਤੀ ਤੰਗੀ ਦੇ ਰੂਪ ਵਿੱਚ ਸਿੱਧਾ ਪ੍ਰਭਾਵ ਪਾ ਰਿਹਾ ਹੈ। ਜਦੋਂ ਆਮਦਨ ਦੇ ਸਰੋਤ ਸੀਮਤ ਹੁੰਦੇ ਹਨ, ਤਾਂ ਆਮ ਆਦਮੀ ਉਮੀਦ ਕਰਦਾ ਹੈ ਕਿ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਕਿਫਾਇਤੀ ਹੋਣਗੀਆਂ, ਤਾਂ ਜੋ ਉਸਨੂੰ ਪਰਿਵਾਰਕ ਰੋਜ਼ੀ-ਰੋਟੀ ਦੇ ਸੰਕਟ ਦਾ ਸਾਹਮਣਾ ਨਾ ਕਰਨਾ ਪਵੇ। ਹਾਲਾਂਕਿ, ਹਾਲ ਹੀ ਦੇ ਸਾਲਾਂ ਵਿੱਚ, ਆਮਦਨੀ ਵਸਤੂਆਂ ਦੀਆਂ ਕੀਮਤਾਂ ਵਿੱਚ ਵਾਧੇ ਦੇ ਬਰਾਬਰ ਨਹੀਂ ਵਧੀ ਹੈ। ਸੋਮਵਾਰ ਨੂੰ ਜਾਰੀ ਕੀਤੇ ਗਏ ਸਰਕਾਰੀ ਅੰਕੜਿਆਂ ਅਨੁਸਾਰ, ਫਰਵਰੀ ਵਿੱਚ 3.2 ਪ੍ਰਤੀਸ਼ਤ ਦੇ ਮੁਕਾਬਲੇ ਮਾਰਚ ਵਿੱਚ ਪ੍ਰਚੂਨ ਮਹਿੰਗਾਈ 3.4 ਪ੍ਰਤੀਸ਼ਤ ਤੱਕ ਵੱਧ ਗਈ। ਰਿਪੋਰਟਾਂ ਦੱਸਦੀਆਂ ਹਨ ਕਿ ਪ੍ਰਚੂਨ ਮਹਿੰਗਾਈ ਵਿੱਚ ਵਾਧਾ ਪੱਛਮੀ ਏਸ਼ੀਆ ਵਿੱਚ ਟਕਰਾਅ ਤੋਂ ਪੈਦਾ ਹੋਏ ਸੰਕਟ ਕਾਰਨ ਹੈ। ਪਰ ਸਵਾਲ ਇਹ ਹੈ ਕਿ: ਜੇਕਰ ਸਰਕਾਰ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਨੂੰ ਕੰਟਰੋਲ ਕਰਨ ਜਾਂ ਸਥਿਰ ਕਰਨ ਲਈ ਢੁਕਵੇਂ ਕਦਮ ਚੁੱਕ ਰਹੀ ਹੈ, ਤਾਂ ਮਹਿੰਗਾਈ ਕਿਵੇਂ ਵੱਧ ਰਹੀ ਹੈ ? ਇਹ ਕੋਈ ਭੇਤ ਨਹੀਂ ਹੈ ਕਿ ਦੇਸ਼ ਵਿੱਚ ਸਮਾਜਿਕ ਅਤੇ ਆਰਥਿਕ ਅਸੰਤੁਲਨ ਇੱਕ ਵੱਡੀ ਚੁਣੌਤੀ ਵਜੋਂ ਉਭਰਿਆ ਹੈ। ਰੁਜ਼ਗਾਰ ਅਤੇ ਆਮਦਨ ਦੇ ਮਾਮਲੇ ਵਿੱਚ ਦੇਸ਼ ਦੀ ਆਬਾਦੀ ਦੇ ਇੱਕ ਵੱਡੇ ਹਿੱਸੇ ਲਈ ਸਥਿਤੀ ਅਸੰਤੁਸ਼ਟੀਜਨਕ ਬਣੀ ਹੋਈ ਹੈ। ਸਥਿਰ ਆਮਦਨ ਅਤੇ ਘਟਦੀ ਖਰੀਦ ਸ਼ਕਤੀ ਦੀ ਸਥਿਤੀ ਵਿੱਚ, ਆਮ ਲੋਕਾਂ ਦੇ ਜ਼ਰੂਰੀ ਵਸਤੂਆਂ 'ਤੇ ਖਰਚ ਵਿੱਚ ਥੋੜ੍ਹਾ ਜਿਹਾ ਵਾਧਾ ਵੀ ਸਮੱਸਿਆਵਾਂ ਪੈਦਾ ਕਰਨਾ ਲਾਜ਼ਮੀ ਹੈ। ਦਰਅਸਲ, ਮਾਰਚ ਵਿੱਚ ਮਹਿੰਗਾਈ ਦੇ ਅੰਕੜਿਆਂ ਵਿੱਚ ਵਾਧੇ ਦਾ ਮੁੱਖ ਕਾਰਨ ਭੋਜਨ ਦੀਆਂ ਕੀਮਤਾਂ ਵਿੱਚ ਵਾਧਾ ਸੀ। ਪ੍ਰਚੂਨ ਮਹਿੰਗਾਈ ਖਪਤਕਾਰਾਂ ਦੀ ਖਪਤ ਅਤੇ ਖਰਚ ਨੂੰ ਦਰਸਾਉਂਦੀ ਹੈ। ਇਹੀ ਕਾਰਨ ਹੈ ਕਿ ਭਾਰਤੀ ਰਿਜ਼ਰਵ ਬੈਂਕ (RBI) ਆਪਣੀ ਨੀਤੀ ਪ੍ਰਚੂਨ ਮਹਿੰਗਾਈ 'ਤੇ ਅਧਾਰਤ ਕਰਦਾ ਹੈ। ਸਰਕਾਰ ਦਾ ਦਾਅਵਾ ਹੈ ਕਿ ਪ੍ਰਚੂਨ ਮਹਿੰਗਾਈ ਇਸ ਸਮੇਂ ਰਿਜ਼ਰਵ ਬੈਂਕ ਦੇ ਔਸਤ ਅਨੁਮਾਨ ਚਾਰ ਪ੍ਰਤੀਸ਼ਤ ਤੋਂ ਘੱਟ ਹੈ। ਹਾਲਾਂਕਿ, ਇਹ ਵੀ ਧਿਆਨ ਦੇਣਾ ਮਹੱਤਵਪੂਰਨ ਹੈ ਕਿ ਜੇਕਰ ਮਹਿੰਗਾਈ ਚਾਰ ਪ੍ਰਤੀਸ਼ਤ ਤੋਂ ਉੱਪਰ ਵਧਦੀ ਹੈ, ਤਾਂ ਕਿਫਾਇਤੀ ਕਰਜ਼ਿਆਂ ਦੀ ਸੰਭਾਵਨਾ ਘੱਟ ਜਾਂਦੀ ਹੈ। ਆਰਥਿਕ ਮਾਹਿਰਾਂ ਦਾ ਕਹਿਣਾ ਹੈ ਕਿ ਫਰਵਰੀ ਦੇ ਮੁਕਾਬਲੇ ਮਾਰਚ ਵਿੱਚ ਮਹਿੰਗਾਈ ਵਿੱਚ ਵਾਧਾ ਪੱਛਮੀ ਏਸ਼ੀਆਈ ਸੰਕਟ ਦੇ ਸ਼ੁਰੂਆਤੀ ਪ੍ਰਭਾਵ ਨੂੰ ਦਰਸਾਉਂਦਾ ਹੈ। ਜੇਕਰ ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਕਾਰ ਜੰਗ ਦੁਬਾਰਾ ਖੁੱਲ੍ਹਦੀ ਹੈ ਅਤੇ ਇਹ ਸਥਿਤੀ ਲੰਬੇ ਸਮੇਂ ਤੱਕ ਬਣੀ ਰਹਿੰਦੀ ਹੈ, ਤਾਂ ਇਹ ਕਲਪਨਾ ਕਰਨਾ ਆਸਾਨ ਹੈ ਕਿ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਕਿੰਨੀ ਤੇਜ਼ੀ ਨਾਲ ਵਧਣਗੀਆਂ। ਸਰਕਾਰੀ ਅੰਕੜਿਆਂ ਦੇ ਅਨੁਸਾਰ, ਮਾਰਚ ਵਿੱਚ ਆਲੂ, ਪਿਆਜ਼ ਅਤੇ ਕੁਝ ਦਾਲਾਂ ਦੀ ਮਹਿੰਗਾਈ ਦਰ ਵਿੱਚ ਗਿਰਾਵਟ ਆਈ, ਪਰ ਸੋਨੇ ਅਤੇ ਚਾਂਦੀ ਦੇ ਗਹਿਣਿਆਂ, ਨਾਰੀਅਲ, ਟਮਾਟਰ ਅਤੇ ਫੁੱਲ ਗੋਭੀ ਦੀਆਂ ਕੀਮਤਾਂ ਵਿੱਚ ਕਾਫ਼ੀ ਵਾਧਾ ਹੋਇਆ। ਮਾਰਚ ਵਿੱਚ ਬਿਜਲੀ, ਗੈਸ ਅਤੇ ਹੋਰ ਬਾਲਣਾਂ ਲਈ ਪ੍ਰਚੂਨ ਮਹਿੰਗਾਈ 1.65 ਪ੍ਰਤੀਸ਼ਤ ਰਹੀ, ਜੋ ਫਰਵਰੀ ਵਿੱਚ 1.52 ਪ੍ਰਤੀਸ਼ਤ ਸੀ। ਇਸਦਾ ਅਰਥ ਹੈ ਆਮ ਆਦਮੀ ਲਈ ਘੱਟ ਰਾਹਤ ਅਤੇ ਵਧੇਰੇ ਮੁਸ਼ਕਲਾਂ। ਇਸ ਤੋਂ ਇਲਾਵਾ, ਪੇਂਡੂ ਖੇਤਰਾਂ ਵਿੱਚ ਮਹਿੰਗਾਈ, ਜਿੱਥੇ ਰੁਜ਼ਗਾਰ ਅਤੇ ਆਮਦਨ ਦੇ ਸਰੋਤ ਸੀਮਤ ਹਨ, ਸ਼ਹਿਰੀ ਖੇਤਰਾਂ ਵਿੱਚ 3.11 ਪ੍ਰਤੀਸ਼ਤ ਦੇ ਮੁਕਾਬਲੇ 3.63 ਪ੍ਰਤੀਸ਼ਤ ਸੀ। ਇਸ ਲਈ, ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਜੇਕਰ ਸਰਕਾਰ ਮਹਿੰਗਾਈ ਨੂੰ ਕੰਟਰੋਲ ਕਰਨ ਲਈ ਠੋਸ ਉਪਾਅ ਨਹੀਂ ਕਰਦੀ ਹੈ, ਤਾਂ ਆਉਣ ਵਾਲੇ ਦਿਨਾਂ ਵਿੱਚ ਇਹ ਸੰਕਟ ਹੋਰ ਡੂੰਘਾ ਹੋ ਜਾਵੇਗਾ। ਮਾਰਚ 2026 ਵਿੱਚ ਪ੍ਰਚੂਨ ਮਹਿੰਗਾਈ 3.4% ਤੱਕ ਵੱਧ ਗਈ, ਜੋ ਫਰਵਰੀ ਵਿੱਚ 3.21% ਸੀ। ਇਹ ਇੱਕ ਮਹੀਨੇ ਵਿੱਚ ਮਹਿੰਗਾਈ ਵਿੱਚ ਮਾਮੂਲੀ ਵਾਧਾ ਦਰਸਾਉਂਦਾ ਹੈ। ਨਿਊਜ਼ ਏਜੰਸੀ ਭਾਸ਼ਾ ਦੇ ਅਨੁਸਾਰ, ਇਹ ਜਾਣਕਾਰੀ ਸਰਕਾਰੀ ਅੰਕੜਿਆਂ ਤੋਂ ਪ੍ਰਾਪਤ ਕੀਤੀ ਗਈ ਹੈ। ਖਪਤਕਾਰ ਮੁੱਲ ਸੂਚਕਾਂਕ (CPI) ਦੇ ਅੰਕੜਿਆਂ ਦੇ ਆਧਾਰ 'ਤੇ ਮਾਰਚ ਵਿੱਚ ਭੋਜਨ ਦੀਆਂ ਕੀਮਤਾਂ ਵਿੱਚ 3.87% ਦਾ ਵਾਧਾ ਹੋਇਆ, ਜੋ ਪਿਛਲੇ ਮਹੀਨੇ ਵਿੱਚ 3.47% ਸੀ। ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਪ੍ਰਚੂਨ ਮਹਿੰਗਾਈ ਕ੍ਰਮਵਾਰ 3.63% ਅਤੇ 3.11% ਦਰਜ ਕੀਤੀ ਗਈ।

-ਜਗਜੀਤ ਸਿੰਘ ਦਰਦੀ

### ਯੂਟਿਊਬ ਤੇ ਸੋਸ਼ਲ ਮੀਡੀਆ ਦਾ ਡਿਜੀਟਲ ਨਸ਼ਾ ਇੱਕ ਖ਼ਤਰਨਾਕ ਸੁਨਾਮੀ

# ਭਾਰਤੀ ਲੋਕਾਂ ਵਿੱਚ ਵਾਇਰਲ ਕੰਟੈਂਟ ਦਾ ਜਨੂੰਨ, ਢਾਈ ਕਰੋੜ ਮੱਧ ਵਰਗ ਅਤੇ ਜਨਰੇਸ਼ਨ ਜ਼ੈਡ 'ਤੇ ਖ਼ਤਰਨਾਕ ਅਸਰ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਦੁਨੀਆਂ ਵਿੱਚ ਵੱਧਦੇ ਹੋਏ ਵਾਇਰਲ ਸੰਦੇਸ਼ਾਂ ਦੇ ਨਾਲ ਇਕ ਖ਼ਤਰਨਾਕ ਸੁਨਾਮੀ ਦਾ ਦੌਰ ਸ਼ੁਰੂ ਹੋ ਗਿਆ ਹੈ ਤੇ ਵਾਇਰਲ ਕੰਟੈਂਟ ਗਲਤ ਜਾਣਕਾਰੀ ਤੇ ਫੇਕ ਨਿਊਜ਼ ਦੇ ਨਾਲ ਨਵੀਂ ਪੀੜ੍ਹੀ ਨੂੰ ਪ੍ਰਾਪਤ ਅਤੇ ਮਸਨੂਈ ਬੁਧੀ ਨਾਲ ਉਸ ਨੂੰ ਹੋਰ ਵੀ ਖ਼ਤਰਨਾਕ ਟਰੈਂਡ ਵਿੱਚ ਦਾਖਲ ਕਰ ਰਿਹਾ ਹੈ। ਅੱਜ ਯੂਟਿਊਬ 'ਤੇ ਲੋਕਾਂ ਦਾ ਭਰੋਸਾ, ਗਲਤ ਸਲਾਹ ਦੇ ਕੇਸ, ਚੈਨਲਾਂ ਦੀ ਗਿਣਤੀ, ਪ੍ਰਾਈਵੇਸੀ ਖਤਰਾ ਆਦਿ 'ਤੇ ਅਧਾਰਤ ਇੱਕ ਵਿਸਥਾਰਤ, ਵਿਸ਼ਲੇਸ਼ਣਾਤਮਕ ਅਤੇ ਚੇਤਾਵਨੀ ਇਸ ਵਿਚ ਯੂਟਿਊਬਰਾਂ/ਸੋਸ਼ਲ ਮੀਡੀਆ ਦੇ ਖਤਰਨਾਕ ਕਾਰਨਾਮਿਆਂ, ਡਾਟਾ ਪ੍ਰਾਈਵੇਸੀ ਦੀਆਂ ਚਿੰਤਾਵਾਂ, ਭਾਰਤੀ ਲੋਕਾਂ (ਖਾਸ ਕਰ ਮੱਧ ਵਰਗ ਅਤੇ ਯੁਵਕਾਂ) ਵਿੱਚ ਵਾਇਰਲ/ਐਡਿਕਸ਼ਨ ਦਾ ਜਨੂਨ, ਭਵਿੱਖੀ ਖਤਰਿਆਂ ਅਤੇ ਕਾਰਪੋਰੇਟ ਲੁੱਟ ਬਾਰੇ ਗੱਲ ਕੀਤੀ ਗਈ ਹੈ।

ਅੱਜ ਸੋਸ਼ਲ ਮੀਡੀਆ ਦਾ ਅੰਨ੍ਹਾ ਭਰੋਸਾ ਅਤੇ ਡਿਜੀਟਲ ਨਸ਼ਾ ਭਾਰਤੀ ਯੁਵਕਾਂ ਅਤੇ ਮੱਧ ਵਰਗ ਲਈ ਇੱਕ ਖਤਰਨਾਕ ਯਾਤਰਾ ਭਾਰਤ ਵਿਚ ਯੂਟਿਊਬ ਹੁਣ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ ਰਿਹਾ। ਇਹ ਡਾਕਟਰ, ਵਕੀਲ, ਜਿੰਮ ਟ੍ਰੇਨਰ, ਵਿੱਤੀ ਸਲਾਹਕਾਰ ਅਤੇ ਇਸ ਤੋਂ ਵੀ ਅੱਗੇ ਬਣ ਗਿਆ ਹੈ। ਪਿਛਲੇ ਦਿਨੀਂ ਭਾਸਕਰ ਨਿਊਜ਼ ਦੀ ਰਿਪੋਰਟ ਅਨੁਸਾਰ, ਦੇਸ਼ ਵਿਚ ਹਰ 10 ਵਿੱਚੋਂ 7 ਲੋਕ ਯੂਟਿਊਬਰਾਂ ਦੀ ਸਲਾਹ 'ਤੇ ਭਰੋਸਾ ਕਰਦੇ ਹਨ ਅਤੇ ਉਨ੍ਹਾਂ ਵਿਚੋਂ 60% ਲੋਕ ਬਿਨਾਂ ਕਿਸੇ ਕ੍ਰਾਸ-ਚੈੱਕ ਕੀਤੇ ਉਸ ਨੂੰ ਸਹੀ ਮੰਨ ਲੈਂਦੇ ਹਨ।

ਇਸ ਰਿਪੋਰਟ ਅਨੁਸਾਰ ਇਸ ਦੇ ਨਾਲ ਹੀ ਭਾਰਤ ਵਿਚ ਯੂਟਿਊਬ ਦੇ ਲੱਗਭੱਗ 50 ਕਰੋੜ ਮਾਸਿਕ ਸਰਗਰਮ ਯੂਜ਼ਰ ਹਨ ਅਤੇ ਦੁਨੀਆਂ ਭਰ ਵਿਚ ਢਾਈ ਕਰੋੜ ਤੋਂ ਵੱਧ ਚੈਨਲ ਹਨ, ਜਿਨ੍ਹਾਂ ਵਿਚੋਂ ਭਾਰਤ ਵਿਚ ਸਿਰਫ਼ 30 ਲੱਖ ਪੇਸ਼ੇਵਰ ਹਨ। ਬਾਕੀ ਲੱਖਾਂ ਚੈਨਲ ਬਿਨਾਂ ਕਿਸੇ ਵਿਸ਼ੇਸ਼ ਯੋਗਤਾ ਤੋਂ ਗਲਤ ਜਾਣਕਾਰੀ ਫੈਲਾ ਰਹੇ ਹਨ। ਇਹ ਮਾਸੂਮ ਸਕੈਮ ਲੋਕਾਂ ਦੀ ਸਿਹਤ, ਬੱਚਤ ਅਤੇ ਜਾਨ ਤੱਕ ਖਤਰੇ ਵਿਚ ਪਾ ਰਿਹਾ ਹੈ।

ਅੱਜ ਇਸ ਡਾਟੇ 'ਤੇ ਅਧਾਰਤ ਯੂਟਿਊਬ ਅਤੇ ਸੋਸ਼ਲ ਮੀਡੀਆ ਦੇ ਖਤਰਨਾਕ ਪਹਿਲੂਆਂ — ਗਲਤ ਸਲਾਹ ਦੇ ਕਾਰਨਾਮੇ, ਡਾਟਾ ਪ੍ਰਾਈਵੇਸੀ ਦੀ ਲੁੱਟ, ਭਾਰਤੀ ਲੋਕਾਂ ਵਿਚ ਵਾਇਰਲ ਕੰਟੈਂਟ ਦਾ ਜਨੂਨ, ਮੱਧ ਵਰਗ ਅਤੇ ਜਨਰੇਸ਼ਨ ਜ਼ੈਡ 'ਤੇ ਪੈ ਰਿਹਾ ਬੇਹਦ ਖਤਰਨਾਕ ਅਸਰ ਅਤੇ ਭਵਿੱਖ ਵਿਚ ਤਕਨੀਕੀ ਯੁੱਗ ਵਿਚ ਇਸ ਟ੍ਰੈਂਡ ਦੀਆਂ ਖਤਰਨਾਕ ਸੰਭਾਵਨਾਵਾਂ — ਬਾਰੇ ਵਿਸਥਾਰ ਨਾਲ ਚਰਚਾ ਕਰਾਦਿਆਂ ਇਹ ਸਿਰਫ਼ ਇੱਕ ਰਿਪੋਰਟ ਨਹੀਂ, ਬਲਕਿ ਇੱਕ ਚੇਤਾਵਨੀ ਵੀ ਹੈ।

ਅੱਜ ਯੂਟਿਊਬਰਾਂ ਦੀ ਗਲਤ ਸਲਾਹ ਜਾਨ ਅਤੇ ਬਚਤ ਤੱਕ ਦਾ ਖਤਰਾ ਯੂਟਿਊਬ 'ਤੇ ਬਿਨਾਂ ਕਿਸੇ ਰੈਗੂਲੇਸ਼ਨ ਤੋਂ ਲੋਕ ਡਾਕਟਰੀ, ਵਿੱਤੀ ਅਤੇ ਲੀਗਲ ਸਲਾਹ ਦੇ ਰਹੇ ਹਨ। ਇਸ ਨਿਊਜ਼ ਨੇ ਤਿੰਨ ਖਤਰਨਾਕ ਕੇਸ ਰਿਪੋਰਟ ਕੀਤੇ ਹਨ, ਜਿਵੇਂ ਤਮਿਲਨਾਡੂ ਦੇ ਕੁਮਾਰਨ ਨੇ ਯੂਟਿਊਬ 'ਤੇ ਪ੍ਰਸਵ (ਜਣੇਪਾ) ਦਾ ਵੀਡੀਓ ਵੇਖ ਕੇ ਘਰ 'ਤੇ ਹੀ ਪ੍ਰਸਵ ਕਰਾਉਣ ਦੀ ਕੋਸ਼ਿਸ਼ ਕੀਤੀ। ਭਾਰੀ ਖੂਨ ਵਗਣ ਨਾਲ ਉਸ ਦੀ ਪਤਨੀ ਦੀ ਮੌਤ ਹੋ ਗਈ। ਇਹ ਮਾਮਲਾ ਮਾਰਚ 2026 ਵਿਚ ਬਹੁਤ ਚਰਚਾ ਵਿੱਚ ਰਿਹਾ।

'ਬਾਪ ਆਫ ਚਾਰਟ' ਚੈਨਲ ਨੇ ਆਪਸ਼ਨ ਟ੍ਰੇਡਿੰਗ ਵਿਚ ਲੱਖਾਂ ਕਮਾਉਣ ਦਾ ਲਾਲਚ ਦਿੱਤਾ। ਸੇਬੀ ਨੇ ਜਾਂਚ ਵਿਚ ਪਾਇਆ ਕਿ ਚੈਨਲ ਚਲਾਉਣ ਵਾਲਾ ਖੁਦ 2.89 ਕਰੋੜ ਰੁਪਏ ਦੇ ਘਾਟੇ ਵਿਚ ਸੀ। ਉਸ ਤੇ 17.2 ਕਰੋੜ ਦਾ ਜੁਰਮਾਨਾ ਲਗਾਇਆ ਗਿਆ ਅਤੇ ਟ੍ਰੇਡਿੰਗ ਤੋਂ ਬੈਨ ਕੀਤਾ ਗਿਆ। ਉੱਤਰ ਪ੍ਰਦੇਸ਼ ਦੇ ਇੱਕ ਨੌਜਵਾਨ ਨੇ ਵਜ਼ਨ ਘਟਾਉਣ ਦਾ ਨੁਸਖਾ ਵੇਖ ਕੇ ਚੂਰਨ ਖਾਧਾ। ਨਤੀਜਾ — ਕਿਡਨੀ ਅਤੇ ਲੀਵਰ ਵਿਚ ਗੰਭੀਰ ਇਨਫੈਕਸ਼ਨ।

ਅੱਜ ਇਹ ਕੇਸ ਇਕੱਲੇ ਨਹੀਂ ਹਨ। ਭਾਰਤ ਵਿਚ ਯੂਟਿਊਬ 'ਤੇ ਹਜ਼ਾਰਾਂ ਚੈਨਲ ਗਲਤ ਮੈਡੀਕਲ ਨੁਸਖੇ, ਫੇਕ ਇਨਵੈਸਟਮੈਂਟ ਟਿਪਸ ਅਤੇ ਬਿਨਾਂ ਯੋਗਤਾ ਤੋਂ ਲੀਗਲ ਸਲਾਹ ਦੇ ਰਹੇ ਹਨ। ਉਪਭੋਗਤਾ ਸੁਰੱਖਿਆ ਐਕਟ 2019 ਤਹਿਤ ਭਰਮਾਉਣ ਵਾਲੀਆਂ ਇਸ਼ਤਿਹਾਰਾਂ ਤੇ 10-50 ਲੱਖ ਜੁਰਮਾਨਾ ਹੋ ਸਕਦਾ ਹੈ, ਪਰ ਡਿਸਕਲੇਮਰ ਲਿਖ ਕੇ ਸਿਰਫ਼ ਸਿੱਖਿਆ ਉਦੇਸ਼ ਲਈ ਲਿਖ ਦੇਣ ਨਾਲ ਬਚਣਾ ਆਸਾਨ ਹੋ ਜਾਂਦਾ ਹੈ। ਆਈਟੀ ਐਕਟ ਅਤੇ ਬੀਐਨਐੱਸ ਤਹਿਤ ਕਾਰਵਾਈ ਹੋ ਸਕਦੀ ਹੈ, ਪਰ ਧੀਮੀ ਕਾਨੂੰਨੀ ਪ੍ਰਕਿਰਿਆ ਅਤੇ ਫਾਸਟ ਟ੍ਰੈਕ ਦੀ ਘਾਟ ਕਾਰਨ ਜ਼ਿਆਦਾਤਰ ਮਾਮਲੇ ਅਣਸੁਲਝੇ ਰਹਿੰਦੇ ਹਨ।

ਅੱਜ ਇਸ ਤੋਂ ਵੀ ਵੱਡੀ ਸਮੱਸਿਆ ਇਹ ਹੈ ਕਿ ਯੂਟਿਊਬ ਦਾ ਐਲਗੋਰਿਦਮ ਇਸ ਗਲਤ ਕੰਟੈਂਟ ਨੂੰ ਵਧਾਵਾ ਦਿੰਦਾ ਹੈ। ਵਿਊਜ਼ ਅਤੇ ਲਾਈਕਸ ਲਈ ਸੈਂਸੇਸ਼ਨਲ ਅਤੇ ਭਰਮਾਉਣ ਵਾਲਾ ਕੰਟੈਂਟ ਤੇਜ਼ੀ ਨਾਲ ਵਾਇਰਲ ਹੁੰਦਾ ਹੈ। ਨਤੀਜਾ — ਆਮ ਲੋਕ, ਖਾਸ ਕਰ ਗਰਾਮੀਣ ਅਤੇ ਅਰਧ-ਸਹਿਤੀ ਵਰਗ, ਆਪਣੀ ਜਾਨ ਅਤੇ ਬੱਚਤ ਗਵਾ ਰਹੇ ਹਨ।ਡਾਟਾ ਪ੍ਰਾਈਵੇਸੀ ਦੀ ਲੁੱਟ ਦਾ ਸਰਵੇਲੈਂਸ ਕੈਪੀਟਲਿਜ਼ਮ ਦਾ ਭਾਰਤੀ ਰੂਪਯੂਟਿਊਬ (ਗੂਗਲ) ਅਤੇ ਹੋਰ ਸੋਸ਼ਲ ਮੀਡੀਆ ਪਲੇਟਫਾਰਮ ਆਪਣੇ ਆਪ ਨੂੰ ਸਿਰਫ਼ ਇੰਟਰਮੀਡੀਏਰੀ ਦੱਸਦੇ ਹਨ ਅਤੇ ਕੰਟੈਂਟ ਦੀ ਜ਼ਿੰਮੇਵਾਰੀ ਤੋਂ ਪੱਲਾ ਝਾੜ ਲੈਂਦੇ ਹਨ ਪਰ ਅਸਲ ਵਿਚ ਉਹ ਤੁਹਾਡਾ ਹਰ ਵਿਹਾਰ — ਵੀਡੀਓ ਵੇਖਣ ਦਾ ਸਮਾਂ, ਖੋਜ, ਲਾਈਕ, ਕਮੈਂਟ, ਲੋਕੇਸ਼ਨ ਅਤੇ ਇੱਥੋਂ ਤੱਕ ਕਿ ਤੁਹਾਡੀਆਂ ਭਾਵਨਾਵਾਂ — ਟ੍ਰੈਕ ਕਰਦੇ ਹਨ। ਇਸ ਨੂੰ ਸਰਵੇਲੈਂਸ ਕੈਪੀਟਲਿਜ਼ਮ ਕਿਹਾ ਜਾਂਦਾ ਹੈ, ਜਿਸ ਵਿਚ ਤੁਹਾਡਾ ਡਾਟਾ ਇੱਕ ਉਤਪਾਦ ਬਣ ਜਾਂਦਾ ਹੈ ਅਤੇ ਟਾਰਗੇਟਿਡ ਐਡਵਰਟਾਈਜ਼ਿੰਗ ਰਾਹੀਂ ਲੱਖਾਂ-ਕਰੋੜਾਂ ਕਮਾਏ ਜਾਂਦੇ ਹਨ।




ਅੱਜ ਭਾਰਤ ਵਿਚ 50 ਕਰੋੜ ਯੂਟਿਊਬ ਯੂਜ਼ਰ ਹਨ। ਇਸ ਦਾ ਮਤਲਬ ਹੈ ਕਿ ਗੂਗਲ ਕੋਲ ਭਾਰਤੀਆਂ ਦਾ ਵੱਡਾ ਡਾਟਾ ਬੈਂਕ ਹੈ — ਉਮਰ, ਲਿੰਗ, ਰੁਚੀਆਂ, ਖਰੀਦਦਾਰੀ ਦੀਆਂ ਆਦਤਾਂ, ਰਾਜਨੀਤਿਕ ਵਿਚਾਰ ਅਤੇ ਇੱਥੋਂ ਤੱਕ ਕਿ ਸਿਹਤ ਸਬੰਧੀ ਚਿੰਤਾਵਾਂ। ਇਸ ਡਾਟੇ ਨੂੰ ਐਲਗੋਰਿਦਮ ਵਿਚ ਵਰਤ ਕੇ ਯੂਜ਼ਰ ਨੂੰ ਘੰਟਿਆਂ ਤੱਕ ਚਿਪਕਾਈ ਰੱਖਿਆ ਜਾਂਦਾ ਹੈ। ਇਨਫਾਈਨਾਈਟ ਸਕ੍ਰੋਲ, ਆਟੋ-ਪਲੇ ਅਤੇ ਪਰਸਨਲਾਈਜ਼ਡ ਰਿਕਮੈਂਡੇਸ਼ਨ ਯੂਜ਼ਰ ਨੂੰ ਨਸ਼ੇ ਵਾਂਗ ਵਰਤਣ ਲਈ ਮਜਬੂਰ ਕਰਦੇ ਹਨ।ਪ੍ਰਾਈਵੇਸੀ ਖਤਰਾ ਇਸ ਤਰ੍ਹਾਂ ਹੈ:ਤੁਹਾਡਾ ਡਾਟਾ ਤੀਜੀ ਧਿਰ ਨਾਲ ਸਾਂਝਾ ਕੀਤਾ ਜਾ ਸਕਦਾ ਹੈ (ਐਡਵਰਟਾਈਜ਼ਰਾਂ ਨਾਲ)। ਡਾਟਾ ਬ੍ਰੀਚ ਦੇ ਮਾਮਲੇ ਵਿਚ ਤੁਹਾਡੀ ਨਿੱਜੀ ਜਾਣਕਾਰੀ ਲੀਕ ਹੋ ਸਕਦੀ ਹੈ ਅਤੇ ਭਵਿੱਖ ਵਿਚ ਇਸ ਡਾਟੇ ਨੂੰ ਰਾਜਨੀਤਿਕ ਮੈਨੀਪੁਲੇਸ਼ਨ, ਲੋਨ ਐਪਰੂਵਲ ਜਾਂ ਨੌਕਰੀ ਲਈ ਵਰਤਿਆ ਜਾ ਸਕਦਾ ਹੈ।

ਅੱਜ ਭਾਰਤ ਵਿਚ ਡਿਜੀਟਲ ਪਰਸਨਲ ਡਾਟਾ ਪ੍ਰੋਟੈਕਸ਼ਨ ਐਕਟ (DPDPA) 2023 ਹੈ, ਜੋ ਯੂਜ਼ਰ ਨੂੰ ਕੰਸੈਂਟ, ਡਾਟਾ ਡਿਲੀਟ ਅਤੇ ਸੁਰੱਖਿਆ ਦੇ ਅਧਿਕਾਰ ਦਿੰਦਾ ਹੈ। ਪਰ ਇਸ ਦੀ ਲਾਗੂ ਕਰਨ ਵਿਚ ਘਾਟ ਹੈ ਅਤੇ ਬੜੀਆਂ ਟੈਕ ਕੰਪਨੀਆਂ ਲਾਬੀਂਗ ਰਾਹੀਂ ਆਪਣੇ ਹੱਕ ਵਿਚ ਨਿਯਮ ਬਣਵਾਉਂਦੀਆਂ ਹਨ।

ਕਾਰਪੋਰੇਟ ਲੁੱਟ ਇਸ ਤਰ੍ਹਾਂ ਹੈ ਕਿ ਤੁਸੀਂ ਮੁਫ਼ਤ ਵੀਡੀਓ ਵੇਖਦੇ ਹੋ, ਪਰ ਤੁਹਾਡਾ ਧਿਆਨ ਅਤੇ ਡਾਟਾ ਉਨ੍ਹਾਂ ਦੀ ਅਸਲ ਕਮਾਈ ਹੈ। ਯੂਟਿਊਬ ਨੇ 2025 ਵਿਚ 60 ਬਿਲੀਅਨ ਡਾਲਰ ਤੋਂ ਵੱਧ ਰੈਵੇਨਿਊ ਕਮਾਇਆ, ਜਿਸ ਵਿਚ ਭਾਰਤ ਵੱਡਾ ਯੋਗਦਾਨ ਹੈ। ਇਸ ਲੁੱਟ ਵਿਚ ਆਮ ਲੋਕ, ਖਾਸ ਕਰ ਮੱਧ ਵਰਗ, ਸਭ ਤੋਂ ਵੱਧ ਫਸਦਾ ਹੈ ਕਿਉਂਕਿ ਉਹ ਵਧੇਰੇ ਡਿਜੀਟਲ ਲੈਣ-ਦੇਣ ਕਰਦਾ ਹੈ ਅਤੇ ਆਪਣੀ ਪ੍ਰਾਈਵੇਸੀ ਬਾਰੇ ਘੱਟ ਜਾਗਰੂਕ ਹੈ।

ਅੱਜ ਭਾਰਤੀ ਲੋਕਾਂ ਵਿਚ ਸੋਸ਼ਲ ਮੀਡੀਆ ਦਾ ਜਨੂਨ ਇੱਕ ਵਾਇਰਲ ਨਸ਼ਾ ਅਤੇ ਐਡਿਕਸ਼ਨਭਾਰਤ ਵਿਚ ਯੁਵਕ ਅਤੇ ਜਨਰੇਸ਼ਨ ਜ਼ੈਡ ਸੋਸ਼ਲ ਮੀਡੀਆ ਨੂੰ ਨਸ਼ੇ ਵਾਂਗ ਵਰਤ ਰਹੇ ਹਨ। ਆਰਥਿਕ ਸਰਵੇਖਣ 2026 ਅਨੁਸਾਰ ਡਿਜੀਟਲ ਐਡਿਕਸ਼ਨ ਇੱਕ ਵੱਡੀ ਜਨਤਕ ਸਿਹਤ ਸਮੱਸਿਆ ਬਣ ਰਹੀ ਹੈ। ਯੁਵਕ ਰੋਜ਼ਾਨਾ 5-8 ਘੰਟੇ ਤੱਕ ਸਕ੍ਰੀਨ ਤੇ ਬਿਤਾਉਂਦੇ ਹਨ। ਸੋਸ਼ਲ ਮੀਡੀਆ ਐਡਿਕਸ਼ਨ ਐਂਗਜ਼ਾਈਟੀ, ਡਿਪ੍ਰੈਸ਼ਨ, ਘੱਟ ਆਤਮ-ਸਨਮਾਨ ਅਤੇ ਸਾਈਬਰ ਬੁਲਿੰਗ ਨਾਲ ਜੁੜੀ ਹੋਈ ਹੈ।ਇੱਕ ਅਧਿਐਨ ਅਨੁਸਾਰ ਭਾਰਤ ਵਿਚ Gen Z ਵਿਚੋਂ 59% ਲੋਕ ਲਗਾਤਾਰ ਐਂਗਜ਼ਾਈਟੀ ਜਾਂ ਸਟ੍ਰੈੱਸ ਮਹਿਸੂਸ ਕਰਦੇ ਹਨ। ਸੋਸ਼ਲ ਮੀਡੀਆ ਤੇ ਤੁਲਨਾ (ਸੋਸ਼ਲ ਕੰਪੈਰੀਜ਼ਨ) ਕਾਰਨ ਲੋਕ ਆਪਣੀ ਜ਼ਿੰਦਗੀ ਨੂੰ ਘੱਟ ਵੇਖਦੇ ਹਨ। ਵਾਇਰਲ ਵੀਡੀਓਜ਼, ਚੈਲੰਜ ਅਤੇ ਟ੍ਰੈਂਡਸ ਯੁਵਕਾਂ ਨੂੰ ਇਸ ਤਰ੍ਹਾਂ ਖਿੱਚਦੇ ਹਨ ਕਿ ਉਹ ਅਸਲ ਜੀਵਨ ਤੋਂ ਦੂਰ ਹੋ ਰਹੇ ਹਨ।

ਸਵਾਲ ਇਹ ਹੈ ਕਿ ਇਹ ਜਨੂਨ ਭਾਰਤੀਆਂ ਨੂੰ ਕਿੱਥੇ ਲੈ ਜਾਏਗਾ ? ਮਾਨਸਿਕ ਸਿਹਤ ਦਾ ਵਿਗਾੜ: ਵਧਦੀ ਡਿਪ੍ਰੈਸ਼ਨ ਅਤੇ ਆਤਮਹੱਤਿਆ ਦੀਆਂ ਘਟਨਾਵਾਂ ਤੇ ਸਿੱਖਿਆ ਅਤੇ ਉਤਪਾਦਕਤਾ ਤੇ ਅਸਰ: ਘੱਟ ਧਿਆਨ, ਘੱਟ ਅਕਾਦਮਿਕ ਪ੍ਰਦਰਸ਼ਨ ਅਤੇ ਭਵਿੱਖ ਵਿਚ ਘੱਟ ਉਤਪਾਦਕ ਯੁਵਕ ਵਰਗ। ਸਮਾਜਿਕ ਰਿਸ਼ਤੇ ਆਨਲਾਈਨ ਤੁਲਨਾ ਕਾਰਨ ਅਸਲ ਰਿਸ਼ਤਿਆਂ ਵਿਚ ਦੂਰੀ। ਆਰਥਿਕ ਨੁਕਸਾਨ ਵਿੱਚ ਫੇਕ ਇਨਵੈਸਟਮੈਂਟ ਸਕੀਮਾਂ ਵਿਚ ਫਸਣਾ ਅਤੇ ਬੱਚਤ ਗਵਾਉਣਾ ਹੈ।

ਅੱਜ ਮੱਧ ਵਰਗ ਭਾਰਤੀ ਸਮਾਜ ਤੇ ਇਸ ਦਾ ਬੇਹੱਦ ਖਤਰਨਾਕ ਅਸਰ ਹੈ, ਕਿਉਂਕਿ ਇਹ ਵਰਗ ਡਿਜੀਟਲ ਉਪਕਰਣਾਂ ਤੱਕ ਵਧੇਰੇ ਪਹੁੰਚ ਰੱਖਦਾ ਹੈ ਅਤੇ ਆਪਣੇ ਬੱਚਿਆਂ ਲਈ ਬਿਹਤਰ ਭਵਿੱਖ ਚਾਹੁੰਦਾ ਹੈ, ਪਰ ਐਡਿਕਸ਼ਨ ਉਸ ਭਵਿੱਖ ਨੂੰ ਖਤਰੇ ਵਿਚ ਪਾ ਰਿਹਾ ਹੈ।

ਅੱਜ ਭਵਿੱਖ ਵਿੱਚ ਖਤਰਾ ਵਿਸ਼ੇਸ਼ ਤੌਰ 'ਤੇ ਤਕਨੀਕੀ ਯੁੱਗ ਵਿਚ ਡਿਜੀਟਲ ਨਸ਼ਾ ਅਤੇ ਸਮਾਜਿਕ ਵਿਗਾੜ ਜਦੋਂ ਜਨਰੇਸ਼ਨ ਜ਼ੈਡ ਅਤੇ ਭਾਰਤ ਦੇ ਕਰੋੜਾਂ ਯੁਵਕ ਵਾਇਰਲ ਕੰਟੈਂਟ ਨੂੰ ਨਸ਼ੇ ਵਾਂਗ ਵਰਤਣ ਲੱਗੇ ਹਨ, ਤਾਂ ਇਹ ਭਵਿੱਖ ਵਿਚ ਤਕਨੀਕ ਦੇ ਯੁਗ ਲਈ ਬੇਹਦ ਖਤਰਨਾਕ ਟ੍ਰੈਂਡ ਹੈ। ਐਡਵਾਂਸਡ ਏਆਈ ਐਲਗੋਰਿਦਮ ਯੂਜ਼ਰ ਦੀਆਂ ਕਮਜ਼ੋਰੀਆਂ ਨੂੰ ਹੋਰ ਬਿਹਤਰ ਤਰੀਕੇ ਨਾਲ ਟਾਰਗੇਟ ਕਰਨਗੇ। ਅੱਜ ਡੀਪ ਫੇਕ ਵੀਡੀਓਜ਼, ਏਆਈ ਤੋਂ ਬਣੀਆਂ ਗਲਤ ਸਲਾਹਾਂ ਅਤੇ ਵਰਚੁਅਲ ਰਿਐਲਿਟੀ ਵਿਚ ਡੂੰਘੀ ਐਡਿਕਸ਼ਨ ਆਮ ਹੋ ਸਕਦੀ ਹੈ।ਪ੍ਰਾਈਵੇਸੀ ਖਤਰਾ ਹੋਰ ਵਧੇਗਾ। ਕਿਉਂਕਿ ਏਆਈ ਤੁਹਾਡੀਆਂ ਭਾਵਨਾਵਾਂ, ਵਿਚਾਰ ਅਤੇ ਭਵਿੱਖੀ ਵਿਵਹਾਰ ਦੀ ਭਵਿੱਖਬਾਣੀ ਕਰ ਸਕਦਾ ਹੈ। ਕਾਰਪੋਰੇਟ ਇਸ ਡਾਟੇ ਨੂੰ ਹੋਰ ਵਧੀਆ ਤਰੀਕੇ ਨਾਲ ਵਰਤ ਕੇ ਲੋਕਾਂ ਨੂੰ ਨਿਯੰਤਰਿਤ ਕਰ ਸਕਦੀਆਂ ਹਨ।

ਅੱਜ ਭਾਰਤ ਵਿਚ ਮੱਧ ਵਰਗ ਇਸ ਲਈ ਸਭ ਤੋਂ ਵੱਧ ਖਤਰੇ ਵਿਚ ਹੈ, ਕਿਉਂਕਿ ਉਹ ਆਰਥਿਕ ਤੌਰ 'ਤੇ ਮਜ਼ਬੂਤ ਹੋ ਰਿਹਾ ਹੈ ਪਰ ਮਾਨਸਿਕ ਤੌਰ 'ਤੇ ਕਮਜ਼ੋਰ ਹੋ ਰਿਹਾ ਹੈ।ਸਰਕਾਰ ਅਤੇ ਸਮਾਜ ਨੂੰ ਇਸ ਤੋਂ ਬਚਾਅ ਲਈ ਤੁਰੰਤ ਕਦਮ ਚੁੱਕਣੇ ਚਾਹੀਦੇ ਹਨ:ਯੂਟਿਊਬਰਾਂ ਲਈ ਰਜਿਸਟ੍ਰੇਸ਼ਨ ਅਤੇ ਯੋਗਤਾ ਦੀ ਲੋੜ।

ਐਲਗੋਰਿਦਮ ਵਿਚ ਸੁਧਾਰ ਤਾਕਿ ਗਲਤ ਕੰਟੈਂਟ ਨੂੰ ਘੱਟ ਪ੍ਰਮੋਟ ਕੀਤਾ ਜਾਵੇ। ਡਿਜੀਟਲ ਵੈਲਨੈੱਸ ਐਜੂਕੇਸ਼ਨ ਸਕੂਲਾਂ ਅਤੇ ਕਾਲਜਾਂ ਵਿਚ ਲਾਜ਼ਮੀ ਬਣਾਉਣਾ। DPDPA ਨੂੰ ਸਖ਼ਤੀ ਨਾਲ ਲਾਗੂ ਕਰਨਾ ਅਤੇ ਡਾਟਾ ਲੋਕਲਾਈਜ਼ੇਸ਼ਨ ਤੇ ਧਿਆਨ। ਉਮਰ-ਆਧਾਰਿਤ ਪਾਬੰਦੀਆਂ (ਜਿਵੇਂ ਆਰਥਿਕ ਸਰਵੇਖਣ 2026 ਵਿਚ ਸੁਝਾਇਆ ਗਿਆ)।

ਅੱਜ ਜਾਗਰੂਕਤਾ ਅਤੇ ਜਵਾਬਦੇਹੀ ਦੀ ਲੋੜ ਯੂਟਿਊਬ ਦੇ 50 ਕਰੋੜ ਯੂਜ਼ਰ ਅਤੇ ਢਾਈ ਕਰੋੜ ਚੈਨਲ ਇੱਕ ਵੱਡੀ ਤਾਕਤ ਹਨ, ਪਰ ਇਸ ਤਾਕਤ ਤੋਂ ਬਿਨਾਂ ਜਵਾਬਦੇਹੀ ਦੇ ਖਤਰਾ ਵੀ ਬਹੁਤ ਵੱਡਾ ਹੈ। ਭਾਰਤੀ ਲੋਕਾਂ, ਖਾਸ ਕਰ ਯੁਵਕਾਂ ਅਤੇ ਮੱਧ ਵਰਗ ਲਈ ਇਹ ਡਿਜੀਟਲ ਨਸ਼ਾ ਭਵਿੱਖ ਨੂੰ ਖਤਰੇ ਵਿਚ ਪਾ ਰਿਹਾ ਹੈ। ਡਾਟਾ ਪ੍ਰਾਈਵੇਸੀ ਦੀ ਲੁੱਟ ਅਤੇ ਗਲਤ ਸਲਾਹ ਦੇ ਕਾਰਨਾਮੇ ਲੋਕਾਂ ਨੂੰ ਆਪਣੀ ਆਜ਼ਾਦੀ ਅਤੇ ਸੁਰੱਖਿਆ ਤੋਂ ਵਾਂਝਾ ਕਰ ਰਹੇ ਹਨ।

ਅੱਜ ਸਮਾਂ ਆ ਗਿਆ ਹੈ ਕਿ ਅਸੀਂ ਆਪਣੀਆਂ ਆਦਤਾਂ ਬਦਲੀਏ, ਸਰਕਾਰ ਸਖ਼ਤ ਨਿਯਮ ਲਾਗੂ ਕਰੇ ਅਤੇ ਕਾਰਪੋਰੇਟਾਂ ਨੂੰ ਜਵਾਬਦੇਹ ਬਣਾਇਏ। ਨਹੀਂ ਤਾਂ ਇਹ ਵਾਇਰਲ ਜਨੂਨ ਭਾਰਤੀ ਸਮਾਜ ਨੂੰ ਇੱਕ ਅਜਿਹੀ ਥਾਂ ਲੈ ਜਾਵੇਗਾ ਜਿੱਥੇ ਅਸਲੀਅਤ ਤੋਂ ਵੱਧ ਡਿਜੀਟਲ ਭਰਮ ਹੀ ਰਾਜ ਕਰੇਗਾ। ਜਾਗੋ, ਚੈੱਕ ਕਰੋ ਅਤੇ ਸੁਰੱਖਿਅਤ ਰਹੋ — ਇਹ ਤੁਹਾਡੀ ਜਾਨ, ਬੱਚਤ ਅਤੇ ਭਵਿੱਖ ਦਾ ਸਵਾਲ ਹੈ।

# ਵਿਦਿਆਰਥੀਆਂ ਨੂੰ ਤਣਾਅ: ਕਿਵੇਂ ਘਟੇ ਚਿੰਤਾ ਅਤੇ ਖ਼ਤਮ ਹੋਵੇ ਸ਼ੋਸਲ ਮੀਡੀਆ ਦੀ ਆਦਤ



ਦਿਨੇਸ਼ ਕੁਮਾਰ
ਲੈਕਚਰਾਰ ਫ਼ਿਜ਼ਿਕਸ
ਸ. ਵਿਕਟੋਰੀਆ ਕੰਨਿਆ ਸੀਨੀ. ਸੈਕੰ. ਸਕੂਲ, ਪਟਿਆਲਾ



ਸਤਨਾਮ ਸਿੰਘ
ਸਰਕਾਰੀ ਪ੍ਰਾਇਮਰੀ ਸਕੂਲ ਜਾਤੀਵਾਲ,
ਬਲਾਕ ਭਾਦਸੋਂ 2
ਪਟਿਆਲਾ

ਅਜੋਕਾ ਸਮਾਜ ਇੱਕ ਦੌੜ ਦਾ ਹਿੱਸਾ ਬਣ ਰਿਹਾ ਹੈ.ਇਹ ਦੌੜ ਹੈ ਇੱਕ ਦੂਜੇ ਤੋਂ ਅੱਗੇ ਲੰਘਣ ਦੀ, ਵੱਧ ਤੋਂ ਵੱਧ ਪਦਾਰਥ ਇੱਕਠੇ ਕਰਨ ਦੀ, ਵੱਧ ਤੋਂ ਵੱਧ ਸਹੂਲਤਾਂ ਇੱਕਠੀਆਂ ਕਰਨ ਦੀ, ਵੱਧ ਤੋਂ ਵੱਧ ਧਨ ਕਮਾਉਣ ਦੀ. ਮਾਪੇ ਚਾਹੁੰਦੇ ਹਨ ਕਿ ਜੋ ਤੰਗੀ ਉਹਨਾਂ ਨੇ ਆਪਣੇ ਜੀਵਨ ਵਿੱਚ ਕੱਟੀ ਹੈ, ਉਹਨਾਂ ਦੇ ਬੱਚੇ ਉਹ ਨਾ ਦੇਖਣ. ਇਸ ਲਈ ਉਹ ਆਪਣੇ ਬੱਚੇ ਨੂੰ ਵਧੀਆ ਤੋਂ ਵਧੀਆ ਸਕੂਲਾਂ ਵਿੱਚ ਦਾਖਲ ਕਰਵਾ ਕੇ, ਮੋਟੀਆਂ ਫੀਸਾਂ ਦੇ ਕੇ, ਚੰਗੇ ਕੋਚਿੰਗ ਸੈਂਟਰਾਂ ਵਿੱਚ ਪੜ੍ਹਾ ਕੇ,ਇੱਕ ਚੰਗਾ ਕੋਰਸ ਕਰਵਾ ਕੇ ਉਹਨਾਂ ਨੂੰ ਉੱਚੀਆਂ ਪਦਵੀਆਂ ਉੱਤੇ ਦੇਖਣਾ ਚਾਹੁੰਦੇ ਹਨ. ਇਹ ਸਭ ਕੁੱਝ ਹਾਸਿਲ ਕਰਨ ਲਈ ਜਿੱਥੇ ਉਹ ਆਪ ਦਿਨ ਰਾਤ ਮਿਹਨਤ ਕਰਕੇ ਪੈਸਾ ਕਮਾਉਣ ਲਈ ਲੱਗੇ ਹਨ, ਉੱਥੇ ਆਪਣੇ ਬੱਚਿਆਂ ਉਪਰ ਵੀ ਵੱਧ ਤੋਂ ਵੱਧ ਅੰਕ ਲੈ ਕੇ ਪਾਸ ਹੋਣ ਦਾ ਦਬਾਅ ਪਾ ਰਹੇ ਹਨ. ਹਰ ਬੱਚੇ ਦਾ ਜ਼ੁ, ਵੱਖਰਾ ਹੈ. ਉਸਦੇ ਸਿੱਖਣ ਦੀ ਸਮਰੱਥਾ ਅਤੇ ਗਤੀ ਅੱਲਗ ਹੈ. ਸਾਰੇ ਬੱਚੇ ਇੱਕੋ ਜਿਹੇ ਨਹੀਂ ਹੁੰਦੇ. ਉਹਨਾਂ ਦੇ ਵਿਚਾਰ, ਰੁਚੀਆਂ ਵੱਖਰੀਆਂ ਵੱਖਰੀਆਂ ਹੁੰਦੀਆਂ ਹਨ. ਕਈ ਬੱਚੇ ਚੰਗੇ ਕਵੀ, ਪੇਂਟਰ, ਅਦਾਕਾਰ, ਗੀਤਕਾਰ, ਗਾਇਕ, ਖਿਡਾਰੀ, ਸਾਇੰਸਦਾਨ, ਲੇਖਕ ਆਦਿ ਬਣ ਸਕਦੇ ਹਨ. ਬੱਚੇ ਨੂੰ ਉਸਦੀਆਂ ਰੁਚੀਆਂ ਅਨੁਸਾਰ ਅੱਗੇ ਵੱਧਣ ਦੇ ਮੌਕੇ ਦਿੱਤੇ ਜਾਣ ਤਾਂ ਉਹ ਜਿਆਦਾ ਤਰੱਕੀ ਕਰ ਸਕਦਾ ਹੈ ਪਰੰਤੂ ਅੱਜ ਕੱਲ ਇਸਤੋਂ ਉਲਟ ਹੋ ਰਿਹਾ ਹੈ.ਹਰ ਬੱਚੇ ਨੂੰ ਵੱਧ ਤੋਂ ਵੱਧ ਅੰਕ ਪ੍ਰਾਪਤ ਕਰਨ ਲਈ ਦਬਾਅ ਪਾਇਆ ਜਾ ਰਿਹਾ ਹੈ. ਉਸ ਦੀਆਂ ਰੁਚੀਆਂ ਵਿਚਾਰਾਂ ਦੀ ਕਦਰ ਨਹੀ ਕੀਤੀ ਜਾਂ ਰਹੀ. ਕਈ ਵਾਰ ਤਾਂ ਬੱਚੇ ਇੰਨਾ ਦਬਾਅ ਮਹਿਸੂਸ ਕਰਦੇ ਹਨ ਕਿ ਉਹ ਆਤਮ ਹੱਤਿਆ ਵੀ ਕਰ ਜਾਂਦੇ ਹਨ.ਅਸੀਂ ਅਖਬਾਰਾਂ ਵਿੱਚ ਪੜ੍ਹਦੇ ਹਾਂ ਕਿ ਕਿਸੇ ਵਿਦਿਆਰਥੀ ਨੇ ਇਸ ਕਰਕੇ ਆਤਮ ਹੱਤਿਆ ਕਰ ਲਈ ਕਿ ਉਹ ਕਿਸੇ ਮੁਕਾਬਲੇ ਦੇ ਇਮਤਿਹਾਨ ਵਿੱਚ ਪਾਸ ਨਹੀਂ ਹੋ ਸਕਿਆ. ਇਹ ਬਹੁਤ ਮਾੜੀ ਪ੍ਰਵਿਰਤੀ ਹੈ.

ਅਧਿਆਪਕਾਂ ਅਤੇ ਮਾਪਿਆਂ ਦਾ ਫਰਜ਼ ਹੈ ਕਿ ਉਹ ਸਭ ਤੋਂ ਪਹਿਲਾਂ ਵਿਦਿਆਰਥੀਆਂ ਦੀਆਂ ਭਾਵਨਾਵਾਂ ਅਤੇ ਉਹਨਾਂ ਦੀ ਰੁਚੀਆਂ ਦਾ ਸਤਿਕਾਰ ਕਰੇ. ਵਿਦਿਆਰਥੀਆਂ ਨੂੰ ਜਮਾਤ ਦੇ ਕਮਰੇ ਵਿੱਚ ਪੂਰਨ ਅਜ਼ਾਦੀ ਦਿੱਤੀ ਜਾਵੇ ਤਾਂ ਜੋ ਆਪਣੀ ਗੱਲ ਸੁੰਤਤਰਤਾ ਪੂਰਵਕ ਰੱਖ ਸਕੇ. ਉਸਦੇ ਮਨ ਦੇ ਸੰਦੇਹ ਦੂਰ ਹੋ ਸਕਣ ਉਹ ਸਕੂਲ ਆਉਣ ਤੋਂ ਨਾ ਡਰੇ ਅਤੇ ਨਾ ਹੀ ਪੜ੍ਹਾਈ ਨੂੰ ਬੋਝ ਸਮਝੇ. ਮਾਤਾ ਪਿਤਾ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚੇ ਨੂੰ ਉਤਸਾਹਿਤ ਵੀ ਕਰਨ ਅਤੇ ਉਸ ਨਾਲ ਹਮਦਰਦੀ ਭਰੇ ਸ਼ਬਦ ਬੋਲਣ. ਉਸਨੂੰ ਵੱਧ ਤੋਂ ਵੱਧ ਅੰਕ ਪ੍ਰਾਪਤ ਕਰਨ ਦੀ ਦਬਾਅ ਨਾ ਪਾਉਣ ਸਗੋਂ ਉਸ ਨੂੰ ਇਹ ਅਹਿਸਾਸ ਕਰਵਾਉਣ ਕਿ ਉਹ ਜੋ ਕਰ ਰਿਹਾ ਹੈ ਵਧੀਆ ਕਰ ਰਿਹਾ ਹੈ. ਉਹ ਹੋਰ ਵਧੀਆ ਕਰ ਸਕਦਾ ਹੈ ਉਸ ਵਿੱਚ ਬਹੁਤ ਹੁਨਰ ਹੈ.ਉਸਨੂੰ ਦੁਰਕਾਰਨ ਦੀ ਬਜਾਏ ਪ੍ਰਸ਼ੰਸਾ ਭਰੇ ਸ਼ਬਦ ਬੋਲੇ ਜਾਣ ਤਾਂ ਜੋ ਬੱਚਾ ਘਰ ਵਿੱਚ ਘੁਟਣ ਮਹਿਸੂਸ ਨਾ ਕਰੇ. ਜਦੋਂ ਬੱਚੇ ਨੂੰ ਮਾਪੇ ਅਤੇ ਅਧਿਆਪਕ ਉਤਸਾਹਿਤ ਕਰਦੇ ਹਨ ਤਾਂ ਉਹ ਦੁੱਗਣੀ ਤਾਕਤ ਨਾਲ ਕੰਮ ਕਰਦਾ ਹੈ. ਕਿਸੇ ਵਿਦਵਾਨ ਨੇ ਬਹੁਤ ਵਧੀਆ ਕਿਹਾ ਹੈ ਕਿ ਵਿਦਿਆਰਥੀ ਉਸ ਸਮੇ ਸਭ ਤੋਂ ਵਧੀਆ ਸਿੱਖਦਾ ਹੈ, ਜਦੋਂ ਵਿਦਿਆਰਥੀ ਨੂੰ ਇਹ ਅਹਿਸਾਸ ਹੋਵੇ ਕਿ ਅਧਿਆਪਕ ਮੈਨੂੰ ਪੰਸਦ ਕਰਦਾ ਹੈ ਅਤੇ ਮੇਰੇ ਕੰਮ ਤੋਂ ਖੁਸ਼ ਹੈ ਵਿਦਿਆਰਥੀਆਂ ਦਾ ਤਣਾਅ ਘਟਾਅ ਕੇ ਅਸੀਂ ਉਸਦੀਆਂ ਪ੍ਰਾਪਤੀਆਂ ਨੂੰ ਨਿਖਾਰ ਸਕਦੇ ਹਾਂ.

ਵਿਦਿਆਰਥੀਆਂ ਦੀ ਚਿੰਤਾ ਦੂਰ ਦਰਨ ਲਈ ਮਾਪੇ ਅਤੇ ਅਧਿਆਪਕ ਉਹਨਾਂ ਨਾਲ ਸਮੇਂ ਸਮੇਂ ਤੇ ਗੱਲਬਾਤ ਰਾਹੀਂ, ਵਿਚਾਰਾਂ ਦੇ ਆਦਾਨ ਪ੍ਰਦਾਨ ਰਾਹੀਂ ਗੱਰੁਪ ਬਣਾ ਕੇ, ਵਧੀਆ ਵਿਦਵਾਨਾਂ ਦੇ ਭਾਸ਼ਣਾਂ ਰਾਹੀਂ ਯਤਨ ਕਰ ਸਕਦੇ ਹਨ. ਵਿਦਿਆਰਥੀਆਂ ਨੂੰ ਇਹ ਅਹਿਸਾਸ ਦਿਲਾਇਆ ਜਾਵੇ ਕਿ ਜੀਵਨ ਵਿੱਚ ਕੋਈ ਵੀ ਟੀਚਾ ਅੰਤਿਮ ਨਹੀਂ ਹੈ. ਸਾਰੀ ਉਮਰ ਕੋਸ਼ਿਸ ਚਲਦੀ ਰਹਿੰਦੀ ਹੈ. ਇੱਕ ਵਾਰ ਅਸਫਲ ਹੋਇਆ ਵਿਅਕਤੀ ਹਮੇਸ਼ਾ ਅਸਫਲ ਨਹੀਂ ਹੁੰਦਾ. ਸਫਲਤਾ ਅਤੇ ਅਸਫਲਤਾ ਜੀਵਨ ਦੇ ਦੋ ਪਹਿਲੂ ਹਨ. ਇਹ ਜੀਵਨ ਭਰ ਚਲਦੀ ਰਹਿੰਦੀ ਹੈ. ਵਿਦਿਆਰਥੀਆਂ ਨੂੰ ਮਹਾਨ ਵਿਗਿਆਨੀਆਂ ਦੀਆਂ ਜੀਵਨੀਆਂ ਸੁਣਾ ਕੇ ਦੱਸਿਆ ਜਾ ਸਕਦਾ ਹੈ ਕਿ ਉਹ ਵੀ ਜੀਵਨ ਵਿੱਚ ਕਈ ਵਾਰ ਅਸਫਲਤਾਵਾਂ ਤੋਂ ਬਾਅਦ ਸਫਲ ਹੋਏ ਸਨ. ਦੁਨੀਆਂ ਉਹਨਾਂ ਨੂੰ ਵੀ ਤਾਹਨੇ ਮਾਰਦੀ ਸੀ ਪਰ ਬਾਅਦ ਵਿੱਚ ਸਾਰੀ ਦੁਨੀਆਂ ਉਹਨਾਂ ਨੂੰ ਮੰਨਣ ਲੱਗ ਪਈ ਮਨੁੱਖ ਨੂੰ ਹਮੇਸ਼ਾ ਆਪਣੇ ਆਪ ਤੇ ਭਰੋਸਾ ਰੱਖਣਾ ਚਾਹੀਦਾ ਹੈ.ਸਫਲਤਾ ਹਮੇਸ਼ਾ ਉਹਨਾਂ ਨੂੰ ਮਿਲਦੀ ਹੈ ਜੋ ਕਦੇ ਹਾਰ ਨਹੀਂ ਮੰਨਦੇ.

ਬੱਚਿਆਂ ਨੂੰ ਅੱਜ ਕਲ ਸੋਸ਼ਲ ਮੀਡੀਆ ਨੇ ਆਪਣੇ ਪੰਜੇ ਵਿੱਚ ਜਕੜ ਰੱਖਿਆ ਹੈ. ਜਿਹੜੇ ਘਰਾਂ ਵਿੱਚ ਮਾਤਾ ਪਿਤਾ ਬੱਚਿਆਂ ਦੇ ਸਾਹਮਣੇ ਮੋਬਾਇਲ ਉਪਰ ਸਮਾਂ ਬਿਤਾਉਂਦੇ ਹਨ. ਉਹਨਾਂ ਘਰਾਂ ਵਿੱਚ ਬੱਚੇ ਵੀ ਮੋਬਾਇਲ ਦੇਖਣ ਦੇ ਆਦੀ ਹੋ ਜਾਂਦੇ ਹਨ. ਜਦੋਂ ਬੱਚੇ ਛੋਟੇ ਹੁੰਦੇ ਹਨ ਤਾਂ ਮਾਵਾਂ ਕੰਮ ਕਰਨ ਸਮੇਂ ਬੱਚੇ ਨੂੰ ਮੋਬਾਇਲ ਫੋਨ ਉਤੇ ਕਾਰਟੂਨ ਲਗਾ ਕੇ ਫੜਾ ਦਿੰਦੀਆਂ ਹਨ ਤਾਂ ਜੋ ਬੱਚਾ ਮੋਬਾਇਲ ਵਿੱਚ ਰੁਝਿਆ ਰਹੇ ਅਤੇ ਉਸਨੂੰ ਕੰਮ ਕਰਨ ਵੇਲੇ ਤੰਗ ਨਾ ਕਰੇ. ਇਸਤਰਾਂ ਹੌਲੀ ਹੌਲੀ ਬੱਚਾ ਮੋਬਾਇਲ ਦਾ ਆਦੀ ਹੋ ਜਾਂਦਾ ਹੈ. ਜਿਹੜੇ ਘਰਾਂ ਵਿੱਚ ਮਾਤਾ ਪਿਤਾ ਦੋਵੇ ਨੌਕਰੀ ਪੇਸ਼ਾ ਹਨ ਉੱਥੇ ਉਹ ਬੱਚਿਆਂ ਨੂੰ ਸਮਾਂ ਨਹੀਂ ਦੇ ਪਾਉਂਦੇ. ਬੱਚਿਆ ਨਾਲ ਗੱਲਬਾਤ ਘੱਟ ਕਰਦੇ ਹਨ ਅਤੇ ਇੱਕਠੇ ਘੱਟ ਬੈਠਦੇ ਹਨ.

ਉਹਨਾਂ ਘਰਾਂ ਵਿੱਚ ਜਿੱਥੇ ਹਰ ਮੈਂਬਰ ਦਾ ਆਪਣਾ ਕਮਰਾ ਹੈ, ਉੱਥੇ ਆਪਸੀ ਗੱਲਬਾਤ ਘੱਟ ਹੁੰਦੀ ਹੈ. ਬੱਚੇ ਆਪਣੇ ਕਮਰੇ ਵਿੱਚ ਬੈਠੇ ਰਹਿੰਦੇ ਹਨ. ਕਈ ਵਾਰ ਤਾਂ ਰੋਟੀ ਵੀ ਅਪਣੇ ਆਪਣੇ ਕਮਰੇ ਵਿੱਚ ਹੀ ਖਾਧੀ ਜਾਂਦੀ ਹੈ ਅਜਿਹੇ ਮਾਹੌਲ ਵਿੱਚ ਬੱਚਾ ਆਪਣੇ ਮਨ ਦੇ ਭਾਵ ਪ੍ਰਗਟ ਨਹੀਂ ਕਰ ਪਾਉਂਦਾ. ਉਸਦੀ ਗੱਲ ਕੋਈ ਨਹੀਂ ਸੁਣਦਾ. ਇਥੋਂ ਖੁੱਲਦਾ ਹੈ ਬੱਚੇ ਦੇ ਜੀਵਨ ਵਿੱਚ ਸੋਸ਼ਲ ਮੀਡੀਆ ਦਾ ਦਰਵਾਜ਼ਾ. ਇਸ ਦਰਵਾਜ਼ੇ ਵਿੱਚ ਜਦੋਂ ਬੱਚਾ ਦਾਖਲ ਹੁੰਦਾ ਹੈ ਤਾਂ ਉਹ ਫਿਰ ਮੁੜ ਕੇ ਵਾਪਿਸ ਨਹੀਂ ਜਾ ਸਕਦਾ. ਸ਼ੋਸਲ ਮੀਡੀਆ ਜਿਵੇਂ ਫੇਸ ਬੁੱਕ, ਟਵੀਟਰ, ਐਕਸ, ਇੰਸਟਾਗ੍ਰਾਮ ਆਦਿ ਇਹ ਝੂਠ ਅਤੇ ਫਰੇਬ ਦੀ ਦੁਨੀਆ ਆਪਣੀ ਪਛਾਣ ਵੀ ਗੁਆ ਲੈਂਦਾ ਹੈ. ਭਰਮ ਦੀ ਦੁਨੀਆ ਵਿੱਚ ਬੱਚਾ ਝੂਠੇ ਰਿਸ਼ਤਿਆ ਦੀ ਦਲਦਲ ਵਿੱਚ ਧੱਸਦਾ ਜਾਂਦਾ ਹੈ. ਉਹ ਆਪਣੇ ਅਸਲੀ ਰਿਸ਼ਤਿਆ ਜਿਵੇਂ ਮਾਤਾ ਪਿਤਾ, ਭੈਣ ਭਰਾ, ਦਾਦਾ ਦਾਦੀ ਆਦਿ ਤੋਂ ਦੂਰ ਹੁੰਦਾ ਜਾਂਦਾ ਹੈ. ਸੋਸ਼ਲ ਮੀਡੀਆ ਉਪਰ ਕਈ ਤਰ੍ਹਾਂ ਦੇ ਧੋਖੇ ਵੀ ਹੁੰਦੇ ਹਨ. ਜਿਸ ਕਾਰਨ ਬੱਚੇ ਕਈ ਵਾਰ ਮੁਸੀਬਤ ਵਿੱਚ ਵੀ ਫਸ ਜਾਂਦੇ ਹਨ.

ਸ਼ੋਸਲ ਮੀਡੀਆ ਦੇ ਪ੍ਰਭਾਵ ਤੋਂ ਬਚਣ ਲਈ ਮਾਪੇ ਅਤੇ ਅਧਿਆਪਕਾਂ ਨੂੰ ਚਾਹੀਦਾ ਹੈ ਕਿ ਬੱਚਿਆਂ ਨੂੰ ਸਰੀਰਕ ਕਸਰਤ, ਯੋਗਾ, ਖੇਡਾਂ ਵਿੱਚ ਰੂਚੀ ਜਾਗਰਿਤ ਕਰਨ. ਬੱਚਿਆਂ ਨੂੰ ਸਵੇਰ ਦੀ ਸੈਰ, ਸ਼ਾਮ ਦੀ ਸੈਰ ਖੇਡਾਂ ਜਿਵੇਂ ਬੈਡਮਿੰਟਨ, ਵਾਲੀਵਾਲ, ਫੁੱਟਬਾਲ, ਕ੍ਰਿਕਟ ਆਦਿ ਵਿੱਚ ਰੁਚੀ ਪੈਦਾ ਕੀਤੀ ਜਾਵੇ ਤਾਂ ਜੋ ਉਹ ਆਪਣਾ ਵਿਹਲਾ ਸਮਾਂ ਮੋਬਾਇਲ ਉੱਪਰ ਬਤੀਤ ਕਰਨ ਦੀ ਬਜਾਏ ਖੇਡਾਂ ਖੇਡਣ ਵਿੱਚ ਬਤੀਤ ਕਰਨ. ਵਿਦਿਆਰਥੀਆਂ ਨੂੰ ਜਿੰਮ ਜਾਣ ਲਈ ਵੀ ਪ੍ਰੇਰਿਤ ਕੀਤਾ ਜਾ ਸਕਦਾ ਹੈ ਬੱਚਿਆਂ ਵਿੱਚ ਰੂਚੀ ਪੈਦਾ ਕਰਨ ਲਈ ਅਧਿਆਪਕ ਅਤੇ ਮਾਪੇ ਆਪ ਵੀ ਕਸਰਤ ਕਰਨ ਅਤੇ ਖੇਡਾਂ ਵਿੱਚ ਭਾਗ ਲੈ ਸਕਦੇ ਹਨ.

ਅੰਤ ਵਿੱਚ ਅਸੀਂ ਕਹਿ ਸਕਦੇ ਹਾਂ ਕਿ ਵਿਦਿਆਰਥੀਆਂ ਦੀ ਚਿੰਤਾ, ਬੇਚੈਨੀ ਦੂਰ ਕਰਨਾ ਅਧਿਆਪਕਾਂ ਅਤੇ ਮਾਪਿਆ ਦਾ ਪਹਿਲਾ ਫਰਜ਼ ਹੈ.ਵਿਦਿਆਰਥੀਆਂ ਨੂੰ ਉਹਨਾਂ ਦੀ ਰੁਚੀਆ ਅਤੇ ਯੋਗਤਾਵਾਂ ਅਨੁਸਾਰ ਅੱਗੇ ਵੱਧਣ ਲਈ ਉਤਸਾਹਿਤ ਕਰਨ ਉਹਨਾਂ ਉੱਪਰ ਵੱਧ ਤੋਂ ਵੱਧ ਅੰਕ ਪ੍ਰਾਪਤ ਕਰਨ ਲਈ ਵਾਧੂ ਬੋਝ ਨਾ ਪਾਇਆ ਜਾਵੇ. ਕਿਉਂਕਿ ਹਰੇਕ ਵਿਦਿਆਰਥੀ ਦੀਆਂ ਵੱਖਰੀਆਂ-ਵੱਖਰੀਆਂ ਰੁਚੀਆਂ, ਜ਼ੁ,. ਅਤੇ ਯੋਗਤਾਵਾਂ ਹੁੰਦੀਆ ਹਨ. ਹਰੇਕ ਬੱਚੇ ਨੇ ਆਪਣੀ ਗਤੀ ਨਾਲ ਚਲਣਾ ਹੁੰਦਾ ਹੈ ਅਤੇ ਆਪਣੀਆਂ ਰੁਚੀਆ ਅਨੁਸਾਰ ਹੀ ਵੱਧ ਤੋਂ ਵੱਧ ਤਰੱਕੀ ਕਰ ਸਕਦਾ ਹੈ.ਇਸੇ ਤਰ੍ਹਾ ਸੋਸ਼ਲ ਮੀਡੀਆ ਦੇ ਚੁੰਗਲ ਵਿੱਚੋ ਬੱਚਿਆਂ ਨੂੰ ਕੱਢਣ ਲਈ ਖੇਡਾਂ ਬਹੁਤ ਵਧੀਆ ਸਾਧਨ ਸਿੱਧ ਹੋ ਸਕਦੀਆਂ ਹਨ. ਖੇਡਾਂ ਨਾਲ ਜਿੱਥੇ ਬੱਚੇ ਸਰੀਰਕ ਤੌਰ ਤੇ ਮਜ਼ਬੂਤ ਹੋਣਗੇ ਉੱਥੇ ਸ਼ੋਸਲ ਮੀਡੀਆ ਦੇ ਮਾੜੇ ਪ੍ਰਭਾਵਾਂ ਤੋਂ ਵੀ ਬਚੇ ਰਹਿਣਗੇ. ਇਸ ਲਈ ਮਾਪੇ ਅਤੇ ਅਧਿਆਪਕ ਮਿਲ ਕੇ ਬੱਚਿਆਂ ਨੂੰ ਚਿੰਤਾ ਤਣਾਅ ਤੋਂ ਮੁਕਤ ਕਰਕੇ ਇੱਕ ਚੰਗਾ ਨਾਗਰਿਕ ਬਣਾ ਸਕਦੇ ਹਨ.

ਇਸੇ ਤਰ੍ਹਾਂ ਸ਼ੋਸਲ ਮੀਡੀਆ ਦੇ ਮਾੜੇ ਪ੍ਰਭਾਵ ਤੋਂ ਬਚਾਅ ਕੇ ਖੇਡਾ ਵੱਚ ਰੂਚੀ ਪੈਦਾ ਕਰਕੇ ਬੱਚਿਆਂ ਨੂੰ ਸਰੀਰਕ ਤੌਰ ਤੇ ਮਜ਼ਬੂਤ ਕੀਤਾ ਜਾ ਸਕਦਾ ਹੈ.



ਸ਼ਸ਼ੀਕਾਂਤ ਉਪਾਧਿਆਏ

# ਨਕਸਲਵਾਦ 'ਤੇ ਨਿਰਣਾਇਕ ਹਮਲਾ: ਆਤਮ-ਸਮਰਪਣ, ਗ੍ਰਿਫ਼ਤਾਰੀਆਂ ਅਤੇ ਵਿਕਾਸ ਨਾਲ ਬਦਲੀ ਤਸਵੀਰ

ਕੇਂਦਰੀ ਗ੍ਰਿਹ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਦੀ ਰਣਨੀਤਕ ਅਗਵਾਈ, ਸਪੱਸ਼ਟ ਨੀਤੀ ਅਤੇ ਬਹੁ-ਪੱਧਰੀ ਪਹੁੰਚ ਸਦਕਾ ਦੇਸ਼ ਵਿੱਚ ਨਕਸਲਵਾਦ ਦਾ ਖ਼ਾਤਮਾ ਹੋ ਗਿਆ ਹੈ। ਉਨ੍ਹਾਂ ਨੇ 31 ਮਾਰਚ, 2026 ਦੀ ਤਾਰੀਖ ਤੈਅ ਕੀਤੀ ਸੀ ਅਤੇ 30 ਮਾਰਚ ਨੂੰ ਹੀ ਸੰਸਦ ਵਿੱਚ ਆਪਣੇ ਬਿਆਨ ਰਾਹੀਂ ਪੂਰੇ ਦੇਸ਼ ਨੂੰ ਸੁਖਦ ਸੂਚਨਾ ਦਿੱਤੀ ਕਿ ਦੇਸ਼ ਹੁਣ ਨਕਸਲਵਾਦ ਦੇ ਦੰਸ਼ ਤੋਂ ਮੁਕਤ ਹੋ ਗਿਆ ਹੈ।

ਕੇਂਦਰ ਸਰਕਾਰ ਅਤੇ ਛੱਤੀਸਗੜ੍ਹ ਸਰਕਾਰ ਦੀਆਂ ਨੀਤੀਆਂ ਅਤੇ ਆਪਸੀ ਤਾਲਮੇਲ ਨਾਲ ਸੁਰੱਖਿਆ, ਵਿਕਾਸ ਅਤੇ ਮੁੜ-ਵਸੇਬੇ ਨੂੰ ਨਾਲ ਲੈ ਕੇ ਚੱਲਣ ਦੀ ਉਨ੍ਹਾਂ ਦੀ ਰਣਨੀਤੀ ਨੇ ਜ਼ਮੀਨੀ ਪੱਧਰ 'ਤੇ ਠੋਸ ਨਤੀਜੇ ਦਿੱਤੇ ਹਨ। ਕਰਮਵਾਰ ਤਰੀਕੇ ਨਾਲ ਹਿੰਸਾ ਵਿੱਚ ਇਤਿਹਾਸਕ ਗਿਰਾਵਟ ਆਈ ਹੈ, ਜਦਕਿ ਆਤਮ-ਸਮਰਪਣ ਅਤੇ ਗ੍ਰਿਫ਼ਤਾਰੀਆਂ ਦੇ ਅੰਕੜਿਆਂ ਵਿੱਚ ਭਾਰੀ ਵਾਧਾ ਦਰਜ ਕੀਤਾ ਗਿਆ ਹੈ। ਅੰਕੜਿਆਂ ਅਨੁਸਾਰ, ਸਾਲ 2010 ਦੇ ਉੱਚ ਪੱਧਰ ਦੀ ਤੁਲਨਾ ਵਿੱਚ 2024 ਤੱਕ ਨਕਸਲੀ ਘਟਨਾਵਾਂ ਵਿੱਚ ਲਗਭਗ *80 ਫੀਸਦੀ* ਅਤੇ ਮੌਤਾਂ ਵਿੱਚ ਕਰੀਬ 85 ਫੀਸਦੀ ਦੀ ਕਮੀ ਆਈ ਹੈ। ਨਕਸਲ ਪ੍ਰਭਾਵਿਤ ਜ਼ਿਲ੍ਹਿਆਂ ਦੀ ਗਿਣਤੀ ਵੀ 126 ਤੋਂ ਘਟ ਕੇ ਸਿਰਫ਼ 38 ਰਹਿ ਗਈ ਹੈ। ਇਹ ਤਬਦੀਲੀ ਕਿਸੇ ਇੱਕ ਪਹਿਲ ਦਾ ਨਤੀਜਾ ਨਹੀਂ, ਸਗੋਂ ਇੱਕ ਸੋਚੀ-ਸਮਝੀ ਅਤੇ ਲਗਾਤਾਰ ਲਾਗੂ ਕੀਤੀ ਗਈ ਰਣਨੀਤੀ ਦਾ ਸਿੱਟਾ ਹੈ।

ਹਾਲ ਹੀ ਦੇ ਸਾਲਾਂ ਵਿੱਚ ਇਹ ਸੁਧਾਰ ਹੋਰ ਤੇਜ਼ ਹੋਇਆ ਹੈ। ਸਾਲ 2019 ਤੋਂ 2024 ਦਰਮਿਆਨ ਹਿੰਸਕ ਘਟਨਾਵਾਂ 501 ਤੋਂ ਘਟ ਕੇ 374 ਹੋ ਗਈਆਂ, ਜੋ ਲਗਭਗ 25 ਫੀਸਦੀ ਦੀ ਗਿਰਾਵਟ ਨੂੰ ਦਰਸਾਉਂਦੀਆਂ ਹਨ। ਇਸੇ ਸਮੇਂ ਦੌਰਾਨ ਨਾਗਰਿਕਾਂ ਅਤੇ ਸੁਰੱਖਿਆ ਬਲਾਂ ਦੀਆਂ ਮੌਤਾਂ ਸਾਲਾਨਾ 202 ਤੋਂ ਘਟ ਕੇ 150 ਰਹਿ ਗਈਆਂ। ਇਹ ਸੰਕੇਤ ਹੈ ਕਿ ਨਾ ਸਿਰਫ਼ ਘਟਨਾਵਾਂ ਘਟੀਆਂ ਹਨ, ਸਗੋਂ ਉਨ੍ਹਾਂ ਦੀ ਤੀਬਰਤਾ ਅਤੇ ਪ੍ਰਭਾਵ ਵੀ ਘਟਿਆ ਹੈ।

ਸਭ ਤੋਂ ਮਹੱਤਵਪੂਰਨ ਬਦਲਾਅ ਨਕਸਲੀਆਂ ਦੇ ਵਿਵਹਾਰ ਵਿੱਚ ਆਇਆ ਹੈ। ਹੁਣ ਵੱਡੀ ਗਿਣਤੀ ਵਿੱਚ ਅੱਤਵਾਦੀ ਮੁੱਖ ਧਾਰਾ ਵਿੱਚ ਪਰਤ ਰਹੇ ਹਨ। ਗ੍ਰਿਹ ਮੰਤਰਾਲੇ ਦੇ ਅੰਕੜਿਆਂ ਅਨੁਸਾਰ, ਸਾਲ 2024 ਵਿੱਚ 290 ਨਕਸਲੀ ਮਾਰੇ ਗਏ, ਜਦੋਂ ਕਿ 1,090 ਗ੍ਰਿਫ਼ਤਾਰ ਹੋਏ ਅਤੇ 881 ਨੇ ਆਤਮ-ਸਮਰਪਣ ਕੀਤਾ। ਉੱਥੇ ਹੀ 2025 ਵਿੱਚ (ਸਤੰਬਰ ਤੱਕ) 270 ਮਾਰੇ ਗਏ, 680 ਗ੍ਰਿਫ਼ਤਾਰ ਹੋਏ ਅਤੇ 1,225 ਨੇ ਆਤਮ-ਸਮਰਪਣ ਕੀਤਾ। ਇਹ ਤੱਥ ਆਪਣੇ ਆਪ ਵਿੱਚ ਇਸ ਗੱਲ ਦਾ ਸਬੂਤ ਹੈ ਕਿ ਸਰਕਾਰ ਦੀ ਨੀਤੀ ਦਾ ਅਸਰ ਸਿੱਧਾ ਜ਼ਮੀਨੀ ਕਾਡਰਾਂ @ਤੇ ਪਿਆ ਹੈ। ਉਹ ਹਥਿਆਰ ਛੱਡ ਕੇ ਆਮ ਜੀਵਨ ਵੱਲ ਪਰਤਣ ਲੱਗੇ ਹਨ। ਇਹ ਬਦਲਾਅ ਸਿਰਫ਼ ਸੁਰੱਖਿਆ ਬਲਾਂ ਦੀ ਕਾਰਵਾਈ ਦਾ ਨਤੀਜਾ ਨਹੀਂ ਹੈ, ਸਗੋਂ ਵਿਕਾਸ ਦੇ ਨਾਲ ਵਿਸ਼ਵਾਸ ਦੀ ਨੀਤੀ ਦਾ ਵੀ ਅਸਰ ਹੈ। ਅਮਿਤ ਸ਼ਾਹ ਦੀ ਅਗਵਾਈ ਵਿੱਚ ਅਪਣਾਈ ਗਈ ਰਣਨੀਤੀ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਨਕਸਲਵਾਦ ਦਾ ਹੱਲ ਸਿਰਫ਼ ਬੰਦੂਕ ਨਾਲ ਨਹੀਂ, ਸਗੋਂ ਵਿਕਾਸ, ਸੰਵਾਦ ਅਤੇ ਮੁੜ-ਵਸੇਬੇ ਦੇ ਸੰਤੁਲਿਤ ਯਤਨਾਂ ਨਾਲ ਹੀ ਸੰਭਵ ਹੈ।

ਛੱਤੀਸਗੜ੍ਹ, ਜੋ ਕਦੇ ਨਕਸਲਵਾਦ ਦਾ ਗੜ੍ਹ ਮੰਨਿਆ ਜਾਂਦਾ ਸੀ, ਉੱਥੇ ਵੀ ਵੱਡੀ ਤਬਦੀਲੀ ਦੇਖਣ ਨੂੰ ਮਿਲੀ ਹੈ। ਸਾਲ 2024 ਵਿੱਚ ਜਿੱਥੇ 290 ਨਕਸਲੀ ਮਾਰੇ ਗਏ, ਉੱਥੇ 1,000 ਤੋਂ ਵੱਧ ਨੇ ਆਤਮ-ਸਮਰਪਣ ਕੀਤਾ। ਬਸਤਰ ਖੇਤਰ ਵਿੱਚ ਤਾਂ ਪੂਰੇ ਦੇ ਪੂਰੇ ਸਮੂਹ ਆਤਮ-ਸਮਰਪਣ ਕਰ ਰਹੇ ਹਨ। ਦੰਡਕਾਰਨੀਆ ਆਦਿਵਾਸੀ ਕਿਸਾਨ ਮਜ਼ਦੂਰ ਸੰਘ ਨਾਲ ਜੁੜੇ 200 ਤੋਂ ਵੱਧ ਕਾਡਰਾਂ ਨੇ ਇੱਕੋ ਸਮੇਂ ਆਤਮ-ਸਮਰਪਣ ਕਰਕੇ ਸੰਵਿਧਾਨ ਪ੍ਰਤੀ ਆਪਣੀ ਨਿਹਚਾ ਪ੍ਰਗਟਾਈ ਇਸ ਨੂੰ ਤਬਦੀਲੀ ਦਾ ਇੱਕ ਇਤਿਹਾਸਕ ਪ੍ਰਤੀਕ ਮੰਨਿਆ ਜਾ ਰਿਹਾ ਹੈ। ਸਰਕਾਰ ਦੀਆਂ ਮੁੜ-ਵਸੇਬਾ ਯੋਜਨਾਵਾਂ ਦਾ ਵੀ ਸਕਾਰਾਤਮਕ ਪ੍ਰਭਾਵ ਪਿਆ ਹੈ। ਆਤਮ-ਸਮਰਪਣ ਕਰਨ ਵਾਲੇ ਕਈ ਸਾਬਕਾ ਅੱਤਵਾਦੀ ਹੁਣ ÷ਬਸਤਰ ਕੈਫੇ÷ ਵਰਗੇ ਉੱਦਮ ਚਲਾ ਰਹੇ ਹਨ, ਜਦੋਂ ਕਿ ਕੁਝ ਬਸਤਰ ਫਾਈਟਰਜ਼ ਵਜੋਂ ਸੁਰੱਖਿਆ ਬਲਾਂ ਵਿੱਚ ਸ਼ਾਮਲ ਹੋ ਕੇ ਸਮਾਜ ਦੀ ਸੇਵਾ ਕਰ ਰਹੇ ਹਨ।

ਸੁਰੱਖਿਆ ਬਲਾਂ ਦੀ ਕਾਰਵਾਈ ਵਿੱਚ ਵੀ ਵੱਡੀ ਸਫਲਤਾ ਮਿਲੀ ਹੈ। ਚੋਟੀ ਦੀ ਮਾਓਵਾਦੀ ਲੀਡਰਸ਼ਿਪ ਦਾ ਤੇਜ਼ੀ ਨਾਲ ਸਫਾਇਆ ਹੋਇਆ ਹੈ। ਹਾਲ ਹੀ ਵਿੱਚ ਸੀ.ਪੀ.ਆਈ. (ਮਾਓਵਾਦੀ) ਦੇ ਜਨਰਲ ਸਕੱਤਰ ਨੰਬਾਲਾ ਕੇਸ਼ਵ ਰਾਓ ਉਰਫ ਬਸਵਰਾਜੂ ਨੂੰ ਮਾਰ ਦਿੱਤਾ ਗਿਆ। ਪਿਛਲੇ ਚਾਰ ਸਾਲਾਂ ਵਿੱਚ ਕੇਂਦਰੀ ਕਮੇਟੀ ਦੇ 18 ਤੋਂ ਵੱਧ ਮੈਂਬਰ ਮਾਰੇ ਗਏ ਜਾਂ ਗ੍ਰਿਫਤਾਰ ਕੀਤੇ ਗਏ ਹਨ। ਇਸ ਨਾਲ ਸੰਗਠਨ ਦਾ ਲੱਕ ਟੁੱਟ ਚੁੱਕਾ ਹੈ।

ਵਿਕਾਸ ਕਾਰਜਾਂ ਨੇ ਵੀ ਨਕਸਲ ਪ੍ਰਭਾਵਿਤ ਖੇਤਰਾਂ ਦੀ ਤਸਵੀਰ ਬਦਲ ਦਿੱਤੀ ਹੈ। ਸਰਕਾਰ ਦੀ *÷ਕਲੀਅਰ, ਹੋਲਡ ਐਂਡ ਡਿਵੈਲਪ÷* ਰਣਨੀਤੀ ਤਹਿਤ ਸੁਰੱਖਿਆ ਦੇ ਨਾਲ-ਨਾਲ ਬੁਨਿਆਦੀ ਸਹੂਲਤਾਂ ਦਾ ਤੇਜ਼ੀ ਨਾਲ ਵਿਸਤਾਰ ਹੋਇਆ ਹੈ।

ਪਿਛਲੇ ਕੁਝ ਸਾਲਾਂ ਵਿੱਚ 8,300 ਕਿਲੋਮੀਟਰ ਤੋਂ ਵੱਧ ਨਵੀਂਆਂ ਸੜਕਾਂ ਬਣਾਈਆਂ ਗਈਆਂ ਹਨ, ਜਦੋਂ ਕਿ 2014 ਤੋਂ ਹੁਣ ਤੱਕ ਕੁੱਲ 14,618 ਕਿਲੋਮੀਟਰ ਸੜਕਾਂ ਦਾ ਨਿਰਮਾਣ ਹੋਇਆ ਹੈ। ਦੂਰਸੰਚਾਰ ਖੇਤਰ ਵਿੱਚ ਵੀ ਸ਼ਾਨਦਾਰ ਪ੍ਰਗਤੀ ਹੋਈ ਹੈ — 7,768 ਮੋਬਾਈਲ ਟਾਵਰ ਸਥਾਪਿਤ ਕੀਤੇ ਗਏ ਹਨ, ਜਿਸ ਨਾਲ ਦੂਰ-ਦੁਰਾਡੇ ਦੇ ਇਲਾਕਿਆਂ ਵਿੱਚ 4G ਕਨੈਕਟੀਵਿਟੀ ਪਹੁੰਚੀ ਹੈ।

ਬੈਂਕਿੰਗ ਸੇਵਾਵਾਂ ਦਾ ਵਿਸਤਾਰ ਕਰਦੇ ਹੋਏ 1,007 ਨਵੀਆਂ ਬੈਂਕ ਸ਼ਾਖਾਵਾਂ ਅਤੇ 937 ਏ.ਟੀ.ਐਮ. ਖੋਲ੍ਹੇ ਗਏ ਹਨ। ਨਾਲ ਹੀ ਹਜ਼ਾਰਾਂ ਬੈਂਕਿੰਗ ਕਾਰਸਪੋਂਡੈਂਟ ਪਿੰਡ-ਪਿੰਡ ਸੇਵਾਵਾਂ ਦੇ ਰਹੇ ਹਨ। ਸਿੱਖਿਆ ਦੇ ਖੇਤਰ ਵਿੱਚ 95 ਇਕਲਵਿਆ ਮਾਡਲ ਰਿਹਾਇਸ਼ੀ ਸਕੂਲ, 46 ਆਈ.ਟੀ.ਆਈ. ਅਤੇ 49 ਹੁਨਰ ਵਿਕਾਸ ਕੇਂਦਰ ਸਥਾਪਿਤ ਕੀਤੇ ਗਏ ਹਨ। ਸਿਹਤ ਸੇਵਾਵਾਂ ਤਹਿਤ 186 ਨਵੇਂ ਪ੍ਰਾਇਮਰੀ ਸਿਹਤ ਕੇਂਦਰ ਖੋਲ੍ਹੇ ਗਏ ਹਨ। ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਹਜ਼ਾਰਾਂ ਪੱਕੇ ਘਰ ਬਣਾਏ ਗਏ ਹਨ, ਜਿਸ ਨਾਲ ਆਦਿਵਾਸੀ ਖੇਤਰਾਂ ਵਿੱਚ ਲੋਕਾਂ ਦਾ ਜੀਵਨ ਪੱਧਰ ਬਿਹਤਰ ਹੋਇਆ ਹੈ। ਉੱਥੇ ਹੀ 596 ਆਧੁਨਿਕ ਪੁਲਿਸ ਥਾਣੇ ਸਥਾਪਿਤ ਕਰਕੇ ਸੁਰੱਖਿਆ ਵਿਵਸਥਾ ਨੂੰ ਮਜ਼ਬੂਤ ਕੀਤਾ ਗਿਆ ਹੈ। ਸੁਰੱਖਿਆ ਮੁਹਿੰਮਾਂ ਵਿੱਚ ਵੀ ਵੱਡਾ ਬਦਲਾਅ ਆਇਆ ਹੈ। ਸਰਕਾਰ ਨੇ ਸੁਰੱਖਿਆ ਬਲਾਂ ਨੂੰ ਪੂਰੀ ਸੰਚਾਲਨ ਸੁਤੰਤਰਤਾ ਦਿੱਤੀ ਹੈ, ਜਿਸ ਨਾਲ ਤੁਰੰਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਸੰਭਵ ਹੋ ਸਕੀ ਹੈ। ਮਲਟੀ-ਏਜੰਸੀ ਤਾਲਮੇਲ, ਆਧੁਨਿਕ ਤਕਨੀਕ, ਡਰੋਨ ਨਿਗਰਾਨੀ ਅਤੇ ਖੁਫੀਆ ਨੈੱਟਵਰਕ ਕਾਰਨ ਨਕਸਲੀ ਗਤੀਵਿਧੀਆਂ 'ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਦੂਜੇ ਪਾਸੇ, ਐਨ.ਆਈ.ਏ. ਅਤੇ ਇਨਫੋਰਸਮੈਂਟ ਡਾਇਰੈਕਟੋਰੇਟ (54) ਵਰਗੀਆਂ ਏਜੰਸੀਆਂ ਨੇ ਨਕਸਲੀਆਂ ਦੀ ਫੰਡਿੰਗ 'ਤੇ ਕਰਾਰੀ ਚੋਟ ਕੀਤੀ ਹੈ। ਹਥਿਆਰਾਂ ਦੀ ਸਪਲਾਈ ਅਤੇ ਵਿੱਤੀ ਨੈੱਟਵਰਕ ਨੂੰ ਕਾਫੀ ਹੱਦ ਤੱਕ ਤਬਾਹ ਕਰ ਦਿੱਤਾ ਗਿਆ ਹੈ। ਅੱਜ ਜਦੋਂ ਨਕਸਲ ਹਿੰਸਾ ਸਿਮਟ ਰਹੀ ਹੈ ਅਤੇ ਆਤਮ-ਸਮਰਪਣ ਦੇ ਅੰਕੜੇ ਵਧ ਰਹੇ ਹਨ, ਤਾਂ ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਦੇਸ਼ ਨਕਸਲਵਾਦ ਦੇ ਅੰਤ ਵੱਲ ਵਧ ਰਿਹਾ ਹੈ ਅਤੇ ਇਸ ਤਬਦੀਲੀ ਦੇ ਕੇਂਦਰ ਵਿੱਚ ਹੈ ਇੱਕ ਸਪੱਸ਼ਟ ਦ੍ਰਿਸ਼ਟੀਕੋਣ, ਮਜ਼ਬੂਤ ਇੱਛਾ ਸ਼ਕਤੀ ਅਤੇ ਠੋਸ ਰਣਨੀਤਕ ਅਗਵਾਈ।

**ਲੇਖਕ ਸੀ.ਆਰ.ਪੀ.ਐਫ. ਵਿੱਚ ਆਈ.ਜੀ. ਰਹਿ ਚੁੱਕੇ ਹਨ**

# ਕੇਂਦਰੀ ਮੰਤਰੀ ਖੱਟਰ ਨੇ ਕਰਨਾਲ 'ਚ ਸਫ਼ਾਈ ਮਸ਼ੀਨਾਂ ਕੀਤੀਆਂ ਰਵਾਨਾ




ਕਰਨਾਲ, 15 ਅਪ੍ਰੈਲ (ਚ.ਨ.ਸ.) : ਕੇਂਦਰੀ ਊਰਜਾ, ਸ਼ਹਿਰੀ ਵਿਕਾਸ ਅਤੇ ਰਿਹਾਇਸ਼ੀ ਮਾਮਲਿਆਂ ਬਾਰੇ ਮੰਤਰੀ ਮਨੋਹਰ ਲਾਲ ਖੱਟਰ ਨੇ ਕਰਨਾਲ ਨਗਰ ਨਿਗਮ ਦੇ ਦਫ਼ਤਰ ਵਿਖੇ ਸ਼ਹਿਰ ਦੀ ਸਫ਼ਾਈ ਵਿਵਸਥਾ ਨੂੰ ਹੋਰ ਸੁਧਾਰਨ ਲਈ 2.8 ਕਰੋੜ ਰੁਪਏ ਦੀ ਲਾਗਤ ਵਾਲੇ ਨਵੇਂ ਸਫ਼ਾਈ ਵਾਹਨਾਂ ਅਤੇ ਮਸ਼ੀਨਾਂ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਨੇ ਸ਼ਹਿਰ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਆਧੁਨਿਕ ਬਣਾਉਣ ਲਈ ਨਗਰ ਨਿਗਮ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੇਂਦਰੀ ਮੰਤਰੀ ਨੇ ਕਿਹਾ ਕਿ ਕਰਨਾਲ ਨਗਰ ਨਿਗਮ ਸਵੱਛਤਾ ਅਤੇ ਸਰਵਪੱਖੀ ਵਿਕਾਸ ਦੇ ਖੇਤਰ ਵਿੱਚ ਨਵੇਂ ਮਾਪਦੰਡ ਸਥਾਪਤ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਦੀਆਂ ਸੜਕਾਂ ਅਤੇ ਗਲੀਆਂ ਨੂੰ ਚਮਕਾਉਣ ਲਈ ਨਵੀਆਂ ਆਧੁਨਿਕ ਮਸ਼ੀਨਾਂ ਸ਼ਾਮਲ ਕੀਤੀਆਂ ਗਈਆਂ ਹਨ। ਇਨ੍ਹਾਂ ਵਾਹਨਾਂ ਵਿੱਚ 76 ਲੱਖ ਰੁਪਏ ਦੀ ਲਾਗਤ ਵਾਲੀ ਇੱਕ ਵੱਡੀ ਰੋਡ ਸਵੀਪਿੰਗ ਮਸ਼ੀਨ ਅਤੇ 96 ਲੱਖ ਰੁਪਏ ਦੀ ਲਾਗਤ ਵਾਲੀਆਂ ਦੋ ਛੋਟੀਆਂ ਸਵੀਪਿੰਗ ਮਸ਼ੀਨਾਂ ਸ਼ਾਮਲ ਹਨ। ਛੋਟੀਆਂ ਮਸ਼ੀਨਾਂ ਦੀ ਵਰਤੋਂ ਸ਼ਹਿਰ ਦੀਆਂ ਤੰਗ ਗਲੀਆਂ ਅਤੇ ਭੀੜ-ਭੜੱਕੇ ਵਾਲੇ ਬਾਜ਼ਾਰਾਂ ਦੀ ਸਫ਼ਾਈ ਲਈ ਕੀਤੀ ਜਾਵੇਗੀ, ਜਿੱਥੇ ਵੱਡੀਆਂ ਮਸ਼ੀਨਾਂ ਨਹੀਂ ਪਹੁੰਚ ਸਕਦੀਆਂ।ਸ਼ਹਿਰ ਵਿੱਚ ਘਰ-ਘਰ ਤੋਂ ਕੂੜਾ ਇਕੱਠਾ ਕਰਨ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਅਤੇ ਸੁਚਾਰੂ ਬਣਾਉਣ ਲਈ 36 ਲੱਖ ਰੁਪਏ ਦੀ ਲਾਗਤ ਨਾਲ 150 ਨਵੀਆਂ ਰਿਕਸ਼ਾ ਗੱਡੀਆਂ (ਟ੍ਰਾਲੀ ਰਿਕਸ਼ਾ) ਵੀ ਸਿਸਟਮ ਵਿੱਚ ਸ਼ਾਮਲ ਕੀਤੀਆਂ ਗਈਆਂ ਹਨ। ਮੰਤਰੀ ਨੇ ਉਮੀਦ ਜਤਾਈ ਕਿ ਇਸ ਨਾਲ ਸ਼ਹਿਰ ਦੇ ਕੋਨੇ-ਕੋਨੇ ਵਿੱਚ ਸਫ਼ਾਈ ਯਕੀਨੀ ਬਣਾਈ ਜਾ ਸਕੇਗੀ ਅਤੇ ਕੂੜਾ ਪ੍ਰਬੰਧਨ ਵਿੱਚ ਵੱਡੀ ਸਹਾਇਤਾ ਮਿਲੇਗੀ। ਸਮਾਗਮ ਦੌਰਾਨ ਸੈਕਟਰ-13 ਵਿੱਚ ਸਥਿਤ ਗੁਲਮੋਹਰ ਪਾਰਕ ਨੂੰ 'ਵੈਸਟ-ਟੂ-ਵੰਡਰ' ਪਾਰਕ ਵਜੋਂ ਵਿਕਸਤ ਕਰਨ ਦਾ ਵੀ ਰਸਮੀ ਐਲਾਨ ਕੀਤਾ ਗਿਆ। ਇਸ ਪਾਰਕ ਵਿੱਚ ਕੂੜੇ-ਕਰਕਟ ਅਤੇ ਪੁਰਾਣੇ ਸਾਮਾਨ ਤੋਂ ਸੁੰਦਰ ਕਲਾਕ੍ਰਿਤੀਆਂ ਤਿਆਰ ਕੀਤੀਆਂ ਗਈਆਂ ਹਨ, ਜੋ ਲੋਕਾਂ ਨੂੰ ਵਾਤਾਵਰਣ ਦੀ ਸੰਭਾਲ ਦਾ ਸੰਦੇਸ਼ ਦੇਣਗੀਆਂ। ਇਸ ਤੋਂ ਇਲਾਵਾ, ਸ਼ਹਿਰ ਵਿੱਚ 72 ਲੱਖ ਰੁਪਏ ਦੀ ਲਾਗਤ ਨਾਲ ਪੰਜ ਨਵੇਂ 'ਐਸਪੀਰੇਸ਼ਨਲ' (ਆਧੁਨਿਕ) ਪਖਾਨਿਆਂ ਦਾ ਨਿਰਮਾਣ ਵੀ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਮਰਦਾਂ, ਔਰਤਾਂ ਅਤੇ ਦਿਵਿਆਂਗ ਵਿਅਕਤੀਆਂ ਲਈ ਵੱਖਰੇ ਪ੍ਰਬੰਧ ਕੀਤੇ ਗਏ ਹਨ। ਦਿਨ ਦੀ ਸ਼ੁਰੂਆਤ ਵਿੱਚ ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਨੇ ਡਾ. ਬੀ.ਆਰ. ਅੰਬੇਡਕਰ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਉਨ੍ਹਾਂ ਨੂੰ ਨਿੱਘੀ ਸ਼ਰਧਾਂਜਲੀ ਦਿੱਤੀ। ਉਨ੍ਹਾਂ ਕਿਹਾ ਕਿ ਸੰਵਿਧਾਨ ਨਿਰਮਾਤਾ ਦੇ ਦਿਖਾਏ ਮਾਰਗ 'ਤੇ ਚੱਲਦਿਆਂ ਹੀ ਸਮਾਜ ਦੇ ਹਰ ਵਰਗ ਦਾ ਵਿਕਾਸ ਸੰਭਵ ਹੈ। ਮੇਅਰ ਰੇਣੂ ਬਾਲਾ ਗੁਪਤਾ ਨੇ ਇਸ ਮੌਕੇ ਕਿਹਾ ਕਿ ਵੱਡੀਆਂ ਸਵੀਪਿੰਗ ਮਸ਼ੀਨਾਂ ਨੂੰ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ਼ਾਮਲ ਕੀਤਾ ਗਿਆ ਹੈ, ਤਾਂ ਜੋ ਪ੍ਰਦੂਸ਼ਨ ਨੂੰ ਘੱਟ ਕੀਤਾ ਜਾ ਸਕੇ। ਉਨ੍ਹਾਂ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਰਨਾਲ ਨੂੰ ਦੇਸ਼ ਦਾ ਸਭ ਤੋਂ ਸਾਫ਼ ਸ਼ਹਿਰ ਬਣਾਉਣ ਵਿੱਚ ਆਪਣਾ ਸਹਿਯੋਗ ਦੇਣ।

# ਸੁਰਿੰਦਰਾ ਪਲਸ ਡਾਇਗਨੋਸਟਿਕਸ ਨੇ ਗੁਰਦੁਆਰਾ ਸਿੰਘ ਸਭਾ ਵਿਖੇ ਵਿਸ਼ੇਸ਼ ਮੈਡੀਕਲ ਕੈਂਪ ਲਗਾਇਆ




ਲੁਧਿਆਣਾ ,15 ਅਪ੍ਰੈਲ (ਜਤਿੰਦਰਪਾਲ ਸਿੰਘ ਛਾਬੜਾ) : ਅੱਜ ਸੁਰਿੰਦਰਾ ਪਲਸ ਡਾਇਗਨੋਸਟਿਕਸ ਦੀ ਟੀਮ ਵੱਲੋਂ ਗੁਰਦੁਆਰਾ ਸਿੰਘ ਸਭਾ, ਮਾਡਲ ਗ੍ਰਾਮ, ਲੁਧਿਆਣਾ ਵਿਖੇ ਇੱਕ ਵਿਸ਼ੇਸ਼ ਸਿਹਤ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਡਾ. ਨਰਜੀਤ ਕੌਰ ਅਤੇ ਡਾ. ਅਨਖਵੀਰ ਗਿੱਲ ਦੀ ਕੁਸ਼ਲ ਰਹਿਨੁਮਾਈ ਹੇਠ ਸਫਲਤਾਪੂਰਵਕ ਨੇਪਰੇ ਚੜ੍ਹਿਆ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍. ਜਤਿੰਦਰ ਸਿੰਘ ਗਲਹੋਤਰਾ ਅਤੇ ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਪੂਰਨ ਸਹਿਯੋਗ ਦਿੱਤਾ ਗਿਆ। ਕੈਂਪ ਦੌਰਾਨ ਇਲਾਕੇ ਦੇ ਤਕਰੀਬਨ 150 ਤੋਂ ਵੱਧ ਮਰੀਜ਼ਾਂ ਦੀ ਸਿਹਤ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਜਿਨ੍ਹਾਂ ਮਰੀਜ਼ਾਂ ਨੂੰ ਗੰਭੀਰ ਸਮੱਸਿਆਵਾਂ ਪਾਈਆਂ ਗਈਆਂ, ਉਨ੍ਹਾਂ ਨੂੰ ਅਗਲੇਰੀ ਜਾਂਚ ਜਿਵੇਂ ਕਿ MRI ਅਤੇ ਅਲਟਰਾਸਾਊਂਡ ਲਈ ਡਾਇਗਨੌਸਟਿਕ ਸੈਂਟਰ ਵਿਖੇ ਭੇਜਿਆ ਗਿਆ ਹੈ। ਖਾਸ ਗੱਲ ਇਹ ਹੈ ਕਿ ਇਨ੍ਹਾਂ ਮਰੀਜ਼ਾਂ ਨੂੰ ਸੈਂਟਰ ਵੱਲੋਂ ਵੱਧ ਤੋਂ ਵੱਧ ਵਿਸ਼ੇਸ਼ ਛੋਟ ਦਿੱਤੀ ਗਈ ਤਾਂ ਜੋ ਲੋੜਵੰਦਾਂ 'ਤੇ ਆਰਥਿਕ ਬੋਝ ਨਾ ਪਵੇ।ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ੍. ਜਤਿੰਦਰ ਸਿੰਘ ਗਲਹੋਤਰਾ ਨੇ ਸੁਰਿੰਦਰਾ ਪਲਸ ਡਾਇਗਨੌਸਟਿਕਸ ਦੀ ਟੀਮ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਮਾਨਵਤਾ ਦੀ ਸੇਵਾ ਲਈ ਕੀਤੇ ਜਾ ਰਹੇ ਇਹ ਉਪਰਾਲੇ ਬਹੁਤ ਸ਼ਲਾਘਾਯੋਗ ਹਨ। ਉਨ੍ਹਾਂ ਨੇ ਅਪੀਲ ਕੀਤੀ ਕਿ ਭਵਿੱਖ ਵਿੱਚ ਵੀ ਅਜਿਹੇ ਕੈਂਪ ਲਗਾਤਾਰ ਲਗਾਏ ਜਾਣੇ ਚਾਹੀਦੇ ਹਨ ਤਾਂ ਜੋ ਲੋਕਾਂ ਨੂੰ ਸਿਹਤ ਸਹੂਲਤਾਂ ਦਾ ਲਾਭ ਮਿਲ ਸਕੇ।

# ਗੁਰਮੀਤ ਸਿੰਘ ਖੁੱਡੀਆਂ ਨੇ ਰਾਜ ਪੱਧਰੀ ਮੂੰਹ-ਖੁਰ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਗੋਪਾਲ ਗਊਸ਼ਾਲਾ ਤੋਂ ਕੀਤੀ




ਰੂਪਨਗਰ, 15 ਅਪ੍ਰੈਲ ( ਅਮਿਤ ਅਰੋੜਾ ) : ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਅੱਠਵੇਂ ਗੇੜ ਦੀ ਮੂੰਹ-ਖੁਰ ਵੈਕਸੀਨ ਸਮੁੱਚੇ ਪੰਜਾਬ ਰਾਜ ਵਿੱਚ ਲਗਵਾਉਣ ਹਿੱਤ ਮੁਹਿੰਮ ਦਾ ਆਗਾਜ਼ ਗੋਪਾਲ ਗਊਸ਼ਾਲਾ ਰੂਪਨਗਰ ਵਿਖੇ ਆਯੋਜਿਤ ਰਾਜ ਪੱਧਰੀ ਸਮਾਗਮ ਦੌਰਾਨ ਕੀਤਾ ਗਿਆ, ਜਿਸ ਦਾ ਉਦਘਾਟਨ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ ਮੱਛੀ ਪਾਲਣ, ਡੇਅਰੀ ਵਿਕਾਸ ਅਤੇ ਫੂਡ ਪ੍ਰੋਸੈਸਿੰਗ, ਪੰਜਾਬ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਦੱਸਿਆ ਗਿਆ ਕਿ ਇਹ ਟੀਕਾਕਰਨ ਪੰਜਾਬ ਰਾਜ ਦੇ ਸਾਰੇ ਪਸ਼ੂਆਂ ਨੂੰ ਬਿਲਕੁਲ ਮੁਫਤ ਲਗਾਏ ਜਾਣੇ ਹਨ ਅਤੇ ਇਸ ਤਰ੍ਹਾਂ ਹਰ ਇੱਕ ਪੇਂਡੂ ਅਤੇ ਸ਼ਹਿਰੀ ਖੇਤਰ ਨੂੰ ਕਵਰ ਕਰਦੇ ਹੋਏ 100 ਫੀਸਦੀ ਟੀਕਾਕਰਨ ਯਕੀਨੀ ਕੀਤਾ ਜਾਵੇਗਾ, ਜਿਸ ਨਾਲ ਪ੍ਰਭਾਵੀ ਢੰਗ ਨਾਲ ਪਸ਼ੂਆਂ ਦੀ ਮੂੰਹ-ਖੁਰ ਨਾਮ ਦੀ ਇਸ ਭਿਆਨਕ ਬਿਮਾਰੀ ਤੋਂ ਸਮੁੱਚੇ ਰਾਜ ਦੇ ਪਸ਼ੂਆਂ ਨੂੰ ਬਚਾਇਆ ਜਾ ਸਕੇਗਾ। ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪੰਜਾਬ ਦੇ ਪਸ਼ੂ ਪਾਲਕ ਕਿਸਾਨਾਂ ਨੂੰ ਸੰਦੇਸ਼ ਦਿੱਤਾ ਗਿਆ ਕਿ ਪਸ਼ੂ ਪਾਲਣ ਵਿਭਾਗ ਪੰਜਾਬ ਹਮੇਸ਼ਾ ਹੀ ਕਿਸਾਨਾਂ ਅਤੇ ਇਨ੍ਹਾਂ ਦੇ ਪਸ਼ੂਧਨ ਦੀ ਭਲਾਈ ਅਤੇ ਸੇਵਾ ਹਿੱਤ ਹਮੇਸ਼ਾ ਤਤਪਰ ਹੈ। ਇਸ ਮੌਕੇ 'ਤੇ ਪਹੁੰਚੇ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਪੰਜਾਬ ਸਰਕਾਰ ਡਾ. ਪਰਮਦੀਪ ਸਿੰਘ ਵਾਲੀਆ ਵੱਲੋਂ ਦੱਸਿਆ ਗਿਆ ਕਿ ਸਮੁੱਚੇ ਪੰਜਾਬ ਰਾਜ ਵਿੱਚ ਹਰ ਇੱਕ ਜ਼ਿਲ੍ਹੇ ਪੱਧਰ 'ਤੇ ਵੈਕਸੀਨਨੇਸ਼ਨ ਟੀਮਾਂ ਦਾ ਗਠਨ ਕੀਤਾ ਹੋਇਆ ਹੈ ਜੋ ਕਿ ਅੱਜ ਤੋਂ ਹੀ ਮੁਹਿੰਮ ਦੇ ਤੌਰ ਤੇ ਮੂੰਹਖੁਰ ਬਿਮਾਰੀ ਤੋਂ ਬਚਾਅ ਹਿੱਤ ਟੀਕਾਕਰਨ 29 ਮਈ 2026 ਤੱਕ ਮੁਕੰਮਲ ਕਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਪੰਜਾਬ ਰਾਜ ਦੇ ਸਮੂਹ ਸਟਾਫ ਨੂੰ ਹਦਾਇਤ ਕੀਤੀ ਗਈ ਕਿ ਹਰ ਇੱਕ ਟੀਮ ਟੀਕਾਕਰਨ ਸਮੇਂ ਕੋਲਡ ਚੇਨ ਦਾ ਖਾਸ ਧਿਆਨ ਰੱਖੇ ਤਾਂ ਜੋ ਲਗਾਇਆ ਗਿਆ ਟੀਕਾ ਪੂਰੀ ਤਰ੍ਹਾਂ ਪ੍ਰਭਾਵੀ ਹੋ ਸਕੇ। ਹਲਕਾ ਵਿਧਾਇਕ ਰੂਪਨਗਰ ਐਡਵੋਕੇਟ ਦਿਨੇਸ਼ ਚੱਢਾ ਵੱਲੋਂ ਰਾਜ ਪੱਧਰੀ ਮੂੰਹ-ਖੁਰ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਲਈ ਜ਼ਿਲ੍ਹਾ ਰੂਪਨਗਰ ਦੀ ਇਸ ਮਹੱਤਵਪੂਰਨ ਥਾਂ ਦੀ ਚੋਣ ਕਰਨ ਲਈ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦਾ ਧੰਨਵਾਦ ਕੀਤਾ ਗਿਆ। ਗੋਪਾਲ ਗਊਸ਼ਾਲਾ ਰੂਪਨਗਰ ਦੇ ਪ੍ਰਧਾਨ ਭਾਰਤ ਭੂਸ਼ਣ ਸ਼ਰਮਾ ਵੱਲੋਂ ਮੌਕੇ 'ਤੇ ਪਹੁੰਚੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਹਲਕਾ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ, ਜ਼ਿਲ੍ਹਾ ਪ੍ਰਸ਼ਾਸਨ ਰੂਪਨਗਰ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਚੰਦਰਜਯੋਤੀ ਸਿੰਘ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਸਡੀਐਮ ਰੂਪਨਗਰ ਜਸਪ੍ਰੀਤ ਸਿੰਘ, ਡੀਐਸਪੀ ਰਾਜਪਾਲ ਸਿੰਘ ਗਿੱਲ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਰੂਪਨਗਰ ਡਾ. ਰਾਜ ਕੁਮਾਰ, ਜੁਆਇੰਟ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਡਾ. ਸ਼ਾਮ ਸਿੰਘ, ਪਰਮਿੰਦਰ ਸਿੰਘ ਬਾਲਾ, ਜ਼ਿਲ੍ਹਾ ਪ੍ਰਸ਼ਾਸਨ ਰੂਪਨਗਰ ਦੇ ਹੋਰ ਉੱਚ ਅਧਿਕਾਰੀ ਅਤੇ ਗੋਪਾਲ ਗਊਸ਼ਾਲਾ ਰੂਪਨਗਰ ਦੇ ਸਮੁੱਚੀ ਮੈਨੇਜਮੈਂਟ ਵੀ ਹਾਜ਼ਰ ਸੀ।

# ਐਵਨ ਸਾਈਕਲਜ਼ ਦੇ 75 ਸਾਲ ਵਿਸ਼ਵਾਸ, ਨਵੀਨਤਾ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਨੂੰ ਦਰਸਾਉਂਦੇ ਹਨ : ਰਾਜਪਾਲ




ਲੁਧਿਆਣਾ, 15 ਅਪ੍ਰੈਲ(ਜਤਿੰਦਰਪਾਲ ਸਿੰਘ ਛਾਬੜਾ) : ਐਵਨ ਸਾਈਕਲਜ਼ ਨੇ ਆਈਕੋਨਿਕ ਕੌਫੀ ਟੇਬਲ ਬੁੱਕ ਦੇ ਲਾਂਚ ਨਾਲ ਵਿਰਾਸਤ ਦੇ 75 ਸਾਲ ਪੂਰੇ ਕੀਤੇ। ਸਾਢੇ ਸੱਤ ਦਹਾਕਿਆਂ ਦੀ ਨਵੀਨਤਾ, ਵਿਸ਼ਵਾਸ ਅਤੇ ਮੀਲ ਪੱਥਰ ਜਿਨ੍ਹਾਂ ਨੇ ਭਾਰਤੀ ਸਾਈਕਲਿੰਗ ਲੈਂਡਸਕੇਪ ਨੂੰ ਆਕਾਰ ਦਿੱਤਾ ਹੈ। ਐਵਨ ਸਾਈਕਲਜ਼ ਜੋ ਕਿ ਗੁਣਵੱਤਾ ਅਤੇ ਭਰੋਸੇਯੋਗਤਾ ਦਾ ਸਮਾਨਾਰਥੀ ਨਾਮ ਹੈ, ਨੇ ਆਪਣੀ ਕੌਫੀ ਟੇਬਲ ਬੁੱਕ ਦੇ ਲਾਂਚ ਨਾਲ ਇਸ ਸ਼ਾਨਦਾਰ ਯਾਤਰਾ ਦਾ ਜਸ਼ਨ ਮਨਾਇਆ। ਇਹ ਕਿਤਾਬ ਬ੍ਰਾਂਡ ਦੀ ਵਿਰਾਸਤ, ਪ੍ਰਾਪਤੀਆਂ ਅਤੇ ਭਵਿੱਖ ਲਈ ਦ੍ਰਿਸ਼ਟੀਕੋਣ ਦੇ ਇੱਕ ਮਨਮੋਹਕ ਇਤਿਹਾਸ ਵਜੋਂ ਖੜ੍ਹੀ ਹੈ।14 ਅਪ੍ਰੈਲ, ਦਿਨ ਮੰਗਲਵਾਰ, ਹੋਟਲ ਰੈਡੀਸਨ ਬਲੂ ਲੁਧਿਆਣਾ ਵਿੱਚ ਆਯੋਜਿਤ ਇਸ ਸ਼ਾਨਦਾਰ ਲਾਂਚ ਸਮਾਗਮ ਵਿੱਚ ਮੁੱਖ ਮਹਿਮਾਨ ਸ਼੍ਰੀ ਗੁਲਾਬ ਚੰਦ ਕਟਾਰੀਆ ਰਾਜਪਾਲ ਪੰਜਾਬ ਅਤੇ ਪ੍ਰਸ਼ਾਸਕ, ਯੂ.ਟੀ, ਚੰਡੀਗੜ੍ਹ, ਮਹਿਮਾਨ ਸ਼੍ਰੀ ਸੰਜੀਵ ਅਰੋੜਾ ਕੈਬਨਿਟ ਮੰਤਰੀ ਪੰਜਾਬ ਅਤੇ ਵਿਸ਼ੇਸ਼ ਮਹਿਮਾਨ ਰਾਜਦੂਤ ਡਾ. ਦੀਪਕ ਵੋਹਰਾ, ਅਫਰੀਕਾ ਵਿੱਚ ਵਿਸ਼ੇਸ਼ ਸਲਾਹਕਾਰ ਮੇਡ ਇਨ ਭਾਰਤ ਫਾਰ ਦਾ ਵਰਲਡ ਸਮੇਤ ਸਤਿਕਾਰਯੋਗ ਪਤਵੰਤੇ ਸ਼ਾਮਲ ਸਨ, ਜਿਸ ਨਾਲ ਇਹ ਵਿਰਾਸਤ, ਲੀਡਰਸ਼ਿਪ ਅਤੇ ਰਾਸ਼ਟਰੀ ਮਾਣ ਦਾ ਜਸ਼ਨ ਮਨਾਉਣ ਵਾਲਾ ਇੱਕ ਯਾਦਗਾਰੀ ਮੌਕਾ ਬਣ ਗਿਆ।ਇੱਕ ਨਵੇਂ ਆਜ਼ਾਦ ਭਾਰਤ ਵਿੱਚ ਆਪਣੀ ਸ਼ੁਰੂਆਤ ਤੋਂ ਲੈ ਕੇ ਮੇਡ ਇਨ ਇੰਡੀਆ ਵਾਅਦੇ ਦਾ ਗਲੋਬਲ ਅੰਬੈਸਡਰ ਬਣਨ ਤੱਕ, ਐਵਨ ਸਾਈਕਲਜ਼ ਨੇ ਤਬਦੀਲੀ ਦੀ ਹਰ ਲਹਿਰ ਨੂੰ ਲਚਕੀਲੇਪਣ ਅਤੇ ਦਲੇਰੀ ਨਾਲ ਸਵਾਰ ਕੀਤਾ ਸੀ। ਕੌਫੀ ਟੇਬਲ ਬੁੱਕ ਹਰ ਉਸ ਵਿਅਕਤੀ ਨੂੰ ਸ਼ਰਧਾਂਜਲੀ ਸੀ ਜਿਸਨੇ ਇਸ ਯਾਤਰਾ ਵਿੱਚ ਯੋਗਦਾਨ ਪਾਇਆ ਸੀ। ਇਸਨੇ ਕੰਪਨੀ ਦੇ ਵਿਕਾਸ, ਮੁੱਖ ਮੀਲ ਪੱਥਰ ਅਤੇ ਨਵੀਨਤਾ ਦੀ ਭਾਵਨਾ ਨੂੰ ਕੈਦ ਕੀਤਾ ਜਿਸਨੇ ਇਸਦੀ ਕਹਾਣੀ ਨੂੰ ਪਰਿਭਾਸ਼ਿਤ ਕੀਤਾ ਸੀ।ਪੰਜਾਬ ਦੇ ਰਾਜਪਾਲ ਅਤੇ ਯੂ.ਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ, ਐਵਨ ਸਾਈਕਲਜ਼ ਦੇ 75 ਸਾਲ ਮਨਾਉਣਾ ਵਿਸ਼ਵਾਸ, ਨਵੀਨਤਾ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਦੀ ਵਿਰਾਸਤ ਨੂੰ ਦਰਸਾਉਂਦਾ ਹੈ। ਇਹ ਬ੍ਰਾਂਡ ਲੱਖਾਂ ਲੋਕਾਂ ਦੇ ਜੀਵਨ ਦਾ ਅਨਿੱਖੜਵਾਂ ਅੰਗ ਬਣਿਆ ਹੋਇਆ ਹੈ, ਖਾਸ ਕਰਕੇ ਪੇਂਡੂ ਭਾਰਤ ਵਿੱਚ। ਸਥਿਰਤਾ ਅਤੇ ਤੰਦਰੁਸਤੀ ਤੇ ਇਸਦਾ ਨਿਰੰਤਰ ਧਿਆਨ ਇਸਨੂੰ ਅੱਜ ਹੋਰ ਵੀ ਪ੍ਰਸੰਗਿਕ ਬਣਾਉਂਦਾ ਹੈ।ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਸੰਜੀਵ ਅਰੋੜਾ ਨੇ ਕਿਹਾ, ਜਦੋਂ ਮੈਂ 1951 ਵਿੱਚ ਐਵਨ ਸਾਈਕਲਜ਼ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਦੀ ਯਾਤਰਾ ਨੂੰ ਦੇਖਿਆ, ਤਾਂ ਇਹ ਉਦਯੋਗ ਦੀ ਅਗਵਾਈ ਦੀ ਇੱਕ ਸੱਚੀ ਉਦਾਹਰਣ ਵਜੋਂ ਸਾਹਮਣੇ ਆਇਆ। ਅੱਜ, ਭਾਰਤ ਦੇ ਸਭ ਤੋਂ ਵੱਡੇ ਸਾਈਕਲ ਨਿਰਮਾਤਾਵਾਂ ਵਿੱਚੋਂ ਇੱਕ ਦੇ ਰੂਪ ਵਿੱਚ, ਇਹ ਨੌਜਵਾਨਾਂ ਨੂੰ ਵਪਾਰਕ ਉੱਤਮਤਾ ਅਤੇ ਪਰਉਪਕਾਰ ਦੀ ਆਪਣੀ ਵਿਰਾਸਤ ਨਾਲ ਪ੍ਰੇਰਿਤ ਕਰਨਾ ਜਾਰੀ ਰੱਖਦਾ ਹੈ। ਪੰਜਾਬ ਨੇ 2026-27 ਤੱਕ 75,000 ਕਰੋੜ ਰੁਪਏ ਦੇ ਨਿਵੇਸ਼ ਦਾ ਟੀਚਾ ਰੱਖਿਆ ਹੈ, ਮੈਨੂੰ ਵਿਸ਼ਵਾਸ ਹੈ ਕਿ ਐਵਨ ਸਾਈਕਲਜ਼ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਰਹੇਗਾ।

# ਯੂਰੀਆ ਖਾਦ ਦੀ ਅਣ-ਅਧਿਕਾਰਤ ਵਰਤੋਂ ਤਹਿਤ ਮੁਕੱਦਮਾ ਦਰਜ : ਮੁੱਖ ਖੇਤੀਬਾੜੀ ਅਫ਼ਸਰ



ਪਟਿਆਲਾ, 15 ਅਪ੍ਰੈਲ (ਰੁਪਾਣਾ): ਪੰਜਾਬ ਦੇ ਖੇਤੀਬਾੜੀ ਮੰਤਰੀ ਸ੍ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਅਤੇ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਡਾ. ਗੁਰਜੀਤ ਸਿੰਘ ਬਰਾੜ ਦੇ ਦਿਸ਼ਾ ਨਿਰਦੇਸ਼ਾਂ ਅਤੇ ਜਿਲਾ ਪ੍ਰਸਾਸਨ ਦੇ ਸਹਿਯੋਗ ਨਾਲ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪਟਿਆਲਾ ਦੇ ਮੁੱਖ ਖੇਤੀਬਾੜੀ ਅਫਸਰ ਡਾ. ਦਾਰਾ ਸਿੰਘ ਵੱਲੋਂ ਵਿਭਾਗੀ ਟੀਮ ਅਤੇ ਪੁਲਿਸ ਪ੍ਰਸਾਸਨ ਨਾਲ ਮਿਲਕੇ ਕਿਸਾਨਾਂ ਲਈ ਸਬਸਿਡੀ ਤੇ ਉਪਲੱਬਧ ਖੇਤੀ ਵਰਤੋਂ ਲਈ ਯੂਰੀਆ ਖਾਦ ਨੂੰ ਫੀਡ ਬਣਾਉਣ ਲਈ ਅਣ ਅਧਿਕਾਰਤ ਤੋਰ ਤੇ ਸਟੋਰ ਕਰਨ ਤੇ ਸ੍ਰੀ ਕ੍ਰਿਸਨ ਕ੍ਰਿਪਾ ਇੰਡਸਟਰੀਜ, ਧਬਲਾਨ ਰੋਡ ਨੇੜੇ ਰੱਖੜਾ ਸੂਗਰ ਮਿੱਲ, ਪਿੰਡ ਖੇੜੀ ਗੋੜੀਆਂ ਜਿਲਾ ਪਟਿਆਲਾ ਵਿਰੁੱਧ ਮਕੱਦਮਾ ਦਰਜ ਕਰਵਾਇਆ ਹੈ ।ਮੁੱਖ ਖੇਤੀਬਾੜੀ ਅਫਸਰ ਪਟਿਆਲਾ ਡਾ. ਦਾਰਾ ਸਿੰਘ ਵੱਲੋ ਦੱਸਿਆ ਗਿਆ ਕਿ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਣ ਅਧਿਕਾਰਤ ਤੌਰ 'ਤੇ ਖਾਦ ਦੀ ਸਟੋਰਜ ਅਤੇ ਕਿਸੇ ਹੋਰ ਥੈਲਿਆ ਵਿਚ ਸਟੋਰਜ ਕਰਨ 'ਤੇ ਪਾਬੰਧੀ ਹੈ ਖੇਤੀਬਾੜੀ ਵਿਭਾਗ ਦੀ ਟੀਮ ਜਿਸ ਵਿਚ ਏ ਡੀ ਓ ਅਮਨਪ੍ਰੀਤ ਸਿੰਘ, ਏ ਡੀ ਓ ਰਸਪਿੰਦਰ ਸਿੰਘ ਅਤੇ ਪੁਲਿਸ ਦੇ ਮੈਬਰ ਏ ਐਸ ਆਈ ਬਲਦੇਵ ਸਿੰਘ ਨੇ ਚੈਕਿੰਗ ਦੋਰਾਨ ਸ੍ਰੀ ਕ੍ਰਿਸਨ ਕ੍ਰਿਪਾ ਇੰਡਸਟਰੀਜ, ਧਬਲਾਨ ਰੋਡ ਨੇੜੇ ਰੱਖੜਾ ਸੂਗਰ ਮਿੱਲ, ਪਿੰਡ ਖੇੜੀ ਗੋੜੀਆਂ ਵਿਖੇ ਯੂਰੀਆ ਖਾਦ ਨੂੰ ਕਿਸੇ ਹੋਰ ਥੈਲਿਆਂ ਵਿਚ ਪਾ ਕੇ ਫੈਕਟਰੀ ਵਿਚ ਰੱਖਿਆ ਹੋਣ ਕਾਰਨ ਅਤੇ ਸਬੰਧਤ ਦਸਤਾਵੇਜ਼ ਨਾ ਹੋਣ ਕਾਰਨ ਖਾਦ ਕੰਟਰੋਲ ਆਰਡਰ 1985 ਦੀ ਕਲਾਸ 28 ਅਧੀਨ ਪਾਵਰਾਂ ਦੀ ਵਰਤੋ ਕਰਦਿਆਂ ਯੂਰੀਆ ਖਾਦ ਨੂੰ ਸੀਜ ਕਰ ਦਿੱਤਾ। ਖੇਤੀਬਾੜੀ ਵਿਕਾਸ ਅਫਸਰ ਡਾ. ਅਮਨਪ੍ਰੀਤ ਸਿੰਘ ਵੱਲੋ ਦੱਸਿਆ ਗਿਆ ਕਿ ਖਾਦ ਖਾਦ ਕੰਟਰੋਲ ਆਰਡਰ 1985 ਦੀ ਧਾਰਾ 2 (ਐਚ),3,19,25 ਅਤੇ ਜਰੂਰੀ ਵਸਤਾਂ ਐਕਟ 1955 ਦੀ ਧਾਰਾ 3 ਅਤੇ 7 ਦੀ ਉਲੰਘਣਾ ਕਰਨ ਅਤੇ ਸਰਕਾਰ ਨੂੰ ਮਾਲੀ ਤੋਰ ਤੇ ਨੁਕਸਾਨ ਪਹੁਚਾਉਣ ਕਾਰਨ ਬੀ ਐਨ ਐਸ 2023 ਦੀ ਧਾਰਾ 318 (4) ਦੀ ਉਲੰਘਣਾ ਕਰਨ ਹਿੱਤ ਉਪਰੋਕਤ ਫਾਰਮ ਵਿਰੁੱਧ ਮੁਕੱਦਮਾ ਦਰਜ ਕਰਵਾ ਦਿੱਤਾ ਗਿਆ ਹੈ। ਮੁੱਖ ਖੇਤੀਬਾੜੀ ਅਫਸਰ ਪਟਿਆਲਾ ਡਾ. ਦਾਰਾ ਸਿੰਘ ਨੇ ਕਿਹਾ ਕਿ ਜੇਕਰ ਕੋਈ ਵੀ ਖਾਦ ਡੀਲਰ ਕਿਸਾਨਾਂ ਨੂੰ ਤਹਿ ਰੇਟ ਤੋ ਜਿਆਦਾ ਰੇਟ ਉਪਰ ਖਾਦ ਵੇਚਦਾ ਹੈ , ਖਾਦ ਨਾਲ ਕਿਸੇ ਹੋਰ ਵਸਤੂ ਦੀ ਸੇਲ ਕਰਦਾ ਹੈ, ਅਣ ਅਧਿਕਾਰਤ ਤੋਰ ਦੇ ਸਟੋਰਜ ਕਰਦਾ ਹੈ ਅਤੇ ਕੋਈ ਵੀ ਖਾਦ ਡੀਲਰ ਖਾਦ ਨੂੰ ਫੀਡ ਫੈਕਟਰੀਆਂ, ਪਲਾਈਵੁੱਡ ਫੈਕਟਰੀਆਂ ਜਾਂ ਕਿਸੇ ਹੋਰ ਵਰਤੋਂ ਲਈ ਵੇਚਦਾ ਹੈ ਤਾਂ ਉਸ ਵਿਰੁੱਧ ਫਰਟੀਲਾਇਜਰ ਕੰਟਰੋਲ ਐਕਟ 1985 ਅਧੀਨ ਬਣਦੀ ਕਾਰਵਾਈ ਕੀਤੀ ਜਾਵੇਗੀ।ਉਹਨਾ ਨੇ ਕਿਸਾਨਾ ਨੂੰ ਕਿ ਜੇਕਰ ਕਿਸਾਨਾ ਨੂੰ ਕਿਸੇ ਵੀ ਪ੍ਰਕਾਰ ਦੀ ਸਮੱਸਿਆ ਆਉਦੀ ਹੈ ਤਾਂ ਕਿਸਾਨ ਇਸ ਸਬੰਧੀ ਬਲਾਕ ਪਟਿਆਲਾ ਦੇ ਡਾ. ਗੁਰਮੀਤ ਸਿੰਘ (97791—60950), ਬਲਾਕ ਨਾਭਾ ਦੇ ਕਿਸਾਨ ਡਾ. ਜੁਪਿੰਦਰ ਸਿੰਘ ਗਿੱਲ (97805—60004), ਬਲਾਕ ਭੁਨਰਹੇੜੀ ਦੇ ਕਿਸਾਨ ਡਾ. ਮਨਦੀਪ ਸਿੰਘ (70092—27488), ਬਲਾਕ ਸਮਾਨਾ ਦੇ ਕਿਸਾਨ ਡਾ. ਸਤੀਸ਼ ਕੁਮਾਰ (97589—00047), ਬਲਾਕ ਰਾਜਪੁਰਾ ਦੇ ਕਿਸਾਨ ਡਾ. ਜੁਪਿੰਦਰ ਸਿੰਘ ਪੰਨੂੰ (73070—59201) ਅਤੇ ਬਲਾਕ ਘਨੌਰ ਦੇ ਕਿਸਾਨ ਡਾ. ਰਣਜੋਧ ਸਿੰਘ (99883—12299) ਨਾਲ ਸੰਪਰਕ ਕਰ ਸਕਦੇ ਹਨ।

# ਫਿਲਮ 'ਮੀਠਾ ਜ਼ਹਿਰ' ਦਾ ਪ੍ਰੀਮੀਅਰ ਪੀਵੀਆਰ ਵਿਖੇ ਹੋਇਆ

ਲੁਧਿਆਣਾ, 15 ਅਪ੍ਰੈਲ (ਕਰਨੈਲ ਸਿੰਘ ਐੱਮ.ਏ.): ਫਿਲਮ 'ਮੀਠਾ ਜ਼ਹਿਰ' ਦਾ ਪ੍ਰੀਮੀਅਰ ਸਿਨੇਮਾ ਪੀਵੀਆਰ ਪਵੇਲੀਅਨ, ਲੁਧਿਆਣਾ ਵਿਖੇ ਹੋਇਆ , ਜਿਸ ਵਿੱਚ ਫਿਲਮ ਦੇ ਹੀਰੋ ਰਾਹੁਲ ਕਾਲੀਆ, ਜੋ ਕਿ 'ਮੀਠਾ ਜ਼ਹਿਰ' ਵਿੱਚ ਡੈਬਿਊ ਕੀਤਾ ਹੈ, ਉਹਨਾਂ ਕਿਹਾ ਕਿ ਇਹ ਫਿਲਮ ਬਹੁਤ ਵਧੀਆ ਬਣਾਈ ਗਈ ਹੈ। ਪਰ ਇਨ੍ਹੀਂ ਦਿਨੀਂ ਇਹ ਕੱਲ੍ਹ ਦੀ ਪੀੜ੍ਹੀ ਨੂੰ ਇੱਕ ਸੰਦੇਸ਼ ਦੇਣ ਜਾ ਰਹੀ ਹੈ, ਅਤੇ ਫਿਲਮ ਦੇ ਹੋਰ ਸਾਰੇ ਕਲਾਕਾਰ ਵੀ ਸਾਡੇ ਨਾਲ ਸਨ। ਰਾਹੁਲ ਕਾਲੀਆ, ਰੂਹ ਸੰਘਾ, ਕਰਮ ਕੌਰ, ਚਮਕੌਰ




ਸੋਹਲ, ਪਾਲੀ ਮਾਂਗਟ, ਡੇਜ਼ੀ ਗਰੇਵਾਲ, ਰਵਿੰਦਰ ਮੰਡ, ਵਿਪਨ ਸੂਦ, ਸੁਧੀਰ ਸੂਦ, ਗੁਰਦੀਪ ਸਿੰਘ ਨੇ ਵੀ ਇਸ ਸ਼ੋਅ ਵਿੱਚ ਹਿੱਸਾ ਲਿਆ, ਅਤੇ ਇਸ ਫਿਲਮ ਦੇ ਨਿਰਦੇਸ਼ਕ ਬਲਵਿੰਦਰ ਕਾਲੀਆ ਨੇ ਕਿਹਾ ਕਿ ਰੱਬ ਦਾ ਸ਼ੁਕਰ ਹੈ ਕਿ ਸਾਨੂੰ ਵੀ ਫਿਲਮ ਇੰਡਸਟਰੀ ਵਿੱਚ ਕਦਮ ਰੱਖਣ ਦਾ ਮੌਕਾ ਮਿਲਿਆ, ਇਸ ਤੋਂ ਪਹਿਲਾਂ ਵੀ ਅਸੀਂ ਬਹੁਤ ਸਾਰੇ ਗੀਤ ਲਿਖੇ ਸਨ, ਵੈੱਬ ਸੀਰੀਜ਼ ਕੀਤੀਆਂ ਹਨ, ਜਿਸ ਵਿੱਚ ਕ੍ਰਾਈਮ ਆਟਲੀ ਕਿਉਂ, ਪੰਦਰਾਂ ਸੀਰੀਜ਼ ਸੈਟੇਲਾਈਟ 'ਤੇ ਚਲਾਈਆਂ ਗਈਆਂ ਸਨ, ਪਰ ਹੁਣ ਮੈਨੂੰ ਫਿਲਮ ਮੀਠਾ ਜ਼ਹਿਰ ਕਰਨ ਦਾ ਮੌਕਾ ਮਿਲਿਆ ਹੈ ਅਤੇ ਉਮੀਦ ਹੈ ਕਿ ਸਾਰੇ ਸਿਨੇਮਾ ਪ੍ਰੇਮੀ ਇਸਦਾ ਆਨੰਦ ਲੈਣਗੇ। ਇਸ ਫਿਲਮ ਦੀ ਸਹਿ-ਨਿਰਮਾਤਾ ਅਨੀਤਾ ਕਲਿਆਣ ਨੇ ਸਾਨੂੰ ਦੱਸਿਆ ਕਿ ਇਸ ਫਿਲਮ ਦੇ ਸਾਰੇ ਕਲਾਕਾਰਾਂ ਨੇ ਸਾਨੂੰ ਬਹੁਤ ਸਹਿਯੋਗ ਦਿੱਤਾ ਹੈ, ਬਾਕੀ ਸਾਡੀ ਜਨਤਾ ਨੂੰ ਸੁਨੇਹਾ ਹੈ ਕਿ ਉਹ ਫਿਲਮ ਮੀਠਾ ਜ਼ਹਿਰ ਜ਼ਰੂਰ ਦੇਖਣ, ਇਹ ਇੱਕ ਵਧੀਆ ਸੰਦੇਸ਼ ਵਾਲੀ ਫਿਲਮ ਹੈ ।

# ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ



ਮੁੱਲਾਂਪੁਰ ਗਰੀਬਦਾਸ, 15 ਅਪ੍ਰੈਲ (ਸਰਬਜੀਤ ਸਿੰਘ) : ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਪੰਜਾਬ ਭਰ ਦੇ ਵਿੱਚ ਕਣਕ ਦੀ ਖਰੀਦ ਨੂੰ ਲੈ ਕੇ ਡੀ ਐਫ ਐਸ ਸੀ ਦਫਤਰਾਂ ਮੂਹਰੇ ਧਰਨਾ ਲਾ ਕੇ ਕਣਕ ਦੀ ਖਰੀਦ ਨੂੰ ਯਕੀਨੀ ਬਣਾਉਣ ਲਈ ਅਤੇ ਕਿਸਾਨਾਂ ਦੇ ਨਾਂ ਜੇ ਫਾਰਮ ਕੱਟ ਕੇ ਉਹਨਾਂ ਦੇ ਖਾਤਿਆਂ ਵਿੱਚ ਪੈਸੇ ਪਾਉਣ ਦੀ ਮੰਗ ਕੀਤੀ ਗਈ ਉਦੇ ਤਹਿਤ ਅੱਜ ਜਿਲਾ ਮੋਹਾਲੀ ਦੇ ਡੀ ਐਫ ਐਸ ਸੀ ਦਫਤਰ ਮੂਹਰੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਜ਼ਿਲ੍ਹਾ ਕਨਵੀਨਰ ਜਸਵਿੰਦਰ ਸਿੰਘ ਟਿਵਾਣਾ ਦੀ ਅਗਵਾਈ ਦੇ ਵਿੱਚ ਧਰਨਾ ਲਗਾਇਆ ਗਿਆ ਧਾਰਨੇ ਦੇ ਵਿੱਚ ਵੱਖ-ਵੱਖ ਬਲਾਕਾਂ ਤੋਂ ਪਿੰਡਾਂ ਤੋਂ ਆਗੂ ਸਾਹਿਬਾਨ ਅਤੇ ਵਰਕਰ ਸਾਹਿਬਾਨ ਪਹੁੰਚੇ ਜਿੱਥੇ ਡੀ ਐਫ ਐਸ ਸੀ ਨਾਲ ਮੀਟਿੰਗ ਕੀਤੀ ਗਈ ਮੀਟਿੰਗ ਦੇ ਵਿੱਚ ਵਿਸ਼ਵਾਸ ਦਿਵਾਇਆ ਗਿਆ ਕਿ ਅੱਜ ਤੋਂ ਹੀ ਜਿਨਾਂ ਕਿਸਾਨਾਂ ਦੇ ਹਾਲੇ ਤੱਕ ਬਿਲ ਨਹੀਂ ਕੱਟੇ ਗਏ ਉਹਨਾਂ ਦੇ ਅੱਜ ਤੋਂ ਹੀ ਬਿਲ ਕੱਟ ਗਏ। ਉਹਨਾਂ ਦੇ ਅਕਾਊਂਟਾਂ ਦੇ ਵਿੱਚ ਪੈਸੇ ਪਾਏ ਜਾਣਗੇ ਅਤੇ ਜਿੱਥੇ ਕਿਤੇ ਕੋਈ ਵੀ ਮੰਡੀ ਦੇ ਵਿੱਚ ਕਣਕ ਖਰੀਦਣ ਨੂੰ ਰਹਿੰਦੀ ਹੈ ਉਸ ਦੀ ਖਰੀਦ ਕੀਤੀ ਮੀਟਿੰਗ ਦੇ ਵਿੱਚ ਵਿਸ਼ਵਾਸ ਦੀਵਾਨ ਤੋਂ ਬਾਅਦ ਧਰਨੇ ਦੀ ਸਮਾਪਤੀ ਕੀਤੀ ਗਈ ਅਤੇ ਜਸਵਿੰਦਰ ਸਿੰਘ ਟਿਵਾਣਾ ਨੇ ਬੋਲਦੇ ਹੋਏ ਕਿਹਾ ਜੇਕਰ ਸਰਕਾਰੀ ਏਜੰਸੀਆਂ ਨੇ ਕਣਕ ਦੀ ਖਰੀਦ ਦੇ ਵਿੱਚ ਕੋਈ ਕੁਤਾਹੀ ਕੀਤੀ ਗਈ ਤਾਂ ਜਥੇਬੰਦੀ ਵੱਲੋਂ ਸਖਤ ਐਕਸ਼ਨ ਲਿਆ ਜਾਵੇਗਾ ਧਰਨੇ ਦੇ ਵਿੱਚ ਸ਼ਾਮਿਲ ਡੇਰਾ ਬਸੀ ਦੇ ਕਾਰਜਕਾਰੀ ਪ੍ਰਧਾਨ ਜਸਪਾਲ ਸਿੰਘ ਭਾਂਖਰਪੁਰ ਪ੍ਰੇਮ ਸਿੰਘ ਰਾਣਾ ਹਰੀ ਸਿੰਘ ਦੱਪਰ ਜਸਵੰਤ ਸਿੰਘ ਆਲਮਗੀਰ ਗਿਆਨ ਸਿੰਘ ਧੜਾਕ ਜੱਸੀ ਗਿੱਲ ਘੜੂਆ ਸੁਰਮਖ ਸਿੰਘ ਛੱਜੂ ਮਾਜਰਾ ਪ੍ਰੇਮ ਸਿੰਘ ਕਰਨੈਲ ਸਿੰਘ ਟਿੱਕਾ ਸਿੰਘ, ਗੁਰਚਰਨ ਸਿੰਘ ਜੌਲਾ,ਮਹਿੰਦਰ ਸਿੰਘ ਜੌਲਾ, ਕੁਲਵਿੰਦਰ ਸਿੰਘ ਬਲਦੇਵ ਸਿੰਘ ਮੀਆਪੁਰ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਮੌਜੂਦ ਸਨ।

# ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਤਾਜਪੋਸ਼ੀ, ਰਘਬੀਰ ਸਿੰਘ ਮੋਦੀ ਅਤੇ ਨਿਰਪਾਲ ਸਿੰਘ ਮੰਡੇਰ ਨੇ ਸੰਭਾਲਿਆ ਅਹੁਦਾ



ਮੁੱਲਾਂਪੁਰ ਗਰੀਬਦਾਸ,ਐਸ ਏ ਐਸ ਨਗਰ,15 ਅਪ੍ਰੈਲ (ਸਰਬਜੀਤ ਸਿੰਘ) : ਖਰੜ ਬਲਾਕ ਸਮਿਤੀ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਤੋਂ ਬਾਅਦ ਅੱਜ ਨਵੇਂ ਚੁਣੇ ਗਏ ਚੇਅਰਮੈਨ ਅਤੇ ਵਾਈਸ ਚੇਅਰਮੈਨ ਦਾ ਅਹੁਦਾ ਸੰਭਾਲ ਸਮਾਰੋਹ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਅਤੇ ਅਰਦਾਸ ਨਾਲ ਕੀਤੀ ਗਈ। ਇਸ ਦੌਰਾਨ ਰਘਬੀਰ ਸਿੰਘ ਮੋਦੀ ਨੇ ਚੇਅਰਮੈਨ ਅਤੇ ਨਿਰਪਾਲ ਸਿੰਘ ਮੰਡੇਰ ਨੇ ਵਾਈਸ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ। ਇਸ ਸਮਾਰੋਹ ਵਿੱਚ ਖਰੜ ਹਲਕੇ ਦੀ ਵਿਧਾਇਕ ਸ਼੍ਰੀਮਤੀ ਅਨਮੋਲ ਗਗਨ ਮਾਨ ਅਤੇ ਸ਼੍ਰੀ ਚਮਕੌਰ ਸਾਹਿਬ ਦੇ ਵਿਧਾਇਕ ਡਾ. ਚਰਨਜੀਤ ਸਿੰਘ ਖਾਸ ਤੌਰ 'ਤੇ ਮੌਜੂਦ ਰਹੇ। ਉਨ੍ਹਾਂ ਨੇ ਨਵੇਂ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਦੇ ਹੋਏ ਖਰੜ ਇਲਾਕੇ ਦੇ ਵਿਕਾਸ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ।ਇਸ ਮੌਕੇ ਵਿਧਾਇਕ ਅਨਮੋਲ ਗਗਨ ਮਾਨ ਨੇ ਕਿਹਾ ਕਿ ਦੂਜੀਆਂ ਪਾਰਟੀਆਂ ਨੂੰ ਮਾੜੀ ਰਾਜਨੀਤੀ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਵਿਰੋਧੀਆਂ ਖ਼ਿਲਾਫ਼ ਅਜਿਹਾ ਇੱਕ ਵੀ ਪਰਚਾ ਦਰਜ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਵਿਰੋਧੀ ਜਿੰਨਾ ਮਰਜ਼ੀ ਜ਼ੋਰ ਲਗਾ ਲੈਣ, ਪਰ ਮਾਸਟਰ ਦਾ ਮੁੰਡਾ ਭਗਵੰਤ ਮਾਨ ਫਿਰ ਤੋਂ ਮੁੱਖ ਮੰਤਰੀ ਬਣਨ ਜਾ ਰਿਹਾ ਹੈ।ਇਸ ਮੌਕੇ ਬਲਾਕ ਖਰੜ ਦੇ ਅਧਿਕਾਰੀ ਵੀ ਮੌਜੂਦ ਰਹੇ, ਜਿਨ੍ਹਾਂ ਵਿੱਚ ਮਹਿਕਮੀਤ ਸਿੰਘ (ਬੀ.ਡੀ.ਪੀ.ਓ), ਸੰਦੀਪ ਸਿੰਘ (ਜੇ.ਈ), ਵਿਕਰਮ ਸਿੰਘ (ਜੇ.ਈ), ਹਰਦੀਪ ਸਿੰਘ (ਸੈਕਟਰੀ), ਜਗਮੋਹਨ ਸਿੰਘ (ਸੈਕਟਰੀ), ਗੁਰਪ੍ਰੀਤ ਸਿੰਘ (ਸੈਕਟਰੀ) ਅਤੇ ਮਨਪ੍ਰੀਤ ਸਿੰਘ (ਟੀ.ਏ) ਸ਼ਾਮਲ ਸਨ।ਇਸ ਤੋਂ ਇਲਾਵਾ ਬਲਾਕ ਸਮਿਤੀ ਮੈਂਬਰਾਂ ਵਿੱਚ ਪਰਮਜੀਤ ਸਿੰਘ ਬੜੀ ਕਰੇਰਾ, ਜਸਪਾਲ ਕੌਰ ਸਿਓਂਕ, ਜਗਮੀਤ ਸਿੰਘ ਚੰਜੇੜੀ, ਸੁਖਵਿੰਦਰ ਕੌਰ ਮੱਛਲੀ ਕਲਾਂ ਅਤੇ ਬਲਜੀਤ ਸਿੰਘ ਚੰਡਿਆਲਾ ਵੀ ਹਾਜ਼ਰ ਰਹੇ। ਇਸ ਮੌਕੇ ਬਲਾਕ ਖਰੜ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚ ਅਤੇ ਪੰਚ ਵੀ ਵੱਡੀ ਗਿਣਤੀ ਵਿੱਚ ਮੌਜੂਦ ਰਹੇ।ਇਸ ਮੌਕੇ ਸ਼ੀਲਮ ਸੋਹੀ (ਸੀਨੀਅਰ ਆਗੂ), ਸੁਖਵਿੰਦਰ ਸਿੰਘ ਬਿੱਟੂ (ਚੇਅਰਮੈਨ ਮਾਰਕੀਟ ਕਮੇਟੀ ਖਰੜ), ਹਰੀਸ਼ ਰਾਣਾ (ਚੇਅਰਮੈਨ ਮਾਰਕੀਟ ਕਮੇਟੀ ਕੁਰਾਲੀ), ਵਿਕਾਸ ਮੋਹਨ (ਪੀ.ਏ. ਟੂ ਵਿਧਾਇਕ ਅਨਮੋਲ ਗਗਨ ਮਾਨ), ਨਵਦੀਪ ਸਿੰਘ (ਸੰਗਠਨ ਇੰਚਾਰਜ), ਬਲਜੀਤ ਸਿੰਘ (ਮੀਡੀਆ ਇੰਚਾਰਜ), ਹਰਪ੍ਰੀਤ ਕੌਰ (ਹਲਕਾ ਕੋਆਰਡੀਨੇਟਰ), ਜਗਤਾਰ ਸਿੰਘ ਘੜੂੰਆਂ (ਪੀ.ਏ. ਟੂ ਡਾ. ਚਰਨਜੀਤ ਸਿੰਘ), ਰਾਜਵੀਰ ਸਿੰਘ ਰਾਜੀ, ਬਲਾਕ ਪ੍ਰਧਾਨ ਮਨਦੀਪ ਸਿੰਘ, ਅਮਨ, ਸੰਜੀਵ ਰਾਣਾ ਅਤੇ ਦਲਜੀਤ ਸਿੰਘ, ਨਵਦੀਪ ਸਿੰਘ ਟੋਨੀ (ਪ੍ਰਧਾਨ ਸ਼ਹਿਰੀ), ਹਰਿੰਦਰ ਸਿੰਘ (ਹਲਕਾ ਕੋਆਰਡੀਨੇਟਰ), ਦਿਲਬਾਗ ਸਿੰਘ (ਬਲਾਕ ਸਮਿਤੀ ਮੈਂਬਰ ਅਤੇ ਐਮਐਲਏ ਦਫ਼ਤਰ ਇੰਚਾਰਜ), ਹਰਮੇਸ਼ ਮੇਸ਼ੀ, ਗੋਲਡੀ ਸਰਪੰਚ ਘੜੂੰਆਂ, ਰਾਮ ਸਰੂਪ (ਕੌਂਸਲਰ), ਗੋਬਿੰਦਰ ਸਿੰਘ ਚੀਮਾ (ਕੌਂਸਲਰ), ਜਸਵੀਰ ਸਿੰਘ (ਕੌਂਸਲਰ), ਮੰਗਾ ਰਾਣਾ ਤਿਓੜ, ਮਨਦੀਪ ਸਿੰਘ (ਐੱਸ.ਸੀ. ਵਿੰਗ ਜ਼ਿਲ੍ਹਾ ਇੰਚਾਰਜ) ਅਤੇ ਗੁਰਦੀਪ ਕੌਰ (ਸੀਨੀਅਰ ਮੀਤ ਪ੍ਰਧਾਨ, ਨਗਰ ਕੌਂਸਲ ਖਰੜ) ਸਮੇਤ ਕਈ ਹੋਰ ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਮੌਜੂਦ ਸਨ।

# ਆਰਬੀਯੂ ਵਿਖੇ ਵਿਸਾਖੀ ਦੇ ਜਸ਼ਨ ਰਵਾਇਤੀ ਉਤਸ਼ਾਹ ਨਾਲ ਮਨਾਏ




ਕੁਰਾਲੀ, 15 ਅਪ੍ਰੈਲ (ਰਜਨੀਕਾਂਤ ਗਰੋਵਰ) : ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਵਿਸਾਖੀ ਦੇ ਪਾਵਨ ਮੌਕੇ ਨੂੰ ਰੰਗ-ਬਿਰੰਗੇ ਅਤੇ ਉਤਸ਼ਾਹਪੂਰਣ ਮਾਹੌਲ ਵਿੱਚ ਮਨਾਇਆ ਗਿਆ। ਯੂਨੀਵਰਸਿਟੀ ਸਕੂਲ ਆਫ਼ ਸੋਸ਼ਲ ਸਾਇੰਸਿਜ਼ ਐਂਡ ਐਜੂਕੇਸ਼ਨ ਵੱਲੋਂ "ਕ੍ਰਿਏਟਿਵ ਸੋਲਸ: ਸੈਲੀਬ੍ਰੇਟਿੰਗ ਕਲਚਰਲ ਗੋਲਜ਼-ਏ-ਫੈਸਟੀਵ ਫਿਊਜ਼ਨ" ਸਿਰਲੇਖ ਹੇਠ ਇਕ ਵਿਸ਼ੇਸ਼ ਸੱਭਿਆਚਾਰਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਵਿਦਿਆਰਥੀਆਂ ਨੇ ਵੱਡੇ ਉਤਸ਼ਾਹ ਨਾਲ ਭਾਗ ਲੈਂਦਿਆਂ ਵੱਖ-ਵੱਖ ਰਵਾਇਤੀ ਪੇਸ਼ਕਾਰੀਆਂ ਪੇਸ਼ ਕੀਤੀਆਂ। ਲੱਦਾਖੀ ਅਤੇ ਰਾਜਸਥਾਨੀ ਲੋਕ ਨਾਚਾਂ ਦੇ ਨਾਲ-ਨਾਲ ਜੋਸ਼ੀਲੇ ਗਿੱਧਾ ਅਤੇ ਭੰਗੜੇ ਨੇ ਸਮਾਗਮ ਨੂੰ ਰੰਗੀਨ ਬਣਾ ਦਿੱਤਾ। ਇਨ੍ਹਾਂ ਪ੍ਰਦਰਸ਼ਨਾਂ ਨੇ ਭਾਰਤ ਦੀ ਅਮੀਰ ਸੱਭਿਆਚਾਰਕ ਵਿਭਿੰਨਤਾ ਨੂੰ ਉਜਾਗਰ ਕਰਦਿਆਂ ਆਪਣੀ ਜੀਵੰਤਤਾ ਅਤੇ ਨਜ਼ਾਕਤ ਨਾਲ ਦਰਸ਼ਕਾਂ ਨੂੰ ਮੋਹ ਲਿਆ। ਰਵਾਇਤੀ ਪਹਿਰਾਵੇ ਵਿੱਚ ਸਜੇ ਵਿਦਿਆਰਥੀਆਂ ਨੇ ਤਿਉਹਾਰੀ ਮਾਹੌਲ ਨੂੰ ਹੋਰ ਵੀ ਰੌਣਕਮਈ ਬਣਾ ਦਿੱਤਾ ਅਤੇ ਆਡੀਟੋਰੀਅਮ ਨੂੰ ਵਿਰਾਸਤ ਅਤੇ ਏਕਤਾ ਦੇ ਜਸ਼ਨ ਵਿੱਚ ਤਬਦੀਲ ਕਰ ਦਿੱਤਾ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਇੰਦਰਪ੍ਰੀਤ ਕੌਰ (ਡੀਨ) ਨੇ ਸੱਭਿਆਚਾਰਕ ਮੁੱਲਾਂ ਦੀ ਸੰਭਾਲ ਅਤੇ ਅਜਿਹੇ ਸਮਾਗਮਾਂ ਰਾਹੀਂ ਸਮਾਵੇਸ਼ੀ ਸੋਚ ਨੂੰ ਪ੍ਰੋਤਸਾਹਿਤ ਕਰਨ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਸਮਾਗਮ ਦਾ ਸਮਾਪਨ ਪ੍ਰੋ. (ਡਾ.) ਐਸ. ਕੇ. ਬਾਂਸਲ, ਪ੍ਰੋ ਵਾਈਸ-ਚਾਂਸਲਰ ਵੱਲੋਂ ਭਾਗੀਦਾਰਾਂ ਨੂੰ ਇਨਾਮ ਵੰਡ ਕੇ ਕੀਤਾ ਗਿਆ।ਉਨ੍ਹਾਂ ਨੇ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਉਨਾਂ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਰਿਆਤ ਬਾਹਰਾ ਗਰੁੱਪ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਵਿਦਿਆਰਥੀਆਂ ਸਮੇਤ ਸਮੂਹ ਦੇਸਵਾਸੀਆਂ ਨੂੰ ਵਿਸਾਖੀ ਦੀਆਂ ਹਾਰਦਿਕ ਵਧਾਈਆਂ ਦਿੱਤੀਆਂ। ਇਹ ਜਸ਼ਨ ਨਾ ਸਿਰਫ ਸ਼ਾਨਦਾਰ ਪ੍ਰਦਰਸ਼ਨ ਦਾ ਪ੍ਰਤੀਕ ਬਣਿਆ, ਬਲਕਿ ਵਿਦਿਆਰਥੀਆਂ ਵਿੱਚ ਏਕਤਾ, ਸਾਂਝ ਅਤੇ ਸੱਭਿਆਚਾਰਕ ਮਾਣ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਨ ਵਿੱਚ ਸਫਲ ਰਿਹਾ।

# ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਨੇ ਕਣਕ ਦੀ ਖਰੀਦ ਨਾ ਹੋਣ ਕਾਰਨ ਲਗਾਏ ਧਰਨੇ



ਮੁੱਲਾਂਪੁਰ ਗਰੀਬਦਾਸ, 15 ਅਪ੍ਰੈਲ (ਸਰਬਜੀਤ ਸਿੰਘ) : ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਪੰਜਾਬ ਭਰ ਦੇ ਵਿੱਚ ਕਣਕ ਦੀ ਖਰੀਦ ਨੂੰ ਲੈ ਕੇ ਡੀ ਐਫ ਐਸ ਸੀ ਦਫਤਰਾਂ ਮੂਹਰੇ ਧਰਨਾ ਲਾ ਕੇ ਕਣਕ ਦੀ ਖਰੀਦ ਨੂੰ ਯਕੀਨੀ ਬਣਾਉਣ ਲਈ ਅਤੇ ਕਿਸਾਨਾਂ ਦੇ ਨਾਂ ਜੇ ਫਾਰਮ ਕੱਟ ਕੇ ਉਹਨਾਂ ਦੇ ਖਾਤਿਆਂ ਵਿੱਚ ਪੈਸੇ ਪਾਉਣ ਦੀ ਮੰਗ ਕੀਤੀ ਗਈ ਉਹਦੇ ਤਹਿਤ ਅੱਜ ਜ਼ਿਲ੍ਹਾ ਮੋਹਾਲੀ ਦੇ ਡੀ ਐਫ ਐਸ ਸੀ ਦਫਤਰ ਮੂਹਰੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਜ਼ਿਲ੍ਹਾ ਕਨਵੀਨਰ ਜਸਵਿੰਦਰ ਸਿੰਘ ਟਿਵਾਣਾ ਦੀ ਅਗਵਾਈ ਦੇ ਵਿੱਚ ਧਰਨਾ ਲਗਾਇਆ ਗਿਆ। ਧਰਨੇ ਦੇ ਵਿੱਚ ਵੱਖ-ਵੱਖ ਬਲਾਕਾਂ ਤੋਂ ਪਿੰਡਾਂ ਤੋਂ ਆਗੂ ਸਾਹਿਬਾਨ ਅਤੇ ਵਰਕਰ ਸਾਹਿਬਾਨ ਪਹੁੰਚੇ ਜਿੱਥੇ ਡੀ ਐਫ ਐਸ ਸੀ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੇ ਵਿੱਚ ਵਿਸ਼ਵਾਸ ਦਿਵਾਇਆ ਗਿਆ ਕਿ ਅੱਜ ਤੋਂ ਹੀ ਜਿਨ੍ਹਾਂ ਕਿਸਾਨਾਂ ਦੇ ਹਾਲੇ ਤੱਕ ਬਿਲ ਨਹੀਂ ਕੱਟੇ ਗਏ। ਉਹਨਾਂ ਦੇ ਅੱਜ ਤੋਂ ਹੀ ਬਿਲ ਕੱਟ ਗਏ। ਉਹਨਾਂ ਦੇ ਅਕਾਊਂਟਾਂ ਦੇ ਵਿੱਚ ਪੈਸੇ ਪਾਏ ਜਾਣਗੇ ਅਤੇ ਜਿੱਥੇ ਕਿਤੇ ਕੋਈ ਵੀ ਮੰਡੀ ਦੇ ਵਿੱਚ ਕਣਕ ਖਰੀਦਣ ਨੂੰ ਰਹਿੰਦੀ ਹੈ ਉਸ ਦੀ ਖਰੀਦ ਕੀਤੀ ਮੀਟਿੰਗ ਦੇ ਵਿੱਚ ਵਿਸ਼ਵਾਸ ਦੀਵਾਨ ਤੋਂ ਬਾਅਦ ਧਰਨੇ ਦੀ ਸਮਾਪਤੀ ਕੀਤੀ ਗਈ ਅਤੇ ਜਸਵਿੰਦਰ ਸਿੰਘ ਟਿਵਾਣਾ ਨੇ ਬੋਲਦੇ ਹੋਏ ਕਿਹਾ ਜੇਕਰ ਸਰਕਾਰੀ ਏਜੰਸੀਆਂ ਨੇ ਕਣਕ ਦੀ ਖਰੀਦ ਦੇ ਵਿੱਚ ਕੋਈ ਕੁਤਾਹੀ ਕੀਤੀ ਗਈ ਤਾਂ ਜਥੇਬੰਦੀ ਵੱਲੋਂ ਸਖਤ ਐਕਸ਼ਨ ਲਿਆ ਜਾਵੇਗਾ ਧਰਨੇ ਦੇ ਵਿੱਚ ਸ਼ਾਮਿਲ ਡੇਰਾ ਬਸੀ ਦੇ ਕਾਰਜਕਾਰੀ ਪ੍ਰਧਾਨ ਜਸਪਾਲ ਸਿੰਘ ਭਾਂਖਰਪੁਰ ਪ੍ਰੇਮ ਸਿੰਘ ਰਾਣਾ ਹਰੀ ਸਿੰਘ ਦੱਪਰ ਜਸਵੰਤ ਸਿੰਘ ਆਲਮਗੀਰ ਗਿਆਨ ਸਿੰਘ ਧੜਾਕ ਜੱਸੀ ਗਿੱਲ ਘੜੂਆ ਸੁਰਮਖ ਸਿੰਘ ਛੱਜੂ ਮਾਜਰਾ ਪ੍ਰੇਮ ਸਿੰਘ ਕਰਨੈਲ ਸਿੰਘ ਟਿੱਕਾ ਸਿੰਘ ਕੁਲਵਿੰਦਰ ਸਿੰਘ ਬਲਦੇਵ ਸਿੰਘ ਮੀਆਪੁਰ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਮੌਜੂਦ ਸਨ

# ਧਰਮ ਤਬਦੀਲੀ ਦੇ ਮੁੱਦੇ 'ਤੇ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਤੇ ਭਾਜਪਾ ਆਹਮੋ-ਸਾਹਮਣੇ

ਅੰਮ੍ਰਿਤਸਰ, 15 ਅਪ੍ਰੈਲ (ਚ.ਨ.ਸ.): ਖਾਲਸਾ ਸਾਜਨਾ ਦਿਵਸ (ਵਿਸਾਖੀ) ਦੇ ਪਵਿੱਤਰ ਦਿਹਾੜੇ 'ਤੇ ਪੰਜਾਬ ਵਿੱਚ ਧਰਮ ਤਬਦੀਲੀ ਦੇ ਮੁੱਦੇ ਨੂੰ ਲੈ ਕੇ ਇੱਕ ਨਵਾਂ ਵਿਵਾਦ ਖੜ੍ਹਾ ਹੋ ਗਿਆ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪੰਜਾਬ ਵਿੱਚ ਵੱਡੇ ਪੱਧਰ 'ਤੇ ਹੋ ਰਹੀਆਂ ਕਥਿਤ ਧਰਮ ਤਬਦੀਲੀਆਂ ਦੇ ਦਾਅਵਿਆਂ ਨੂੰ 'ਪੂਰੀ ਤਰ੍ਹਾਂ ਝੂਠਾ' ਕਰਾਰ ਦਿੱਤੇ ਜਾਣ ਤੋਂ ਬਾਅਦ ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਇਸ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਭਾਜਪਾ ਨੇ ਜਥੇਦਾਰ 'ਤੇ ਇਸ ਗੰਭੀਰ ਮੁੱਦੇ ਨੂੰ ਹਲਕੇ ਵਿੱਚ ਲੈਣ ਅਤੇ ਸਿਆਸੀ ਪੱਖ ਪੂਰਨ ਦੇ ਦੋਸ਼ ਲਗਾਏ ਹਨ। ਵਿਸਾਖੀ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਪ੍ਰਚਾਰ ਬਿਲਕੁਲ ਗਲਤ ਹੈ ਕਿ ਸਿੱਖ ਵੱਡੀ ਗਿਣਤੀ ਵਿੱਚ ਦੂਜੇ ਧਰਮਾਂ ਵੱਲ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇੱਕ ਸੱਚਾ ਸਿੱਖ ਆਪਣੇ ਧਰਮ ਪ੍ਰਤੀ ਹਮੇਸ਼ਾ ਦ੍ਰਿੜ੍ਹ ਰਹਿੰਦਾ ਹੈ ਅਤੇ ਆਪਣੇ ਵਿਸ਼ਵਾਸ ਲਈ ਜਾਨ ਦੀ ਕੁਰਬਾਨੀ ਦੇਣ ਤੋਂ ਵੀ ਪਿੱਛੇ ਨਹੀਂ ਹਟਦਾ। ਜਥੇਦਾਰ ਨੇ ਸਪੱਸ਼ਟ ਕੀਤਾ ਕਿ ਜਿਹੜੇ ਕੁਝ ਲੋਕ ਭਟਕ ਕੇ ਦੂਜੇ ਧਰਮਾਂ ਵੱਲ ਜਾ ਰਹੇ ਹਨ, ਉਹ ਸਿੱਖ ਸਿੱਖਿਆਵਾਂ ਦੀ ਘਾਟ, ਵਹਿਮਾਂ-ਭਰਮਾਂ ਅਤੇ 'ਪਖੰਡੀਆਂ' ਦੇ ਚੁੰਗਲ ਵਿੱਚ ਫਸਣ ਕਾਰਨ ਅਜਿਹਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕੁਝ ਗਿਣਤੀ ਦੇ ਲੋਕਾਂ ਦੀਆਂ ਗਲਤੀਆਂ ਲਈ ਪੂਰੀ ਕੌਮ ਨੂੰ ਦੋਸ਼ੀ ਠਹਿਰਾਉਣਾ ਗਲਤ ਹੈ। ਜਥੇਦਾਰ ਨੇ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਉਹ ਸਿੱਖੀ ਸਿਧਾਂਤਾਂ ਦੇ ਪ੍ਰਚਾਰ ਅਤੇ ਪਸਾਰ ਨੂੰ ਤੇਜ਼ ਕਰਨ ਅਤੇ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਚਲਾਈ ਗਈ 'ਖੰਡੇ ਬਾਟੇ ਦੀ ਪਾਹੁਲ' ਦੀ ਮਰਿਆਦਾ ਨੂੰ ਅਪਨਾ ਕੇ ਆਪਣੀ ਵੱਖਰੀ ਪਛਾਣ ਬਰਕਰਾਰ ਰੱਖਣ। ਦੂਜੇ ਪਾਸੇ, ਭਾਜਪਾ ਪੰਜਾਬ ਦੇ ਬੁਲਾਰੇ ਪ੍ਰੋ. ਸਰਚੰਦ ਸਿੰਘ ਖਿਆਲਾ ਨੇ ਜਥੇਦਾਰ ਦੇ ਬਿਆਨ ਦੀ ਸਖ਼ਤ ਨਿਖੇਧੀ ਕੀਤੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਜਥੇਦਾਰ ਗੜਗੱਜ ਇੱਕ ਨਿਰਪੱਖ ਧਾਰਮਿਕ ਆਗੂ ਦੀ ਬਜਾਏ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਬੁਲਾਰੇ ਵਜੋਂ ਕੰਮ ਕਰ ਰਹੇ ਹਨ। ਭਾਜਪਾ ਆਗੂ ਨੇ ਕਿਹਾ ਕਿ ਇਹ ਬਹੁਤ ਚਿੰਤਾ ਦਾ ਵਿਸ਼ਾ ਹੈ ਕਿ ਜਦੋਂ ਪੂਰੀ ਸਿੱਖ ਕੌਮ ਅਤੇ ਦੇਸ਼ ਦੀ ਲੀਡਰਸ਼ਿਪ ਪੰਜਾਬ ਵਿੱਚ ਹੋ ਰਹੀਆਂ ਗੈਰ-ਕਾਨੂੰਨੀ ਧਰਮ ਤਬਦੀਲੀਆਂ 'ਤੇ ਚਿੰਤਾ ਜਤਾ ਰਹੀ ਹੈ, ਤਾਂ ਜਥੇਦਾਰ ਇਸ ਮੁੱਦੇ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਪ੍ਰੋ. ਸਰਚਾਂਦ ਸਿੰਘ ਨੇ ਦਾਅਵਾ ਕੀਤਾ ਕਿ ਪਿਛਲੇ ਇੱਕ ਦਹਾਕੇ ਵਿੱਚ ਪੰਜਾਬ ਵਿੱਚ ਇਸਾਈ ਆਬਾਦੀ ਵਿੱਚ ਭਾਰੀ ਵਾਧਾ ਹੋਇਆ ਹੈ, ਜੋ ਕਿ 1.3% ਤੋਂ ਵਧ ਕੇ ਲਗਭਗ 15-16% ਤੱਕ ਪਹੁੰਚਣ ਦਾ ਅੰਦਾਜ਼ਾ ਹੈ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਧਰਮ ਤਬਦੀਲੀ ਕੋਈ ਮੁੱਦਾ ਨਹੀਂ ਹੈ, ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸੈਂਕੜੇ ਪ੍ਰਚਾਰਕਾਂ ਨੂੰ ਪਿੰਡਾਂ ਵਿੱਚ ਕਿਉਂ ਭੇਜ ਰਹੀ ਹੈ ?ਉਨ੍ਹਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਉਸ ਬਿਆਨ ਦਾ ਵੀ ਹਵਾਲਾ ਦਿੱਤਾ, ਜਿਸ ਵਿੱਚ ਉਨ੍ਹਾਂ ਨੇ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ 'ਤੇ ਧਰਮ ਤਬਦੀਲੀ ਵਿਰੋਧੀ ਕਾਨੂੰਨ ਲਿਆਉਣ ਦਾ ਵਾਅਦਾ ਕੀਤਾ ਸੀ।